ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 128
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 10 May, 2026) ਐਤਵਾਰ, 10 ਮਈ, 2026, 27 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਭਾਰਤ ਵੱਲੋਂ ਅਗਨੀ ਮਿਜ਼ਾਈਲ ਦੇ ਆਧੁਨਿਕ ਰੂਪ ਦਾ ਸਫ਼ਲ ਪ੍ਰੀਖਣ

ਨਵੀਂ ਦਿੱਲੀ, 9 ਮਈ (ਚ.ਨ.ਸ.): ਭਾਰਤ ਨੇ ਓਡੀਸ਼ਾ ਦੇ ਤੱਟ ਤੋਂ 'ਮਲਟੀਪਲ ਇੰਡੀਪੈਂਡੈਂਟਲੀ ਟਾਰਗੇਟੇਬਲ ਰੀ-ਐਂਟਰੀ ਵ੍ਹੀਕਲ' (ਐੱਮ.ਆਈ.ਆਰ.ਵੀ.) ਤਕਨੀਕ ਨਾਲ ਲੈਸ ਇੱਕ ਆਧੁਨਿਕ ਅਗਨੀ ਮਿਜ਼ਾਈਲ ਦਾ ਸਫਲ ਉਡਾਣ ਪਰੀਖਣ ਕੀਤਾ ਹੈ। ਐੱਮ.ਆਈ.ਆਰ.ਵੀ. ਦੀ ਵਿਸ਼ੇਸ਼ਤਾ ਇਹ ਯਕੀਨੀ ਬਣਾਉਂਦੀ ਹੈ ਕਿ ਇੱਕੋ ਮਿਜ਼ਾਈਲ ਵੱਖ-ਵੱਖ ਥਾਵਾਂ 'ਤੇ ਕਈ ਹਥਿਆਰ (ਵਾਰਹੈੱਡ) ਤਾਇਨਾਤ ਕਰ ਸਕਦੀ ਹੈ। ਰੱਖਿਆ ਮੰਤਰਾਲੇ ਦੇ ਅਨੁਸਾਰ, ਇਸ ਮਿਜ਼ਾਈਲ ਪ੍ਰਣਾਲੀ ਦਾ ਪ੍ਰੀਖਣ ਸ਼ੁੱਕਰਵਾਰ ਨੂੰ ਕੀਤਾ ਗਿਆ ਸੀ।



# ਕੈਬਨਿਟ ਮੰਤਰੀ ਸੰਜੀਵ ਅਰੋੜਾ ਚੰਡੀਗੜ੍ਹ ਤੋਂ ਗ੍ਰਿਫ਼ਤਾਰ, ਈ.ਡੀ. ਦਿੱਲੀ ਲੈ ਕੇ ਰਵਾਨਾ

## 100 ਕਰੋੜ ਦੇ ਮਨੀ ਲਾਂਡਰਿੰਗ ਮਾਮਲੇ 'ਚ ਘਿਰੇ ਮੰਤਰੀ





ਚੰਡੀਗੜ੍ਹ, 9 ਮਈ (ਚ.ਨ.ਸ.): ਪੰਜਾਬ ਦੇ ਬਿਜਲੀ, ਉਦਯੋਗ, ਨਿਵੇਸ਼ ਪ੍ਰੋਤਸਾਹਨ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਸੰਜੀਵ ਅਰੋੜਾ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੇ ਅਧਿਕਾਰੀਆਂ ਨੇ ਚੰਡੀਗੜ੍ਹ ਦੇ ਆਲੀਸ਼ਾਨ ਸੈਕਟਰ 2 ਸਥਿਤ ਉਨ੍ਹਾਂ ਦੀ ਸਰਕਾਰੀ ਰਿਹਾਇਸ਼ 'ਤੇ ਕਈ ਘੰਟੇ ਚੱਲੀ ਤਲਾਸ਼ੀ ਮੁਹਿੰਮ ਤੋਂ ਬਾਅਦ ਗ੍ਰਿਫਤਾਰ ਕਰ ਲਿਆ।ਇਸ ਤੋਂ ਬਾਅਦ ਏਜੰਸੀ ਮੰਤਰੀ ਨੂੰ ਲੈ ਕੇ ਦਿੱਲੀ ਰਵਾਨਾ ਹੋ ਗਈ, ਜਿਥੇ ਇਸ ਮਾਮਲੇ ਦੀ ਅਗਲੀ ਜਾਂਚ ਕੀਤੀ ਜਾਵੇਗੀ। ਦੂਜੇ ਪਾਸੇ ਇਹ ਵੀ ਪਤਾ ਲੱਗਾ ਹੈ ਕਿ ਮੰਤਰੀ ਦੇ ਨਾਲ ਉਨ੍ਹਾਂ ਦੇ ਇੱਕ ਅਤਿ ਭਰੋਸੇਯੋਗ ਵਿਅਕਤੀ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਭਾਵੇਂ ਕਿ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਨੇ ਅਰੋੜਾ ਦੇ ਹੱਕ ਵਿੱਚ ਟਵੀਟ ਕੀਤੇ, ਪਰ ਈ.ਡੀ. ਨੇ ਕਿਹਾ ਹੈ ਕਿ ਉਨ੍ਹਾਂ ਨੂੰ ਮਨੀ ਲਾਂਡਰਿੰਗ ਨਾਲ ਸਬੰਧਤ ਇੱਕ ਮਾਮਲੇ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ। ਅਰੋੜਾ ਨੂੰ ਭਗਵੰਤ ਮਾਨ ਕੈਬਨਿਟ ਵਿੱਚ ਸਭ ਤੋਂ ਸ਼ਕਤੀਸ਼ਾਲੀ ਮੰਤਰੀ ਮੰਨਿਆ ਜਾਂਦਾ ਹੈ ਅਤੇ ਉਹ 'ਆਪ' ਸਰਕਾਰ ਅਤੇ ਰਾਜ ਦੇ ਉਦਯੋਗਪਤੀਆਂ ਵਿਚਕਾਰ ਸਬੰਧ ਬਣਾਉਣ ਲਈ ਵੱਡੇ ਪੱਧਰ 'ਤੇ ਅੱਗੇ ਆਏ ਸਨ।

ਈ.ਡੀ. ਦੇ ਅਧਿਕਾਰੀ ਸਵੇਰੇ ਤੜਕਸਾਰ ਅਰੋੜਾ ਦੀ ਚੰਡੀਗੜ੍ਹ ਸਥਿਤ ਰਿਹਾਇਸ਼ 'ਤੇ ਪਹੁੰਚੇ ਸਨ। ਈ.ਡੀ. ਦੇ ਕਰੀਬ 20 ਅਧਿਕਾਰੀ ਅੱਠ ਗੱਡੀਆਂ ਵਿੱਚ ਆਏ ਸਨ। 'ਆਪ' ਆਗੂ 'ਤੇ ਇਹ ਤੀਜੀ ਤਲਾਸ਼ੀ ਹੈ ਜਦਕਿ ਇੱਕ ਤਲਾਸ਼ੀ ਮੁਹਿੰਮ ਇੱਕ ਮਹੀਨੇ ਤੋਂ ਵੀ ਘੱਟ ਸਮਾਂ ਪਹਿਲਾਂ ਚਲਾਈ ਗਈ ਸੀ। ਈ.ਡੀ. ਦੇ ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਦਿੱਲੀ, ਗੁਰੂਗ੍ਰਾਮ ਅਤੇ ਚੰਡੀਗੜ੍ਹ ਵਿੱਚ ਪੰਜ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ, ਜਿਸ ਵਿੱਚ ਅਰੋੜਾ ਦੇ ਪਰਿਵਾਰ ਦੁਆਰਾ ਪ੍ਰਮੋਟ ਕੀਤੀ ਗਈ ਕੰਪਨੀ ਹੈਂਪਟਨ ਸਕਾਈ ਰਿਐਲਿਟੀ ਲਿਮਟਿਡ ਦੇ ਦਫਤਰ ਅਤੇ ਸੰਜੀਵ ਅਰੋੜਾ ਦਾ ਘਰ ਸ਼ਾਮਲ ਹੈ।

ਈ.ਡੀ. ਦੇ ਅਧਿਕਾਰੀ ਨੇ ਕਿਹਾ, 'ਈ.ਡੀ. ਨੇ ਸੰਜੀਵ ਅਰੋੜਾ ਵੱਲੋਂ ਆਪਣੀ ਕੰਪਨੀ ਰਾਹੀਂ 100 ਕਰੋੜ ਰੁਪਏ ਤੋਂ ਵੱਧ ਦੇ ਮੋਬਾਈਲ ਫੋਨਾਂ ਦੀਆਂ ਫਰਜ਼ੀ ਜੀ.ਐਸ.ਟੀ. ਖਰੀਦਾਂ ਅਤੇ ਦੁਬਈ ਤੋਂ ਭਾਰਤ ਵਿੱਚ ਨਜਾਇਜ਼ ਫੰਡਾਂ ਨੂੰ ਵਾਪਸ ਲਿਆਉਣ (ਰਾਊਂਡ ਟ੍ਰਿਪਿੰਗ) ਲਈ ਕੀਤੇ ਗਏ ਵੱਡੇ ਪੱਧਰ ਦੇ ਮਨੀ (ਬਾਕੀ ਸਫਾ 11 'ਤੇ)

## ਮੁੱਖ ਮੰਤਰੀ ਦੀ 4 ਰੋਜ਼ਾ 'ਸ਼ੁਕਰਾਨਾ ਯਾਤਰਾ' ਸਮਾਪਤ

# ਨਵੇਂ ਸੋਧ ਕਾਨੂੰਨ ਕਾਰਨ ਸੂਬੇ 'ਚ ਮੁੜ ਕੋਈ ਬੇਅਦਬੀ ਕਰਨ ਦੀ ਹਿੰਮਤ ਨਹੀਂ ਕਰੇਗਾ: ਮਾਨ



### 'ਪੰਜਾਬ 'ਚ ਕਦੇ ਵੀ ਨ.ਫਰਤ ਦਾ ਬੀਜ ਨਹੀਂ ਪੁੰਗਰ ਸਕਦਾ'

ਸੰਗਰੂਰ/ਪਟਿਆਲਾ/ਸ੍ਰੀ ਫਤਹਿਗੜ੍ਹ ਸਾਹਿਬ, 10 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ, ਹਰਕੰਵਲ ਸਿੰਘ ਹੈਪੀ,ਨਰਿੰਦਰ ਸਿੰਘ): ਬੇਅਦਬੀ ਦੀਆਂ ਘਟਨਾਵਾਂ ਵਿਰੁੱਧ ਸਖਤੀ ਨਾਲ ਨਿਪਟਣ ਅਤੇ ਪੰਜਾਬ ਵਿੱਚ ਫਿਰਕੂ ਸਦਭਾਵਨਾ ਵਾਲਾ ਮਾਹੌਲ ਮਹਿਫੂਜ਼ ਰੱਖਣ ਲਈ ਆਪਣੇ ਦ੍ਰਿੜ੍ਹ ਸੰਕਲਪ ਨੂੰ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚਾਰ ਰੋਜ਼ਾ 'ਸ਼ੁਕਰਾਨਾ ਯਾਤਰਾ' ਦੌਰਾਨ ਪਿਆਰ, ਸਨੇਹ ਅਤੇ ਅਪਣੱਤ ਦਿਖਾਉਣ ਲਈ ਪੰਜਾਬ ਦੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ। 6 ਮਈ ਨੂੰ ਖਾਲਸੇ ਦੀ ਜਨਮ ਭੂਮੀ ਤੋਂ ਸ਼ੁਰੂ ਹੋਈ 'ਸ਼ੁਕਰਾਨਾ ਯਾਤਰਾ' ਅੱਜ ਪਵਿੱਤਰ ਨਗਰੀ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਸਮਾਪਤ ਹੋਈ।

ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਤੋਂ ਬਾਅਦ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਫਤਿਹਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਪੰਜਾਬੀਆਂ ਨੂੰ ਜਬਰ-ਜ਼ੁਲਮ ਵਿਰੁੱਧ ਲੜਨ ਲਈ ਪ੍ਰੇਰਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਯਾਤਰਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਸ਼ੁਰੂ ਹੋਈ ਸੀ। ਦੂਜੇ ਦਿਨ ਯਾਤਰਾ ਦੌਰਾਨ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਮੱਥਾ ਟੇਕਿਆ, ਉਸ ਤੋਂ ਬਾਅਦ ਤੀਜੇ ਦਿਨ ਤਖ਼ਤ ਸ੍ਰੀ ਦਮਦਮਾ ਸਾਹਿਬ ਅਤੇ ਗੁਰਦੁਆਰਾ ਮਸਤੂਆਣਾ ਸਾਹਿਬ ਵਿਖੇ ਮੱਥਾ ਟੇਕਿਆ। ਉਨ੍ਹਾਂ ਅੱਗੇ ਕਿਹਾ ਕਿ ਅੱਜ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਅਤੇ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ (ਬਾਕੀ ਸਫਾ 11 'ਤੇ)

## ਸਰਕਾਰੀ ਏਜੰਸੀਆਂ ਨੂੰ ਸਿਆਸਤ ਲਈ ਵਰਤ ਰਹੀ ਹੈ ਭਾਜਪਾ: ਮਾਨ

ਚੰਡੀਗੜ੍ਹ, 9 ਮਈ (ਚ.ਨ.ਸ.): ਮੁੱਖ ਮੰਤਰੀ ਭਗਵੰਤ ਮਾਨ ਨੇ ਮੰਤਰੀ ਸੰਜੀਵ ਅਰੋੜਾ ਦੇ ਘਰ ਈ.ਡੀ. ਦੀ ਰੇਡ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਈ.ਡੀ. ਦੀ ਵਰਤੋਂ ਰਾਜਨੀਤਕ ਉਦੇਸ਼ਾਂ ਲਈ ਕਰ ਰਹੀ ਹੈ। ਈ.ਡੀ., ਸੀ.ਬੀ.ਆਈ., ਇਨਕਮ ਟੈਕਸ ਤੇ ਚੋਣ ਕਮਿਸ਼ਨ ਬੀ.ਜੇ.ਪੀ. ਦੇ ਹਥਿਆਰ ਹਨ। ਬੀ.ਜੇ.ਪੀ. ਆਪਣੀ ਰਾਜਨੀਤੀ ਵਾਸਤੇ ਇਨ੍ਹਾਂ ਦਾ ਇਸਤੇਮਾਲ ਕਰਦੀ ਆ ਰਹੀ। ਈ.ਡੀ. ਦੀ ਰੇਡ ਦਾ ਮਕਸਦ ਬੀ.ਜੇ.ਪੀ. ਜੁਆਇੰਨ ਕਰਵਾਉਣਾ ਹੁੰਦਾ ਹੈ। ਖਰੜ ਰੇਡ ਬਾਰੇ ਬੋਲਦਿਆਂ ਸੀ.ਐਮ. ਭਗਵੰਤ ਮਾਨ ਨੇ ਕਿਹਾ ਕਿ ਦੋ ਦਿਨ ਪਹਿਲਾਂ ਇਕ ਕਾਰੋਬਾਰੀ 'ਤੇ ਈ.ਡੀ. ਦੀ ਰੇਡ ਹੋਈ। ਮੰਤਰੀ ਅਮਨ ਅਰੋੜਾ ਦਾ ਨਾਮ ਰੇਡ ਨਾਲ ਜੋੜਿਆ ਗਿਆ ਸੀ। ਅਮਨ ਅਰੋੜਾ ਦੀਆਂ ਕਈ ਲੋਕਾਂ ਨਾਲ ਤਸਵੀਰਾਂ ਹਨ। ਮੇਰੀਆਂ ਕਈ ਲੋਕਾਂ ਨਾਲ ਤਸਵੀਰਾਂ ਹਨ ਤਾਂ ਕੀ ਅਸੀਂ ਗੁਨਾਹਗਾਰ ਹੋ ਗਏ। ਉਨ੍ਹਾਂ ਅੱਗੇ ਕਿਹਾ ਕਿ ਬੰਗਾਲ ਵਿਚ ਭਾਜਪਾ ਦੇ ਸਹੁੰ ਚੁੱਕਣ ਤੋਂ ਪਹਿਲਾਂ ਹੀ ਪੂਰਾ ਰਾਜ ਅੱਗ ਵਿਚ ਸੜ ਰਿਹਾ ਹੈ। ਭਾਜਪਾ ਨ.ਫਰਤ ਦੀ ਰਾਜਨੀਤੀ ਕਰਦੀ ਹੈ ਪਰ ਪੰਜਾਬ ਗੁਰੂਆਂ ਦੀ ਧਰਤੀ ਹੈ, ਇਸ ਤਰ੍ਹਾਂ ਦੀ ਰਾਜਨੀਤੀ ਇਥੇ ਨਹੀਂ ਚੱਲੇਗੀ। ਮਾਨ ਨੇ ਕਿਹਾ ਕਿ ਪੰਜਾਬੀਆਂ ਨੇ ਤਿੰਨ ਕਾਲੇ ਖੇਤੀਬਾੜੀ ਕਾਨੂੰਨਾਂ ਅੱਗੇ ਕੇਂਦਰ ਨੂੰ ਝੁਕਾਇਆ ਅਤੇ ਮੋਦੀ ਜੀ ਨੇ ਇਸ ਦੀ ਮੁਆਫ਼ੀ ਵੀ ਮੰਗੀ ਸੀ, ਸ਼ਾਇਦ ਮੋਦੀ ਜੀ ਅਜੇ ਵੀ ਦਿਲ 'ਚ ਇਸ ਗੱਲ ਦਾ ਗੁੱਸਾ ਲਈ ਬੈਠੇ ਹਨ। ਕਦੇ ਉਹ ਕਹਿੰਦੇ ਹਨ ਕਿ ਉਹ ਚੰਡੀਗੜ੍ਹ ਨੂੰ ਇਕ ਵੱਖਰਾ ਕੇਂਦਰ ਸ਼ਾਸਤ ਪ੍ਰਦੇਸ਼ ਬਣਾ ਦੇਣਗੇ। (ਬਾਕੀ ਸਫਾ 11 'ਤੇ)

**'ਮੋਦੀ ਮਨ 'ਚ ਰੱਖੀਂ ਬੈਠੇ ਨੇ ਤਿੰਨ ਖੇਤੀ ਕਾਨੂੰਨਾਂ ਮੌਕੇ ਪੰਜਾਬੀਆਂ ਅੱਗੇ ਝੁਕਣ ਦਾ ਦਰਦ'**

## ਬੰਗਾਲ 'ਚ ਭਾਜਪਾ ਦੇ ਪਹਿਲੇ ਮੁੱਖ ਮੰਤਰੀ ਵਜੋਂ ਸੁਵੇਂਦੂ ਅਧਿਕਾਰੀ ਨੇ ਚੁੱਕੀ ਸਹੁੰ



ਕੋਲਕਾਤਾ, 9 ਮਈ (ਚ.ਨ.ਸ.): ਪੱਛਮੀ ਬੰਗਾਲ ਦੀ ਸਿਆਸਤ ਵਿਚ 9 ਮਈ, 2026 ਦਾ ਦਿਨ ਇਤਿਹਾਸ ਦੇ ਪੰਨਿਆ ਵਿਚ ਦਰਜ ਹੋ ਗਿਆ। ਆਜ਼ਾਦੀ ਤੋਂ ਬਾਅਦ ਪਹਿਲੀ ਵਾਰ, ਭਾਰਤੀ ਜਨਤਾ ਪਾਰਟੀ ਨੇ ਸੂਬ..... ਵਿੱਚ ਸਰਕਾਰ ਬਣਾਈ ਅਤੇ ਸੁਵੇਂਦੂ ਅਧਿਕਾਰੀ ਨੇ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਕੋਲਕਾਤਾ ਦੇ ਬ੍ਰਿਗੇਡ ਗਰਾਊਂਡ ਵਿੱਚ ਹੋਏ ਸ਼ਾਨਦਾਰ ਸਮਾਰੋਹ ਵਿੱਚ ਪ੍ਰਧਾਨ ਮੰਤਰੀ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕਈ ਸੀਨੀਅਰ ਭਾਜਪਾ ਨੇਤਾ ਮੌਜੂਦ ਸਨ। ਸਹੁੰ ਚੁੱਕਣ ਤੋਂ ਬਾਅਦ, ਸੁਵੇਂਦੂ ਅਧਿਕਾਰੀ ਨੇ ਪ੍ਰਧਾਨ ਮੰਤਰੀ ਮੋਦੀ ਕੋਲ ਜਾ ਕੇ ਉਨ੍ਹਾਂ ਦੇ ਪੈਰ ਛੂਹ ਕੇ ਆਸ਼ੀਰਵਾਦ ਲਿਆ। ਸੀਨੀਅਰ ਭਾਜਪਾ ਨੇਤਾ ਦਿਲੀਪ ਘੋਸ਼ ਸਮੇਤ ਚਾਰ ਵਿਧਾਇਕਾਂ ਨੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਦੇ ਨਾਲ ਮੰਤਰੀ ਵਜੋਂ ਸਹੁੰ ਚੁੱਕੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਅਤੇ ਪੱਛਮੀ ਬੰਗਾਲ ਸਰਕਾਰ ਦੇ ਮੰਤਰੀ ਮੰਡਲ ਦੇ ਮੈਂਬਰਾਂ ਨੂੰ ਵਧਾਈ ਦਿੱਤੀ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੇ ਪੱਛਮੀ ਬੰਗਾਲ ਦੇ ਸਭ ਤੋਂ ਸੀਨੀਅਰ ਭਾਜਪਾ ਵਰਕਰਾਂ ਵਿੱਚੋਂ ਇੱਕ,ਮੱਖਣ ਲਾਲ ਸਰਕਾਰ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਤੋਂ ਆਸ਼ੀਰਵਾਦ ਮੰਗਿਆ। 1952 ਵਿੱਚ ਮੱਖਣ ਲਾਲ ਸਰਕਾਰ ਨੂੰ ਭਾਰਤੀ ਤਿਰੰਗਾ ਲਹਿਰਾਉਣ ਦੇ ਅੰਦੋਲਨ ਦੌਰਾਨ ਸ਼ਿਆਮਾ ਪ੍ਰਸਾਦ ਮੁਖਰਜੀ ਦੇ ਨਾਲ ਕਸ਼ਮੀਰ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। 98 ਸਾਲ ਦੀ ਉਮਰ ਵਿੱਚ ਵੀ ਸਰਕਾਰ ਆਜ਼ਾਦੀ ਤੋਂ ਬਾਅਦ ਭਾਰਤ ਵਿੱਚ ਰਾਸ਼ਟਰਵਾਦੀ ਅੰਦੋਲਨ ਨਾਲ ਜੁੜੇ ਸ਼ੁਰੂਆਤੀ ਜ਼ਮੀਨੀ ਆਗੂਆਂ ਵਿੱਚੋਂ ਇੱਕ ਹਨ।

## ਤਾਮਿਲਨਾਡੂ ਦੇ ਰਾਜਪਾਲ ਨੇ ਵਿਜੇ ਨੂੰ ਸਰਕਾਰ ਬਣਾਉਣ ਲਈ ਸੱਦਾ ਦਿੱਤਾ

### ਸਹੁੰ ਚੁੱਕ ਸਮਾਗਮ ਚੇਨਈ 'ਚ ਅੱਜ

ਚੇਨਈ, 9 ਮਈ (ਚ.ਨ.ਸ.):ਤਾਮਿਲਨਾਡੂ ਦੇ ਰਾਜਪਾਲ ਰਾਜੇਂਦਰ ਵਿਸ਼ਵਨਾਥ ਅਰਲੇਕਰ ਨੇ ਸ਼ਨੀਵਾਰ ਨੂੰ ਟੀ.ਵੀ.ਕੇ. ਮੁਖੀ ਵਿਜੇ ਨੂੰ ਰਾਜ ਦਾ ਨਵਾਂ ਮੁੱਖ ਮੰਤਰੀ ਨਿਯੁਕਤ ਕੀਤਾ ਹੈ, ਲੋਕ ਭਵਨ ਨੇ ਐਲਾਨ ਕੀਤਾ। ਲੋਕ ਭਵਨ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਸਹੁੰ ਚੁੱਕ ਸਮਾਗਮ ਐਤਵਾਰ ਸਵੇਰੇ 10 ਵਜੇ ਚੇਨਈ ਵਿੱਚ ਹੋਵੇਗਾ। ਰਾਜਪਾਲ ਅਰਲੇਕਰ ਨੇ ਵਿਜੇ ਨੂੰ ਵਿਸ਼ਵਾਸ ਵੋਟ ਲੈਣ ਲਈ 13 ਮਈ ਜਾਂ ਇਸ ਤੋਂ ਪਹਿਲਾਂ ਤੱਕ ਦਾ ਸਮਾਂ ਦਿੱਤਾ ਹੈ। ਵੀ.ਸੀ.ਕੇ. ਅਤੇ ਆਈ.ਯੂ.ਐਮ.ਐਲ. ਵੱਲੋਂ ਟੀ.ਵੀ.ਕੇ. ਨੂੰ ਸਰਕਾਰ ਬਣਾਉਣ ਲਈ ਸਮਰਥਨ ਦੇਣ ਦੇ ਐਲਾਨ ਤੋਂ ਬਾਅਦ, ਅਦਾਕਾਰ-ਰਾਜਨੇਤਾ ਵਿਜੇ ਨੇ ਸ਼ਨੀਵਾਰ ਨੂੰ ਰਾਜਪਾਲ ਅਰਲੇਕਰ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਬਿਨਾਂ ਸ਼ਰਤ ਸਮਰਥਨ ਦੇਣ ਵਾਲੇ ਪਾਰਟੀਆਂ ਦੇ ਪੱਤਰ ਸੌਂਪੇ। ਵਿਜੇ ਨੇ ਤਾਮਿਲਨਾਡੂ ਕਾਂਗਰਸ ਕਮੇਟੀ (ਟੀ.ਐਨ.ਸੀ.ਸੀ.) ਦੇ ਮੁਖੀ ਕੇ. (ਬਾਕੀ ਸਫਾ 11 'ਤੇ)

## ਪੰਜਾਬ 'ਚ 42 ਘੰਟੇ ਬਾਅਦ ਬਾਅਦ ਖ਼ਤਮ ਹੋਈ ਈ.ਡੀ. ਦੀ ਰੇਡ

ਮੋਹਾਲੀ, 9 ਮਈ (ਚ.ਨ.ਸ.):ਮੋਹਾਲੀ ਦੇ ਖਰੜ ਵਿੱਚ ਵੈਸਟਰਨ ਟਾਵਰ ਦੀ ਨੌਵੀਂ ਮੰਜ਼ਿਲ 'ਤੇ ਈਡੀ ਦੀ ਛਾਪੇਮਾਰੀ ਸ਼ੁੱਕਰਵਾਰ ਰਾਤ ਨੂੰ ਲਗਭਗ 12:00 ਵਜੇ ਖ਼ਤਮ ਹੋਈ। ਇਹ ਕਾਰਵਾਈ ਲਗਭਗ 42 ਘੰਟੇ ਚੱਲੀ। ਛਾਪੇਮਾਰੀ ਤੋਂ ਬਾਅਦ, ਈ.ਡੀ. ਅਧਿਕਾਰੀਆਂ ਨੂੰ ਆਪਣਾ ਸਮਾਨ ਬੈਗਾਂ ਵਿੱਚ ਲੈ ਕੇ ਜਾਂਦੇ ਦੇਖਿਆ ਗਿਆ।

ਹਾਲਾਂਕਿ, ਕਿਸੇ ਦੀ ਗ੍ਰਿਫਤਾਰੀ ਨਹੀਂ ਹੋਈ ਹੈ। ਹਾਲਾਂਕਿ, ਇਸ ਮਾਮਲੇ ਵਿੱਚ ਈ.ਡੀ. ਵੱਲੋਂ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ। ਇਹ ਵੀ ਪੁਸ਼ਟੀ ਨਹੀਂ ਕੀਤੀ ਗਈ ਹੈ ਕਿ ਟੀਮ ਨੇ ਕਿਹੜੀਆਂ ਚੀਜ਼ਾਂ ਜ਼ਬਤ ਕੀਤੀਆਂ ਹਨ। ਇਹ ਪੂਰਾ ਮਾਮਲਾ ਧੋਖਾਧੜੀ ਨਾਲ ਚੇਂਜ ਆਫ ਲੈਂਡ ਯੂਜ਼ (ਸੀ.ਐਲ.ਯੂ.) ਪ੍ਰਾਪਤ ਕਰਨ, ਜ਼ਮੀਨ ਮਾਲਕਾਂ ਅਤੇ ਗਾਹਕਾਂ ਨਾਲ ਕਰੋੜਾਂ ਰੁਪਏ ਦੀ ਧੋਖਾਧੜੀ ਕਰਨ ਅਤੇ ਮਨੀ ਲਾਂਡਰਿੰਗ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ।

### ਈ.ਡੀ. ਦੇ ਛਾਪਿਆਂ 'ਤੇ ਕੇਜਰੀਵਾਲ ਨੇ ਪ੍ਰਧਾਨ ਮੰਤਰੀ 'ਤੇ ਸੇਧਿਆ ਨਿਸ਼ਾਨਾ

## 'ਪੰਜਾਬ ਮੋਦੀ ਦੇ ਅੱਤਿਆਚਾਰਾਂ ਦਾ ਟਾਕਰਾ ਕਰੇਗਾ ਅਤੇ ਪੂਰੇ ਦੇਸ਼ ਨੂੰ ਉਨ੍ਹਾਂ ਦੇ ਜ਼ੁਲਮਾਂ ਤੋਂ ਬਚਾਏਗਾ'



ਨਵੀਂ ਦਿੱਲੀ, 9 ਮਈ (ਚ.ਨ.ਸ.): ਪੰਜਾਬ ਦੇ ਮੰਤਰੀ ਸੰਜੀਵ ਅਰੋੜਾ ਦੇ ਚੰਡੀਗੜ੍ਹ ਸਥਿਤ ਟਿਕਾਣਿਆਂ 'ਤੇ ਈ.ਡੀ. ਦੇ ਚੱਲ ਰਹੇ ਛਾਪਿਆਂ ਦਰਮਿਆਨ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤੁਲਨਾ ਮੁਗਲ ਸਮਰਾਟ ਔਰੰਗਜ਼ੇਬ ਨਾਲ ਕੀਤੀ ਅਤੇ ਕਿਹਾ ਕਿ ਪੰਜਾਬ ਉਨ੍ਹਾਂ ਦੇ ਜ਼ੁਲਮਾਂ ਵਿਰੁੱਧ ਲੜੇਗਾ। ਕੇਜਰੀਵਾਲ ਨੇ 'ਐਕਸ' 'ਤੇ ਇੱਕ ਪੋਸਟ ਵਿੱਚ ਕਿਹਾ, 'ਪੰਜਾਬ ਗੁਰੂਆਂ ਦੀ ਧਰਤੀ ਹੈ। ਕਈ ਸੌ ਸਾਲ ਪਹਿਲਾਂ ਔਰੰਗਜ਼ੇਬ ਨੇ ਜ਼ੁਰਮ ਅਤੇ ਜ਼ੁਲਮ ਰਾਹੀਂ ਦੇਸ਼ ਦੇ ਕਈ ਹਿੱਸਿਆਂ 'ਤੇ ਕਬਜ਼ਾ ਕਰ ਲਿਆ ਸੀ। ਮੋਦੀ ਜੀ ਨੇ ਵੀ ਧੋਖੇ ਨਾਲ ਦੇਸ਼ ਦੇ ਕਈ ਹਿੱਸਿਆਂ 'ਤੇ ਕਬਜ਼ਾ ਕਰ ਲਿਆ ਹੈ। ਉਸ ਤੋਂ ਬਾਅਦ ਔਰੰਗਜ਼ੇਬ ਪੰਜਾਬ ਆਇਆ। ਮੋਦੀ ਜੀ ਹੁਣ ਪੰਜਾਬ ਵੀ ਆ ਗਏ ਹਨ। ਔਰੰਗਜ਼ੇਬ ਨੇ ਗੁਰੂਆਂ 'ਤੇ ਬਹੁਤ ਜ਼ੁਲਮ ਕੀਤੇ ਸਨ। ਮੋਦੀ ਜੀ ਵੀ ਪੰਜਾਬੀਆਂ 'ਤੇ ਅੱਤਿਆਚਾਰ ਕਰ ਰਹੇ ਹਨ। ਪਰ ਗੁਰੂਆਂ ਨੇ ਕੁਰਬਾਨੀਆਂ ਰਾਹੀਂ ਔਰੰਗਜ਼ੇਬ ਦਾ ਟਾਕਰਾ ਕੀਤਾ ਅਤੇ ਲੋਕਾਂ ਨੂੰ ਬਚਾਇਆ। ਅੱਜ ਗੁਰੂਆਂ ਦੀ ਕੁਰਬਾਨੀ ਤੋਂ ਪ੍ਰੇਰਨਾ ਲੈ ਕੇ ਪੰਜਾਬ ਮੋਦੀ ਜੀ ਦੇ ਅੱਤਿਆਚਾਰਾਂ ਦਾ ਟਾਕਰਾ ਕਰੇਗਾ ਅਤੇ ਪੂਰੇ ਦੇਸ਼ ਨੂੰ ਉਨ੍ਹਾਂ ਦੇ ਜ਼ੁਲਮਾਂ ਤੋਂ ਬਚਾਏਗਾ।': ਇਨ੍ਹਾਂ ਟਿੱਪਣੀਆਂ 'ਤੇ ਭਾਜਪਾ ਵੱਲੋਂ ਤਿੱਖੀ ਪ੍ਰਤੀਕਿਰਿਆ ਆਉਣੀ ਤੈਅ ਹੈ। ਕੇਜਰੀਵਾਲ ਨੇ ਕਿਹਾ ਕਿ ਕੁਝ ਸਾਲ ਪਹਿਲਾਂ ਮੋਦੀ ਜੀ ਨੇ ਪੰਜਾਬ ਦੇ ਕਿਸਾਨਾਂ ਨੂੰ ਚੁਣੌਤੀ ਦਿੱਤੀ ਸੀ ਅਤੇ ਉਨ੍ਹਾਂ ਨੂੰ ਕਿਸਾਨਾਂ ਅੱਗੇ ਝੁਕਣਾ ਪਿਆ ਸੀ। ਛਾਪਿਆਂ ਬਾਰੇ ਟਿੱਪਣੀ ਕਰਦਿਆਂ ਉਨ੍ਹਾਂ ਕਿਹਾ,:'ਅੱਜ ਮੋਦੀ ਜੀ ਨੇ ਪੂਰੇ ਪੰਜਾਬ ਨੂੰ ਚੁਣੌਤੀ ਦਿੱਤੀ ਹੈ।' ਕੇਜਰੀਵਾਲ ਨੇ ਕਿਹਾ ਕਿ ਬੰਗਾਲ ਚੋਣਾਂ ਖਤਮ ਹੁੰਦੇ ਹੀ ਪੀ.ਐਮ. ਮੋਦੀ ਨੇ ਪੰਜਾਬ ਵਿੱਚ ਰੋਜ਼ਾਨਾ ਈਡੀ ਦੇ ਛਾਪੇ ਮਾਰਨੇ ਸ਼ੁਰੂ ਕਰ ਦਿੱਤੇ ਹਨ। ਉਨ੍ਹਾਂ ਕਿਹਾ, 'ਪਿਛਲੇ ਕੁਝ ਸਾਲਾਂ ਵਿੱਚ ਮੋਦੀ ਨੇ ਪੰਜਾਬ ਨੂੰ ਭਾਰੀ ਸੱਟ ਮਾਰੀ ਹੈ। ਪੰਜਾਬੀਆਂ ਨੂੰ (ਬਾਕੀ ਸਫਾ 11 'ਤੇ)

## ਭਾਜਪਾ ਪੰਜਾਬ 'ਚ ਵੀ ਅਪਣਾ ਰਹੀ ਹੈ 'ਬੰਗਾਲ ਵਾਲੀ ਰਣਨੀਤੀ': ਸੰਧਵਾਂ

ਫਰੀਦਕੋਟ, 9 ਮਈ (ਚ.ਨ.ਸ.): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸੂਬੇ ਵਿੱਚ ਹੋ ਰਹੀਆਂ ਈ.ਡੀ. ਦੀਆਂ ਛਾਪੇਮਾਰੀਆਂ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵਿਰੋਧੀ ਪਾਰਟੀਆਂ ਨੂੰ ਦਬਾਉਣ ਲਈ ਕੇਂਦਰੀ ਏਜੰਸੀਆਂ ਨੂੰ ਸਿਆਸੀ ਹਥਿਆਰ ਵਜੋਂ ਵਰਤ ਰਹੀ ਹੈ। ਸੰਧਵਾਂ ਨੇ ਭਾਰਤੀ ਜਨਤਾ ਪਾਰਟੀ 'ਤੇ ਸਿਆਸੀ ਵਿਰੋਧੀਆਂ ਨੂੰ ਡਰਾਉਣ-ਧਮਕਾਉਣ ਲਈ ਆਪਣੀ ਤਾਕਤ ਦੀ ਦੁਰਵਰਤੋਂ ਕਰਨ ਦਾ ਇਲਜ਼ਾਮ ਲਗਾਇਆ। ਉਨ੍ਹਾਂ ਨੇ ਪੰਜਾਬ ਦੇ ਹਾਲਾਤ ਦੀ ਤੁਲਨਾ ਪੱਛਮੀ ਬੰਗਾਲ ਨਾਲ ਕਰਦਿਆਂ ਕਿਹਾ ਕਿ ਭਾਜਪਾ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ 'ਆਪ' ਸਰਕਾਰ ਨੂੰ ਅਸਥਿਰ ਕਰਨ ਲਈ ਬੰਗਾਲ ਵਰਗੀ 'ਚੋਣ ਰਣਨੀਤੀ' ਅਪਣਾ ਰਹੀ ਹੈ। ਸਪੀਕਰ ਦਾ ਕਹਿਣਾ ਹੈ ਕਿ ਇਨ੍ਹਾਂ ਛਾਪੇਮਾਰੀਆਂ ਦਾ ਮਕਸਦ ਭ੍ਰਿਸ਼ਟਾਚਾਰ ਨੂੰ ਫੜਨਾ ਨਹੀਂ, ਸਗੋਂ ਡਰ ਦਾ ਮਾਹੌਲ ਪੈਦਾ ਕਰਨਾ ਹੈ। ਹਾਲ ਹੀ ਵਿੱਚ (ਬਾਕੀ ਸਫਾ 11 'ਤੇ)

## ਡਬਲਿਊ.ਐਫ.ਆਈ. ਨੇ ਵਿਨੇਸ਼ ਨੂੰ ਨੋਟਿਸ ਜਾਰੀ ਕਰਕੇ ਟੂਰਨਾਮੈਂਟਾਂ 'ਚ ਹਿੱਸਾ ਲੈਣ ਤੋਂ ਰੋਕਿਆ



ਨਵੀਂ ਦਿੱਲੀ, 9 ਮਈ (ਚ.ਨ.ਸ.): ਭਾਰਤੀ ਕੁਸ਼ਤੀ ਫੈਡਰੇਸ਼ਨ (ਡਬਲਿਊ. ਐਫ. ਆਈ.) ਨੇ ਸ਼ਨੀਵਾਰ ਨੂੰ ਵਿਨੇਸ਼ ਫੋਗਾਟ ਨੂੰ ਅਨੁਸ਼ਾਸਨਹੀਣਤਾ ਅਤੇ ਡੋਪਿੰਗ ਵਿਰੋਧੀ ਨਿਯਮਾਂ ਦੀ ਉਲੰਘਣਾ ਦਾ ਦੋਸ਼ ਲਗਾਉਂਦੇ ਹੋਏ ਕਾਰਨ ਦੱਸੋ ਨੋਟਿਸ ਜਾਰੀ ਕੀਤਾ । ਡਬਲਿਊ. ਐਫ.ਆਈ. ਨੇ ਫੈਡਰੇਸ਼ਨ ਦੇ ਡੋਪਿੰਗ ਵਿਰੋਧੀ ਨਿਯਮਾਂ ਦੇ ਤਹਿਤ ਸੇਵਾਮੁਕਤੀ ਤੋਂ ਵਾਪਸੀ ਲਈ ਲਾਜ਼ਮੀ ਛੇ ਮਹੀਨੇ ਦਾ ਨੋਟਿਸ ਪ੍ਰਦਾਨ ਕਰਨ ਵਿੱਚ ਅਸਫਲ ਰਹਿਣ 'ਤੇ ਉਸ ਨੂੰ 26 ਜੂਨ, 2026 ਤੱਕ ਘਰੇਲੂ ਟੂਰਨਾਮੈਂਟਾਂ ਵਿੱਚ ਹਿੱਸਾ ਲੈਣ ਤੋਂ ਰੋਕ ਦਿੱਤਾ। 15 ਪੰਨਿਆਂ ਦੇ ਨੋਟਿਸ ਵਿੱਚ, ਡਬਲਿਊ. ਐਫ. ਆਈ. ਨੇ ਦੋਸ਼ ਲਗਾਇਆ ਕਿ ਵਿਨੇਸ਼ ਦੇ (ਬਾਕੀ ਸਫਾ 11 'ਤੇ)

## ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਦੀ ਅਗਵਾਈ 'ਚ ਹੋਈ ਪੰਜਾਬ ਕਾਂਗਰਸ ਦੀ ਮੀਟਿੰਗ

### ਸੂਬੇ ਦੇ 117 ਹਲਕਿਆਂ 'ਚ ਲੋਕ ਸੰਪਰਕ 'ਯਾਤਰਾ' ਕੀਤੀ ਜਾਵੇਗੀ ਸ਼ੁਰੂ



ਚੰਡੀਗੜ੍ਹ, 9 ਮਈ (ਚ.ਨ.ਸ.): ਕਾਂਗਰਸ ਨੇ ਕਿਹਾ ਹੈ ਕਿ ਭਾਰਤੀ ਜਨਤਾ ਪਾਰਟੀ ਅਤੇ ਆਮ ਆਦਮੀ ਪਾਰਟੀ ਇੱਕੋ ਸਿੱਕੇ ਦੇ ਦੋ ਪੱਖ ਹਨ ਕਿਉਂਕਿ ਦੋਵੇਂ ਆਪਣਿਆਂ ਸਿਆਸੀ ਵਿਰੋਧੀਆਂ ਖ਼ਿਲਾਫ਼ ਦਬਾਅ ਅਤੇ ਧਮਕਾਉਣ ਵਾਲੀਆਂ ਤਕਨੀਕਾਂ ਵਰਤਦੀਆਂ ਹਨ। ਇਸ ਦੌਰਾਨ ਪਾਰਟੀ ਵੱਲੋਂ ਸਾਰਾ ਦਿਨ ਚੱਲੀ ਮੰਥਨ ਬੈਠਕ ਕੀਤੀ ਗਈ, ਜਿਸ ਦੀ ਅਗਵਾਈ ਪੰਜਾਬ ਮਾਮਲਿਆਂ ਦੇ ਇੰਚਾਰਜ ਜਨਰਲ ਸਕੱਤਰ ਭੁਪੇਸ਼ ਬਘੇਲ ਨੇ ਕੀਤੀ ਅਤੇ ਸੂਬੇ ਭਰ ਤੋਂ ਸੀਨੀਅਰ ਆਗੂ ਸ਼ਾਮਲ ਹੋਏ। ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਬਘੇਲ ਨੇ ਐਲਾਨ ਕੀਤਾ ਕਿ ਪਾਰਟੀ ਲੋਕਾਂ ਤੱਕ ਪਹੁੰਚ ਬਣਾਉਣ ਵਾਸਤੇ ਸੂਬੇ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਯਾਤਰਾਵਾਂਕੱਢੇਗੀ। ਹਰ ਹਲਕੇ ਵਿੱਚ ਇਹ ਤਿੰਨ ਦਿਨਾਂ ਦੀ ਯਾਤਰਾ ਹੋਵੇਗੀ, ਜਿਸ ਦੌਰਾਨ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਜਾਵੇਗੀ, ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਉਮੀਦਾਂ ਬਾਰੇ ਜਾਣਿਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਇਹ ਵੀ ਸੁਝਾਅ ਆਇਆ ਹੈ ਕਿ ਜਦੋਂ ਇਹ ਯਾਤਰਾਵਾਂ ਮੁਕੰਮਲ ਹੋ ਜਾਣ, ਤਾਂ ਵਿਰੋਧੀ ਧਿਰ ਦੇ ਨੇਤਾ ਨੂੰ ਸਮਾਪਤੀ ਸਮਾਗਮ ਵਿੱਚ ਸ਼ਾਮਲ ਕੀਤਾ ਜਾਵੇ। ਇਸ ਤੋਂ ਪਹਿਲਾਂ, ਉਨ੍ਹਾਂ ਨੇ ਐਲਾਨ ਕੀਤਾ ਕਿ ਪਾਰਟੀ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਖ਼ਿਲਾਫ਼ ਇੱਕ ਚਾਰਜਸ਼ੀਟ ਵੀ ਜਾਰੀ ਕਰੇਗੀ। ਬਘੇਲ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਦੌਰਾਨ ਪੰਜਾਬ ਵਿੱਚ ਮੌਜੂਦਾ ਮੰਦਹਾਲੀ 'ਤੇ ਵਿਚਾਰ ਕੀਤਾ ਗਿਆ ਹੈ। (ਬਾਕੀ ਸਫਾ 11 'ਤੇ)

## ਮਮਤਾ ਵੱਲੋਂ ਭਾਜਪਾ ਖ਼ਿਲਾਫ਼ ਸਿਆਸੀ ਤੇ ਕਾਨੂੰਨੀ ਲੜਾਈ ਲੜਨ ਦਾ ਐਲਾਨ

ਕੋਲਕਾਤਾ, 9 ਮਈ (ਚ.ਨ.ਸ.):ਤ੍ਰਿਣਮੂਲ ਕਾਂਗਰਸ (ਟੀ.ਐਮ.ਸੀ.) ਦੀ ਰਾਸ਼ਟਰੀ ਪ੍ਰਧਾਨ ਮਮਤਾ ਬੈਨਰਜੀ ਨੇ ਰਵਿੰਦਰਨਾਥ ਟੈਗੋਰ ਦੀ ਜੈਯੰਤੀ ਦੇ ਮੌਕੇ 'ਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਖਿਲਾਫ ਇੱਕ ਵੱਡੀ ਸਿਆਸੀ ਜੰਗ ਦਾ ਐਲਾਨ ਕੀਤਾ ਹੈ। ਉਨ੍ਹਾਂ ਨੇ ਦੋਸ਼ ਲਾਇਆ ਕਿ ਬੰਗਾਲ ਵਿੱਚ 'ਦਹਿਸ਼ਤ ਦਾ ਰਾਜ' ਸ਼ੁਰੂ ਹੋ ਗਿਆ ਹੈ ਤੇ ਉਹ ਇਸ ਵਿਰੁੱਧ ਨੈਤਿਕ ਅਤੇ ਸਿਆਸੀ ਲੜਾਈ ਲੜਨ ਲਈ ਤਿਆਰ ਹਨ। ਮਮਤਾ ਬੈਨਰਜੀ ਨੇ ਦੋਸ਼ ਲਾਇਆ ਕਿ ਉਨ੍ਹਾਂ ਨੂੰ ਕਾਲੀਘਾਟ ਮੋੜ ਅਤੇ ਫਾਇਰ ਬ੍ਰਿਗੇਡ ਸਟੇਸ਼ਨ ਸਮੇਤ ਤਿੰਨ ਵੱਖ-ਵੱਖ ਥਾਵਾਂ 'ਤੇ ਰਵਿੰਦਰ ਨਾਥ ਜੈਯੰਤੀ ਮਨਾਉਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਉਨ੍ਹਾਂ ਨੇ ਇਸ ਨੂੰ 'ਤਾਨਾਸ਼ਾਹੀ' ਕਰਾਰ ਦਿੰਦਿਆਂ ਕਿਹਾ ਕਿ ਇਹ ਟੀ.ਐਮ.ਸੀ. ਨੂੰ ਚੁੱਪ ਕਰਾਉਣ ਦੀ ਕੋਸ਼ਿਸ਼ ਹੈ। ਇਜਾਜ਼ਤ ਨਾ ਮਿਲਣ ਕਾਰਨ ਉਨ੍ਹਾਂ ਨੇ ਆਪਣੇ ਘਰ 'ਤੇ (ਬਾਕੀ ਸਫਾ 11 'ਤੇ)

## ਪੰਜਾਬ 'ਚ ਮੁੜ ਵਧਣ ਲੱਗਾ ਤਾਪਮਾਨ

### ਸੂਬੇ 'ਚ 11 ਮਈ ਤੋਂ ਮੁੜ ਮੀਂਹ ਅਤੇ ਤੂਫ਼ਾਨ ਦੀ ਚੇਤਾਵਨੀ




ਚੰਡੀਗੜ੍ਹ, 9 ਮਈ (ਚ.ਨ.ਸ.):ਪੰਜਾਬ ਅਤੇ ਚੰਡੀਗੜ੍ਹ ਵਿੱਚ ਤਾਪਮਾਨ ਫਿਰ ਤੋਂ ਵਧਣ ਲੱਗਿਆ ਹੈ। ਸ਼ੁੱਕਰਵਾਰ ਦੇ ਮੁਕਾਬਲੇ ਵੱਧ ਤੋਂ ਵੱਧ ਤਾਪਮਾਨ 0.8 ਡਿਗਰੀ ਵਧਿਆ ਹੈ। ਹਾਲਾਂਕਿ, ਤਾਪਮਾਨ ਅਜੇ ਵੀ ਆਮ ਨਾਲੋਂ 5 ਡਿਗਰੀ ਘੱਟ ਹੈ, ਇਸ ਲਈ ਫਿਲਹਾਲ ਹੀਟਵੇਵ ਦੀ ਕੋਈ ਸੰਭਾਵਨਾ ਨਹੀਂ ਹੈ। ਮੌਸਮ ਵਿਗਿਆਨ ਕੇਂਦਰ, ਚੰਡੀਗੜ੍ਹ ਅਨੁਸਾਰ 10 ਮਈ ਨੂੰ ਮੌਸਮ ਸਾਫ਼ ਅਤੇ ਖੁਸ਼ਕ ਰਹੇਗਾ, ਜਦੋਂ ਕਿ 11 ਮਈ ਤੋਂ 14 ਮਈ ਤੱਕ ਸੂਬੇ ਵਿੱਚ ਤੂਫ਼ਾਨ ਅਤੇ ਮੀਂਹ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।

ਬਠਿੰਡਾ ਸੂਬੇ ਦਾ ਸਭ ਤੋਂ ਗਰਮ ਜ਼ਿਲ੍ਹਾ ਸੀ, ਜਿੱਥੇ ਵੱਧ ਤੋਂ ਵੱਧ ਤਾਪਮਾਨ 38.1 ਡਿਗਰੀ ਦਰਜ ਕੀਤਾ ਗਿਆ। ਸਾਰੇ ਜ਼ਿਲ੍ਹਿਆਂ ਦਾ ਤਾਪਮਾਨ ਅਜੇ ਵੀ 40 ਡਿਗਰੀ ਤੋਂ ਹੇਠਾਂ ਹੈ। 35 ਤੋਂ 39 ਡਿਗਰੀ ਦੇ ਵਿਚਕਾਰ ਚਾਰ ਜ਼ਿਲ੍ਹਿਆਂ ਵਿੱਚ, ਪਠਾਨਕੋਟ ਵਿੱਚ 35.8 ਡਿਗਰੀ, ਫਰੀਦਕੋਟ ਵਿੱਚ 36.0 ਡਿਗਰੀ, ਫਾਜ਼ਿਲਕਾ ਵਿੱਚ 36.3 ਡਿਗਰੀ ਅਤੇ ਫਿਰੋਜ਼ਪੁਰ ਵਿੱਚ 35.4 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਜਦੋਂ ਕਿ ਚੰਡੀਗੜ੍ਹ ਵਿੱਚ 33.0 ਡਿਗਰੀ, ਅੰਮ੍ਰਿਤਸਰ ਵਿੱਚ 33.6 ਡਿਗਰੀ, ਲੁਧਿਆਣਾ ਵਿੱਚ 33.5 ਡਿਗਰੀ, ਪਟਿਆਲਾ ਵਿੱਚ 33.6 ਡਿਗਰੀ, ਗੁਰਦਾਸਪੁਰ ਵਿੱਚ 34.0 ਡਿਗਰੀ, ਐਸ.ਬੀ.ਐਸ. ਨਗਰ ਵਿੱਚ 33.2 ਡਿਗਰੀ, ਹੁਸ਼ਿਆਰਪੁਰ ਵਿੱਚ 32.5 ਡਿਗਰੀ, ਮੋਹਾਲੀ ਵਿੱਚ 32.5 ਡਿਗਰੀ, ਰੂਪਨਗਰ ਵਿੱਚ 32.6 ਡਿਗਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਵਿੱਚ 34.3 ਡਿਗਰੀ (ਬਾਕੀ ਸਫਾ 11 'ਤੇ)

## ਕਤਲ ਦੇ ਮੁਲਜ਼ਮ ਨੂੰ ਨਹੀਂ ਮਿਲੇਗੀ ਮ੍ਰਿਤਕ ਦੀ ਵਿਰਾਸਤੀ ਜਾਇਦਾਦ: ਸੁਪਰੀਮ ਕੋਰਟ

ਨਵੀਂ ਦਿੱਲੀ, 9 ਮਈ (ਚ.ਨ.ਸ.):ਸੁਪਰੀਮ ਕੋਰਟ ਨੇ ਫੈਸਲਾ ਸੁਣਾਇਆ ਹੈ ਕਿ ਕਿਸੇ ਦੂਜੇ ਵਿਅਕਤੀ ਦਾ ਕਤਲ ਕਰਨ ਜਾਂ ਕਤਲ ਲਈ ਉਕਸਾਉਣ ਦੇ ਮੁਲਜ਼ਮ ਵਿਅਕਤੀ ਨੂੰ ਉਸ ਮ੍ਰਿਤਕ ਦੀ ਜਾਇਦਾਦ ਵਿਰਾਸਤ ਵਿੱਚ ਨਹੀਂ ਮਿਲ ਸਕਦੀ। ਸਿਖਰਲੀ ਅਦਾਲਤ ਨੇ ਕਿਹਾ ਕਿ ਜਾਇਦਾਦ ਦੀ ਵਿਰਾਸਤ ਤੋਂ ਅਜਿਹੀ ਅਯੋਗਤਾ ਬਿਨਾਂ ਵਸੀਅਤ (ਇੰਟੈਸਟੇਟ) ਅਤੇ ਵਸੀਅਤ ਰਾਹੀਂ (ਟੈਸਟਾਮੈਂਟਰੀ) ਹੋਣ ਵਾਲੀ ਜਾਇਦਾਦ ਦੀ ਵੰਡ, ਦੋਵਾਂ ਹੀ ਤਰੀਕਿਆਂ 'ਤੇ ਲਾਗੂ ਹੋਵੇਗੀ।

ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਆਰ. ਮਹਾਦੇਵਨ ਦੀ ਬੈਂਚ ਨੇ ਫੈਸਲਾ ਸੁਣਾਇਆ ਕਿ ਜੇਕਰ ਕੋਈ ਵਿਅਕਤੀ ਉਸੇ ਇਨਸਾਨ ਦਾ ਕਤਲ ਕਰ ਦਿੰਦਾ ਹੈ ਜਿਸ ਦੀ ਜਾਇਦਾਦ ਉਸ ਨੂੰ ਮਿਲਣੀ ਸੀ, ਤਾਂ ਉਹ ਉਸ ਜਾਇਦਾਦ 'ਤੇ ਹੱਕ ਨਹੀਂ ਜਤਾ ਸਕਦਾ। ਅਦਾਲਤ ਅਨੁਸਾਰ ਅਜਿਹਾ ਵਿਅਕਤੀ ਨਾ ਸਿਰਫ਼ ਹਿੰਦੂ ਉਤਰਾਧਿਕਾਰ (ਬਾਕੀ ਸਫਾ 11 'ਤੇ)

## ਪੰਜਾਬ ਭਰ 'ਚ ਲਗਾਈ ਗਈ ਕੌਮੀ ਲੋਕ ਅਦਾਲਤ

ਚੰਡੀਗੜ੍ਹ, 9 ਮਈ (ਚ.ਨ.ਸ.): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜਸਟਿਸ ਸ਼ੀਲ ਨਾਗੂ, ਚੀਫ ਜਸਟਿਸ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਸਰਪ੍ਰਸਤੀ ਅਧੀਨ ਅਤੇ ਕਾਰਜਕਾਰੀ ਚੇਅਰਮੈਨ ਮਾਣਯੋਗ ਜਸਟਿਸ ਸ੍ਰੀ ਅਸ਼ਵਨੀ ਕੁਮਾਰ ਮਿਸ਼ਰਾ ਦੀ ਅਗਵਾਈ ਹੇਠ ਸੂਬੇ ਭਰ ਵਿੱਚ ਸਾਲ 2026 ਦੀ ਦੂਸਰੀ ਰਾਸ਼ਟਰੀ ਲੋਕ ਅਦਾਲਤ ਲਗਾਈ ਗਈ। ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਹੇਠ ਕਰਵਾਈ ਗਈ ਇਸ ਪਹਿਲਕਦਮੀ ਦਾ ਉਦੇਸ਼ ਝਗੜਿਆਂ ਦਾ ਜਲਦ, ਘੱਟ ਖਰਚ ਨਾਲ ਅਤੇ ਦੋਸਤਾਨਾ ਢੰਗ ਨਾਲ ਨਿਪਟਾਰਾ ਕਰਨਾ ਹੈ ਤਾਂ ਜੋ ਭਾਰਤੀ ਸੰਵਿਧਾਨ ਦੇ ਅਨੁਛੇਦ 39-ਏ ਅਨੁਸਾਰ ਨਿਆਂ ਤੱਕ ਪਹੁੰਚ ਵਧਾਈ ਜਾ ਸਕੇ।

ਲੋਕ ਅਦਾਲਤ ਵਿੱਚ ਮੁਕੱਦਮੇਬਾਜ਼, ਨਿਆਂਇਕ ਅਧਿਕਾਰੀ, ਵਕੀਲ ਅਤੇ (ਬਾਕੀ ਸਫਾ 11 'ਤੇ)

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

### ਐਨ.ਸੀ.ਆਰ.ਬੀ. ਰਿਪੋਰਟ 'ਚ ਖ਼ੁਲਾਸਾ

## ਦੇਸ਼ 'ਚ ਹਰ ਘੰਟੇ ਦੌਰਾਨ ਇੱਕ ਕਿਸਾਨ ਕਰ ਰਿਹੈ ਖ਼ੁਦਕੁਸ਼ੀ



ਨਵੀਂ ਦਿੱਲੀ, 9 ਮਈ (ਚ.ਨ.ਸ.): ਕਿਸਾਨਾਂ ਦੀ ਭਲਾਈ ਨੂੰ ਲੈ ਕੇ ਸਰਕਾਰ ਵਲੋਂ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਉਹ ਭਾਵੇਂ ਉਨ੍ਹਾਂ ਦੀ ਆਰਥਿਕ ਸਥਿਤੀ ਬਾਰੇ ਹੋਵੇ ਜਾਂ ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ)। ਇਸ ਦੌਰਾਨ ਜੇਕਰ ਐਮਐਸਪੀ ਦੀ ਗੱਲ ਕੀਤੀ ਜਾਵੇ ਤਾਂ ਜ਼ਮੀਨੀ ਪੱਧਰ 'ਤੇ ਉਨ੍ਹਾਂ ਦੀ ਸਥਿਤੀ ਚਿੰਤਾਜਨਕ ਹੈ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੀ ਤਾਜ਼ਾ ਰਿਪੋਰਟ ਨੇ ਇੱਕ ਵਾਰ ਫਿਰ ਦੇਸ਼ ਦੇ ਖੇਤੀਬਾੜੀ ਸੰਕਟ ਦੀ ਭਿਆਨਕ ਤਸਵੀਰ ਪੇਸ਼ ਕੀਤੀ ਹੈ। ਅੰਕੜਿਆਂ ਅਨੁਸਾਰ, 2024 ਵਿੱਚ ਦੇਸ਼ ਭਰ ਵਿੱਚ 10,546 ਕਿਸਾਨਾਂ ਅਤੇ ਖੇਤੀਬਾੜੀ ਮਜ਼ਦੂਰਾਂ ਨੇ ਖੁਦਕੁਸ਼ੀ ਕੀਤੀ।ਇਸਦਾ ਮਤਲਬ ਹੈ ਕਿ ਔਸਤਨ ਹਰ ਰੋਜ਼ 28 ਅਤੇ ਲਗਭਗ ਹਰ ਘੰਟੇ ਵਿੱਚ ਇੱਕ ਕਿਸਾਨ ਜਾਂ ਮਜ਼ਦੂਰ ਆਪਣੀ ਜ਼ਿੰਦਗੀ ਖ਼ਤਮ ਕਰ ਰਿਹਾ ਹੈ। ਭਾਵੇਂ 2023 ਦੇ ਮੁਕਾਬਲੇ ਮਾਮਲਿਆਂ ਵਿੱਚ ਥੋੜ੍ਹੀ ਜਿਹੀ ਗਿਰਾਵਟ ਆਈ ਹੈ ਪਰ ਸਥਿਤੀ ਬਹੁਤ ਚਿੰਤਾਜਨਕ ਬਣੀ ਹੋਈ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਖੇਤੀ ਤੋਂ ਘਟਦੀ ਆਮਦਨ, ਵਧਦਾ ਕਰਜ਼ਾ ਅਤੇ ਆਰਥਿਕ ਅਸੁਰੱਖਿਆ ਪੇਂਡੂ ਭਾਰਤ ਨੂੰ ਲਗਾਤਾਰ ਤੋੜ ਰਹੇ ਹਨ। ਰਿਪੋਰਟ ਦੇ ਅਨੁਸਾਰ ਖੇਤੀਬਾੜੀ ਮਜ਼ਦੂਰਾਂ ਨੇ ਖੁਦਕੁਸ਼ੀਆਂ ਦੀ ਸਭ ਤੋਂ ਵੱਧ ਗਿਣਤੀ ਕੀਤੀ। ਕੁੱਲ 10,546 ਮਾਮਲਿਆਂ ਵਿੱਚੋਂ 5,913 ਖੇਤੀਬਾੜੀ ਮਜ਼ਦੂਰ ਸਨ, ਜਾਂ 56 ਪ੍ਰਤੀਸ਼ਤ ਤੋਂ ਵੱਧ।ਇਹ ਅੰਕੜੇ ਦਰਸਾਉਂਦੇ ਹਨ ਕਿ ਪਿੰਡਾਂ ਵਿੱਚ ਲੋਕ ਖੇਤੀ ਦੀ ਬਜਾਏ ਮਜ਼ਦੂਰੀ 'ਤੇ ਜ਼ਿਆਦਾ ਨਿਰਭਰ ਹੋ ਰਹੇ ਹਨ, ਪਰ ਉੱਥੇ ਵੀ ਉਨ੍ਹਾਂ ਨੂੰ ਸਥਿਰ ਆਮਦਨ ਅਤੇ ਸੁਰੱਖਿਆ ਨਹੀਂ ਮਿਲ ਰਹੀ। ਮਹਾਰਾਸ਼ਟਰ ਵਿੱਚ ਸਭ ਤੋਂ ਵੱਧ 3,824 ਕਿਸਾਨ ਅਤੇ ਮਜ਼ਦੂਰ ਖੁਦਕੁਸ਼ੀਆਂ ਦੇ ਮਾਮਲੇ ਸਾਹਮਣੇ ਆਏ, ਜੋ ਕਿ ਦੇਸ਼ ਭਰ ਵਿੱਚ ਕੁੱਲ ਖੁਦਕੁਸ਼ੀਆਂ ਦਾ 36 ਪ੍ਰਤੀਸ਼ਤ ਤੋਂ ਵੱਧ ਹਨ। ਇੱਕ ਰਿਪੋਰਟ ਦੇ ਆਧਾਰ 'ਤੇ ਸਾਹਮਣੇ ਆਏ ਅੰਕੜਿਆਂ ਨੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ ਹੈ। 2022 ਵਿੱਚ ਖੇਤੀਬਾੜੀ ਖੇਤਰ ਵਿੱਚ ਖੁਦਕੁਸ਼ੀਆਂ ਦੀ ਗਿਣਤੀ 11,290 ਤੱਕ ਪਹੁੰਚ ਗਈ, ਜੋ ਕਿ ਪਿਛਲੇ ਸਾਲਾਂ ਵਿੱਚ ਸਭ ਤੋਂ ਵੱਧ ਹੈ।

## ਦੇਸ਼ ਦੇ ਨਵੇਂ ਚੀਫ਼ ਆਫ਼ ਡਿਫੈਂਸ ਸਟਾਫ਼ ਬਣੇ ਰਾਜਾ ਸੁਬਰਾਮਣੀ

### ਕ੍ਰਿਸ਼ਨਾ ਸਵਾਮੀਨਾਥਨ ਹੋਣਗੇ ਨਵੇਂ ਜਲ ਸੈਨਾ ਮੁਖੀ



ਨਵੀਂ ਦਿੱਲੀ, 9 ਮਈ (ਚ.ਨ.ਸ.):ਭਾਰਤ ਸਰਕਾਰ ਨੇ ਦੇਸ਼ ਦੇ ਫੌਜੀ ਢਾਂਚੇ ਵਿਚ ਵੱਡਾ ਬਦਲਾਅ ਕਰਦੇ ਹੋਏ ਦੋ ਅਹਿਮ ਨਿਯੁਕਤੀਆਂ ਦਾ ਐਲਾਨ ਕੀਤਾ ਹੈ। ਸਰਕਾਰ ਨੇ ਲੈਫਟੀਨੈਂਟ ਜਨਰਲ ਐਨ.ਐਸ. ਰਾਜਾ ਸੁਬਰਾਮਣੀ (ਸੇਵਾਮੁਕਤ) ਨੂੰ ਦੇਸ਼ ਦਾ ਅਗਲਾ ਚੀਫ਼ ਆਫ਼ ਡਿਫੈਂਸ ਸਟਾਫ਼ (ਸੀ.ਡੀ.ਐਸ.) ਨਿਯੁਕਤ ਕੀਤਾ ਹੈ, ਜਦੋਂ ਕਿ ਵਾਈਸ ਐਡਮਿਰਲ ਕ੍ਰਿਸ਼ਨਾ ਸਵਾਮੀਨਾਥਨ ਨੂੰ ਭਾਰਤੀ ਜਲ ਸੈਨਾ ਦਾ ਨਵਾਂ ਮੁਖੀ ਨਿਯੁਕਤ ਕੀਤਾ ਗਿਆ ਹੈ। ਲੈਫਟੀਨੈਂਟ ਜਨਰਲ ਐਨ.ਐਸ. ਰਾਜਾ ਸੁਬਰਾਮਣੀ 30 ਮਈ, 2026 ਨੂੰ ਜਨਰਲ ਅਨਿਲ ਚੌਹਾਨ ਦਾ ਕਾਰਜਕਾਲ ਪੂਰਾ ਹੋਣ ਤੋਂ ਬਾਅਦ ਨਵੇਂ ਸੀ.ਡੀ.ਐਸ. ਦਾ ਅਹੁਦਾ ਸੰਭਾਲਣਗੇ। ਉਹ ਫੌਜੀ ਮਾਮਲਿਆਂ ਦੇ ਵਿਭਾਗ ਦੇ ਸਕੱਤਰ ਦੀ ਜ਼ਿੰਮੇਵਾਰੀ ਵੀ ਸੰਭਾਲਣਗੇ। ਸੀ.ਡੀ.ਐਸ. ਦਾ ਅਹੁਦਾ ਭਾਰਤ ਦੀਆਂ ਤਿੰਨ ਹਥਿਆਰਬੰਦ ਸੈਨਾਵਾਂ: ਫੌਜ, ਜਲ ਸੈਨਾ ਅਤੇ ਹਵਾਈ ਸੈਨਾ ਵਿਚਕਾਰ ਬਿਹਤਰ ਤਾਲਮੇਲ ਸਥਾਪਤ ਕਰਨ ਲਈ ਬਣਾਇਆ ਗਿਆ ਸੀ। ਸੀ.ਡੀ.ਐਸ. ਰਾਸ਼ਟਰੀ ਸੁਰੱਖਿਆ ਅਤੇ ਫੌਜੀ ਰਣਨੀਤੀ ਨਾਲ ਸਬੰਧਤ ਮੁੱਖ ਫੈਸਲਿਆਂ 'ਤੇ ਸਰਕਾਰ ਨੂੰ ਸਲਾਹ ਦਿੰਦਾ ਹੈ।ਲੈਫਟੀਨੈਂਟ ਜਨਰਲ ਰਾਜਾ ਸੁਬਰਾਮਣੀ ਇੱਕ ਉੱਚ ਪੱਧਰੇ ਅਧਿਕਾਰੀ ਹਨ ਜਿਨ੍ਹਾਂ ਕੋਲ ਲਗਭਗ ਚਾਰ ਦਹਾਕਿਆਂ ਦਾ ਫੌਜੀ ਤਜਰਬਾ ਹੈ। ਉਨ੍ਹਾਂ ਨੂੰ ਪੀ.ਵੀ.ਐਸ.ਐਮ., ਏ.ਵੀ.ਐਸ.ਐਮ., ਐਸ.ਐਮ. ਅਤੇ ਵੀ.ਐਸ.ਐਮ. ਸਮੇਤ ਕਈ ਫੌਜੀ ਸਨਮਾਨ (ਬਾਕੀ ਸਫਾ 11 'ਤੇ)

## 'ਸ਼ੁਕਰਾਨਾ ਯਾਤਰਾ' ਦੌਰਾਨ ਉਮੜਿਆ ਸੰਗਤਾਂ ਦਾ ਭਾਰੀ ਇਕੱਠ

# ਸ੍ਰੀ ਅਨੰਦਪੁਰ ਸਾਹਿਬ ਤੋਂ ਸ੍ਰੀ ਫ਼ਤਿਹਗੜ੍ਹ ਸਾਹਿਬ ਤੱਕ ਚਾਰ ਰੋਜ਼ਾ ਯਾਤਰਾ ਦੌਰਾਨ ਥਾਂ-ਥਾਂ ਹੋਇਆ ਭਗਵੰਤ ਸਿੰਘ ਮਾਨ ਦਾ ਸਵਾਗਤ ਤੇ ਸਨਮਾਨ

ਚੰਡੀਗੜ੍ਹ, 9 ਮਈ (ਚ.ਨ.ਸ.): ਪੰਜਾਬ ਸਰਕਾਰ ਵੱਲੋਂ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਸ੍ਰੀ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਬਣਾਏ ਗਏ ਕਾਨੂੰਨ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਉਪਰੰਤ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 6 ਮਈ ਤੋਂ 9 ਮਈ ਤੱਕ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਤੋਂ ਲੈ ਕੇ ਸ਼ਹੀਦਾਂ ਦੀ ਇਤਿਹਾਸਕ ਧਰਤੀ ਸ੍ਰੀ ਫ਼ਤਿਹਗੜ੍ਹ ਸਾਹਿਬ ਤੱਕ ਕੱਢੀ ਚਾਰ ਰੋਜ਼ਾ ਯਾਤਰਾ ਦੌਰਾਨ ਸੰਗਤਾਂ ਦਾ ਜਨ-ਸੈਲਾਬ ਉਮੜਿਆ। ਵਧਦੀ ਗਰਮੀ ਦੇ ਬਾਵਜੂਦ ਸੰਗਤਾਂ ਵੱਡੀ ਗਿਣਤੀ ਵਿੱਚ ਸੜਕਾਂ 'ਤੇ ਉਤਰੀਆਂ ਜਿੱਥੇ ਉਨ੍ਹਾਂ ਨੇ ਮੁੱਖ ਮੰਤਰੀ ਦਾ ਸਵਾਗਤ ਅਤੇ ਸਨਮਾਨ ਕੀਤਾ। ਮਾਝਾ, ਮਾਲਵਾ ਅਤੇ ਦੁਆਬਾ ਵਿੱਚ ਸ਼ੁਕਰਾਨਾ ਯਾਤਰਾ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਸੀ। ਮੁੱਖ ਮੰਤਰੀ ਜਿੱਥੇ ਵੱਖ-ਵੱਖ ਇਤਿਹਾਸਕ ਗੁਰੂ ਘਰਾਂ ਵਿੱਚ ਨਤਮਸਤਕ ਹੋਏ, ਉੱਥੇ ਹੀ ਭਾਈ ਬਲਦੇਵ ਸਿੰਘ ਵਡਾਲਾ, ਬਾਬਾ ਹਰਨਾਮ ਸਿੰਘ ਖ਼ਾਲਸਾ ਸਮੇਤ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਅਤੇ ਸਨਮਾਨ ਵੀ ਕੀਤਾ ਗਿਆ। ਬਰਗਾੜੀ, ਕੋਟਕਪੂਰਾ ਵਿਖੇ ਵਿਸ਼ੇਸ਼ ਤੌਰ ਉੱਤੇ ਯਾਤਰਾ ਦਾ ਵਿਸ਼ੇਸ਼ ਸਵਾਗਤ ਹੋਇਆ।

ਇਹ ਯਾਤਰਾ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼ੁਰੂ ਹੋ ਕੇ ਪਹਿਲੇ ਦਿਨ ਭਰਤਗੜ੍ਹ, ਰੋਪੜ, ਬਲਾਚੌਰ, ਬੰਗਾ ਤੇ ਫਗਵਾੜਾ ਤੋਂ ਲੰਘੀ। ਦੂਜੇ ਦਿਨ ਯਾਤਰਾ ਜਲੰਧਰ ਤੋਂ ਆਦਮਪੁਰ, ਕਰਤਾਰਪੁਰ, ਬਾਬਾ ਬਕਾਲਾ, ਰਈਆ, ਜੰਡਿਆਲਾ, ਅੰਮ੍ਰਿਤਸਰ ਦੱਖਣੀ, ਪੂਰਬੀ ਤੇ ਮੱਧ, ਪੱਟੀ, ਜ਼ੀਰਾ, ਫਿਰੋਜ਼ਪੁਰ ਦਿਹਾਤੀ, ਫਰੀਦਕੋਟ ਤੇ ਕੋਟਕਪੂਰਾ ਤੋਂ ਹੁੰਦੀ ਹੋਈ ਭੁੱਚੋ ਮੰਡੀ ਤੋਂ ਬਠਿੰਡਾ ਪਹੁੰਚੀ। ਤੀਜੇ ਦਿਨ ਇਹ ਯਾਤਰਾ ਬਠਿੰਡਾ, ਕੋਟਸ਼ਮੀਰ, ਤਲਵੰਡੀ ਸਾਬੋ, ਸਰਦੂਲਗੜ੍ਹ, ਮਾਨਸਾ ਤੇ ਬਰਨਾਲਾ ਤੋਂ ਹੁੰਦੀ ਹੋਈ ਗੁਰਦੁਆਰਾ ਮਸਤੂਆਣਾ ਸਾਹਿਬ ਵਿਖੇ ਸਮਾਪਤ ਹੋਇਆ। ਅੱਜ ਇਹ ਯਾਤਰਾ ਸੰਗਰੂਰ ਤੋਂ ਸਮਾਣਾ, ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ, ਪਟਿਆਲਾ ਦਿਹਾਤੀ ਤੋਂ ਹੁੰਦੀ ਹੋਈ ਸ੍ਰੀ ਫ਼ਤਿਹਗੜ੍ਹ ਸਾਹਿਬ ਵਿਖੇ ਸਮਾਪਤ ਹੋਈ। ਸ਼ੁਕਰਾਨਾ ਯਾਤਰਾ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਆਨੰਦਪੁਰ ਸਾਹਿਬ ਤੋਂ ਬਾਅਦ ਉਹ 9 ਮਈ ਤੱਕ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਮਦਮਾ ਸਾਹਿਬ, ਮਸਤੂਆਣਾ ਸਾਹਿਬ, ਗੁਰਦੁਆਰਾ ਦੁਖ ਨਿਵਾਰਨ ਸਾਹਿਬ ਅਤੇ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋਣਗੇ।" ਉਨ੍ਹਾਂ ਬੇਹੱਦ ਗਰਮੀ ਦੇ ਬਾਵਜੂਦ ਇੱਥੇ ਇਕੱਤਰ ਹੋਏ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ "ਇਸ ਯਾਤਰਾ ਦਾ ਇੱਕੋ ਇੱਕ ਮੰਤਵ ਇਸ ਮਹੱਤਵਪੂਰਨ ਐਕਟ ਨੂੰ ਪਾਸ ਕਰਨ ਲਈ ਤਾਕਤ ਤੇ ਬਖ਼ਸ਼ਣ ਲਈ ਪਰਮਾਤਮਾ ਦਾ ਸ਼ੁਕਰਾਨਾ ਕਰਨਾ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ ਤਾਂ ਇਕ ਮਾਧਿਅਮ ਹਾਂ, ਜਿਸ ਨੂੰ ਗੁਰੂ ਸਾਹਿਬ ਨੇ ਇਹ ਪਵਿੱਤਰ ਜ਼ਿੰਮੇਵਾਰੀ ਨਿਭਾਉਣ ਲਈ ਚੁਣਿਆ ਹੈ। ਮੈਂ ਇਸ ਐਕਟ ਨੂੰ ਪਾਸ ਕਰਨ ਵਾਲਾ ਕੋਈ ਨਹੀਂ ਹਾਂ। ਗੁਰੂ ਸਾਹਿਬ ਨੇ ਖ਼ੁਦ ਇਹ ਸੇਵਾ ਮੇਰੇ ਤੋਂ ਲਈ ਹੈ। ਪਰਮਾਤਮਾ ਅਜਿਹੀ ਸੇਵਾ ਸਿਰਫ਼ ਉਨ੍ਹਾਂ ਨੂੰ ਹੀ ਸੌਂਪਦਾ ਹੈ, ਜਿਨ੍ਹਾਂ ਨੂੰ ਉਸ ਨੇ ਖ਼ੁਦ ਚੁਣਿਆ ਹੁੰਦਾ ਹੈ। ਮੈਂ ਗੁਰੂ ਸਾਹਿਬ ਦਾ ਇਕ ਨਿਮਾਣਾ ਸੇਵਕ ਹਾਂ, ਜਿਸ ਨੂੰ ਇਹ ਕਾਰਜ ਸੌਂਪਿਆ ਗਿਆ ਹੈ।" ਅੰਮ੍ਰਿਤਸਰ 'ਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕ ਕੇ ਦਿਨ ਦੀ ਸ਼ੁਰੂਆਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ, ਜਿਨ੍ਹਾਂ ਨੇ ਉਨ੍ਹਾਂ ਦੀ ਸਰਕਾਰ ਨੂੰ ਦੇਸ ਦਾ ਸਭ ਤੋਂ ਸਖਤ ਬੇਅਦਬੀ ਵਿਰੋਧੀ ਕਾਨੂੰਨ ਲਾਗੂ ਕਰਨ ਦਾ ਮੌਕਾ ਬਖਸ਼ਿਆ। ਅੰਮ੍ਰਿਤਸਰ, ਰਈਆ, ਕਰਤਾਰਪੁਰ, ਆਦਮਪੁਰ ਤੇ ਮਾਝੇ ਦੇ ਹੋਰ ਹਿੱਸਿਆਂ ਵਿੱਚ ਯਾਤਰਾ ਦੌਰਾਨ, ਲੋਕ ਵੱਡੀ ਗਿਣਤੀ ਵਿੱਚ ਸੜਕਾਂ 'ਤੇ ਇਕੱਠੇ ਹੋਏ ਤੇ ਮੁੱਖ ਮੰਤਰੀ ਦੇ ਕਾਫਲੇ 'ਤੇ ਫੁੱਲਾਂ ਦੀ ਵਰਖਾ ਕੀਤੀ ਤੇ ਉਨ੍ਹਾਂ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ। ਲੋਕਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਾਣ-ਮਰਿਆਦਾ ਦੀ ਰਾਖੀ ਲਈ ਇਸ ਕਾਨੂੰਨ ਦਾ ਇਤਿਹਾਸਕ ਕਦਮ ਵਜੋਂ ਸਵਾਗਤ ਕੀਤਾ। ਚਾਰ ਰੋਜ਼ਾ 'ਸ਼ੁਕਰਾਨਾ ਯਾਤਰਾ' ਦੇ ਤੀਜੇ ਦਿਨ ਮਾਲਵਾ ਖੇਤਰ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤੀ ਜਨਤਾ ਪਾਰਟੀ ਤੇ ਫਿਰਕੂ ਤਾਕਤਾਂ 'ਤੇ ਵਰ੍ਹਦਿਆਂ ਕਿਹਾ ਕਿ ਭਗਵਾਂ ਪਾਰਟੀ ਪੰਜਾਬੀਆਂ 'ਤੇ ਦੇਸ਼ ਵਿਰੋਧੀ ਹੋਣ ਦਾ ਠੱਪਾ ਲਾਉਣ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵੋਟਾਂ ਬਟੋਰਨ ਦੀ ਖਾਤਰ ਪੰਜਾਬ ਦੀ ਸਦੀਆਂ ਪੁਰਾਣੀ ਭਾਈਚਾਰਕ ਸਾਂਝ ਦੀਆਂ ਮਜ਼ਬੂਤ ਤੰਦਾਂ ਨੂੰ ਖੇਰੂੰ-ਖੇਰੂੰ ਕਰਨ ਦੀ ਗਹਿਰੀ ਸਾਜ਼ਿਸ਼ ਰਚ ਰਹੀ ਹੈ।

ਮੁੱਖ ਮੰਤਰੀ ਨੇ ਬਠਿੰਡਾ ਤੋਂ ਯਾਤਰਾ ਦੀ ਸ਼ੁਰੂਆਤ ਕੀਤੀ ਤੇ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਿਆ। ਵੱਖ-ਵੱਖ ਥਾਈਂ ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਪੱਛਮੀ ਬੰਗਾਲ ਵਿੱਚ ਸੁਰੂ ਕੀਤੀ ਗਈ "ਡਰ ਤੇ ਵੰਡ ਦੀ ਰਾਜਨੀਤੀ" ਹੁਣ ਪੰਜਾਬ ਵਿੱਚ ਲਾਗੂ ਕਰਨ ਦੀ ਸਾਜ਼ਿਸ਼ ਘੜੀ ਜਾ ਰਹੀ ਹੈ, ਜਿੱਥੇ ਫਿਰਕੂ ਤਾਕਤਾਂ ਸਮਾਜ ਦੇ ਧਰੁਵੀਕਰਨ ਅਤੇ ਸੱਤਾ 'ਤੇ ਕਬਜਾ ਕਰਨ ਲਈ ਭਾਈਚਾਰਿਆਂ ਨੂੰ ਇੱਕ ਦੂਜੇ ਦੇ ਵਿਰੁੱਧ ਖੜ੍ਹਾ ਕਰਨ ਦੀ ਕੋਸ਼ਿਸ ਕਰ ਰਹੀਆਂ ਹਨ। ਮੁੱਖ ਮੰਤਰੀ ਨੇ ਇਹ ਵੀ ਜੋਰ ਦੇ ਕੇ ਕਿਹਾ ਕਿ ਦੇਸ ਦੀ ਆਜਾਦੀ ਤੇ ਏਕਤਾ ਲਈ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੇ ਪੰਜਾਬੀ ਅਜਿਹੀਆਂ ਤਾਕਤਾਂ ਨੂੰ ਮੂੰਹ ਤੋੜਵਾਂ ਜਵਾਬ ਦੇਣਗੇ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਬੇਅਦਬੀ ਦੇ ਮਾਮਲਿਆਂ ਵਿੱਚ ਸਾਮਲ ਲੋਕਾਂ, ਜਿਨ੍ਹਾਂ 'ਚ ਸਰਪ੍ਰਸਤ ਵੀ ਸਾਮਲ ਹਨ, ਨੂੰ ਹੁਣ ਨਵੇਂ ਕਾਨੂੰਨ ਤਹਿਤ ਸਖਤ ਸਜਾਵਾਂ ਦਾ ਸਾਹਮਣਾ ਕਰਨਾ ਪਵੇਗਾ, ਜਿਸ ਵਿੱਚ ਉਮਰ ਕੈਦ ਤੇ 50 ਲੱਖ ਰੁਪਏ ਤੱਕ ਦਾ ਜੁਰਮਾਨਾ ਸ਼ਾਮਲ ਹੈ। ਤਲਵੰਡੀ ਸਾਬੋ, ਬਠਿੰਡਾ ਸਹਿਰ ਤੇ ਕੋਟਸਮੀਰ ਵਿਖੇ ਵਿਸਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬੀਆਂ ਨੂੰ ਸੂਬੇ ਦੀ ਸਾਂਤੀ, ਭਾਈਚਾਰਕ ਸਾਂਝ ਤੇ ਸਦਭਾਵਨਾ ਲਈ ਘਾਤਕ ਫੁੱਟ ਪਾਊ ਤਾਕਤਾਂ ਵਿਰੁੱਧ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਜੋਰ ਦੇ ਕੇ ਕਿਹਾ ਕਿ ਫਿਰਕੂ ਸਿਆਸਤ ਨੂੰ ਪੰਜਾਬ ਦੇ ਸਦੀਆਂ ਪੁਰਾਣੇ ਭਾਈਚਾਰੇ ਵਿੱਚ ਫੁੱਟ ਪਾਉਣ ਦੀ ਇਜਾਜਤ ਨਹੀਂ ਦਿੱਤੀ ਜਾਵੇਗੀ। ਮਾਨਸਾ ਤੇ ਸਰਦੂਲਗੜ੍ਹ ਵਿਖੇ 'ਸੁਕਰਾਨਾ ਯਾਤਰਾ' ਦੌਰਾਨ ਬੇਮਿਸਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ, ਪੰਜਾਬ ਦੀ ਭਾਈਚਾਰਕ ਸਾਂਝ ਨੂੰ ਬਣਾਈ ਰੱਖਣ ਅਤੇ 'ਬੇਅਦਬੀ' ਘਟਨਾਵਾਂ 'ਚ ਸਾਮਲ ਲੋਕਾਂ ਨੂੰ ਮਿਸਾਲੀ ਸਜਾ ਯਕੀਨੀ ਬਣਾਉਣ ਲਈ ਪੂਰੀ ਇਮਾਨਦਾਰੀ, ਪਾਰਦਰਸਤਾ ਤੇ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦਹਾਕਿਆਂ ਤੋਂ, ਪੰਜਾਬ ਦੇ ਲੋਕਾਂ ਨੂੰ ਪਿਛਲੀਆਂ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਮਾਰ ਝੱਲਣੀ ਪਈ, ਪਰ ਹੁਣ ਸੂਬੇ ਵਿੱਚ ਜਵਾਬਦੇਹੀ, ਵਿਕਾਸ ਅਤੇ ਨਿਆਂ ਦੇ ਇੱਕ ਨਵੇਂ ਯੁੱਗ ਦੀ ਸੁਰੂਆਤ ਹੋਈ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਤੇ ਕਾਂਗਰਸ ਦੇ ਆਗੂਆਂ ਨੇ 'ਬੇਅਦਬੀ' ਵਿਰੋਧੀ ਸਖਤ ਕਾਨੂੰਨ ਨੂੰ ਰੱਦ ਕਰਵਾਉਣ ਲਈ ਹਾਈ ਕੋਰਟ ਦਾ ਦਰਵਾਜਾ ਖੜਕਾਇਆ ਹੈ ਕਿਉਂਕਿ ਉਹ ਖੁਦ ਨੂੰ ਅਤੇ ਆਪਣੇ ਰਾਜਨੀਤਿਕ ਸਾਥੀਆਂ ਨੂੰ ਕਾਨੂੰਨ ਦੇ ਦਾਇਰੇ ਤੋਂ ਬਚਾਉਣਾ ਚਾਹੁੰਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤੀਜੇ ਦਿਨ ਗੁਰਦੁਆਰਾ ਸ੍ਰੀ ਮਸਤੂਆਣਾ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਪੰਜਾਬ ਤੇ ਇਥੋਂ ਲੋਕਾਂ ਦੀ ਸ਼ਾਂਤੀ, ਤਰੱਕੀ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਆਪਣੀ 'ਸ਼ੁਕਰਾਨਾ ਯਾਤਰਾ' ਦੌਰਾਨ ਮੁੱਖ ਮੰਤਰੀ ਨੇ ਨਾਗਰਿਕਾਂ ਦੀ ਭਲਾਈ ਵਾਸਤੇ ਕੰਮ ਕਰਦੇ ਰਹਿਣ ਲਈ ਪਰਮਾਤਮਾ ਤੋਂ ਅਸ਼ੀਰਵਾਦ ਮੰਗਿਆ ਅਤੇ ਇਮਾਨਦਾਰੀ ਤੇ ਸਮਰਪਿਤ ਭਾਵਨਾ ਨਾਲ ਸੂਬੇ ਦੀ ਸੇਵਾ ਕਰਨ ਸਬੰਧੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। 'ਸ਼ੁਕਰਾਨਾ ਯਾਤਰਾ' ਦੇ ਕੁਝ ਅੰਸ਼ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ ' ਹੈਂਡਲ ਤੇ ਲਿਖਿਆ, "ਅੱਜ, 'ਸ਼ੁਕਰਾਨਾ ਯਾਤਰਾ' ਦੇ ਤੀਜੇ ਦਿਨ, ਮੈਨੂੰ ਸ਼ਹੀਦਾਂ ਤੇ ਗੁਰੂਆਂ ਦੀ ਪਵਿੱਤਰ ਧਰਤੀ, ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਣ ਦਾ ਸੁਭਾਗ ਪ੍ਰਾਪਤ ਹੋਇਆ। ਇਹ ਇੱਕ ਕੰਮਕਾਜੀ ਦਿਨ ਅਤੇ ਅਤਿ ਦੀ ਗਰਮੀ ਹੋਣ ਦੇ ਬਾਵਜੂਦ, ਇੰਨੀ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਤੁਸੀਂ ਮੇਰੇ 'ਤੇ ਜੋ ਅਥਾਹ ਪਿਆਰ, ਅਸੀਸਾਂ ਤੇ ਉਤਸ਼ਾਹ ਵਰ੍ਹਾਇਆ, ਉਸ ਲਈ ਮੈਂ ਬਹੁਤ ਧੰਨਵਾਦੀ ਹਾਂ ।" ਬਰਨਾਲਾ ਜ਼ਿਲੇ ਵਿੱਚ ਧਨੌਲਾ ਵਿਖੇ ਮੁੱਖ ਮੰਤਰੀ ਨੇ ਵੱਡੇ ਇਕੱਠ ਨੂੰ ਸੰਬੋਧਨ ਕੀਤਾ।








## ਵਧਦੀ ਗਰਮੀ ਦੌਰਾਨ ਵੀ ਸੰਗਤਾਂ ਸੜਕਾਂ 'ਤੇ ਵੱਡੀ ਗਿਣਤੀ 'ਚ ਉੱਤਰੀਆਂ

































## ਕੋਟਕਪੂਰਾ 'ਚ ਬੇਅਦਬੀ ਵਿਰੁੱਧ ਸਖ਼ਤ ਕਾਰਵਾਈ ਲਈ ਹੋਇਆ ਭਾਰੀ ਇਕੱਠ

ਕੋਟਕਪੂਰਾ/ਫਰੀਦਕੋਟ, 9 ਮਈ (ਚ.ਨ.ਸ.): ਸਾਲ 2016 'ਚ ਬੇਅਦਬੀ ਤੇ ਨਿਰਦੋਸ ਪ੍ਰਦਰਸਨਕਾਰੀਆਂ 'ਤੇ ਗੋਲੀਬਾਰੀ ਤੋਂ ਬਾਅਦ ਭਿਆਨਕ ਕਾਰਵਾਈ ਦੀ ਗਵਾਹ ਬਣੀ ਇਸ ਧਰਤੀ 'ਤੇ ਸੁਕਰਾਨਾ ਯਾਤਰਾ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਭਾਰੀ ਗਿਣਤੀ ਇਕੱਠ ਨੇ ਜੋਰਦਾਰ ਸਵਾਗਤ ਕੀਤਾ। ਬੇਅਦਬੀ ਵਿਰੋਧੀ ਕਾਨੂੰਨ ਪਾਸ ਕਰਨ ਲਈ ਧੰਨਵਾਦ ਕਰਨ ਲਈ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਜਾਣ-ਬੁੱਝ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜੇ ਬੇਅਦਬੀ ਮਾਮਲਿਆ ਵਿੱਚ ਇਨਸਾਫ ਦੇਣ ਵਿੱਚ ਅਸਫਲ ਰਹੀਆਂ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਇਰਾਦੇ ਅਤੇ ਰਾਜਨੀਤਿਕ ਇੱਛਾ ਸਕਤੀ ਦੀ ਘਾਟ ਸੀ, ਜਦੋਂ ਕਿ ਮੌਜੂਦਾ ਸਰਕਾਰ ਨੇ ਦੋਸੀਆਂ ਨੂੰ ਸਜਾ ਦੇਣ ਤੇ ਸਿੱਖ ਧਾਰਮਿਕ ਭਾਵਨਾਵਾਂ ਦੀ ਰਾਖੀ ਲਈ ਸਖਤ ਕਾਨੂੰਨੀ ਉਪਾਅ ਪੇਸ ਕੀਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਬੇਅਦਬੀ ਵਿਰੁੱਧ ਸਖਤ ਕਾਨੂੰਨ ਬਣਾਇਆ ਹੈ, ਜਿਸ 'ਚ ਉਮਰ ਕੈਦ ਤੱਕ ਦੀ ਸਜਾ ਦੀ ਵਿਵਸਥਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਭਵਿੱਖ 'ਚ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦੀ ਹਿੰਮਤ ਨਾ ਕਰੇ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਕੋਲ ਅਜਿਹਾ ਕਾਨੂੰਨ ਲਿਆਉਣ ਦੇ ਕਾਫੀ ਮੌਕੇ ਸਨ ਪਰ "ਅਸਪਸਟ ਇਰਾਦਿਆਂ" ਅਤੇ ਬੇਅਦਬੀ ਦੀਆਂ ਘਟਨਾਵਾਂ ਲਈ ਜ਼ਿੰਮੇਵਾਰ ਲੋਕਾਂ ਨੂੰ ਬਚਾਉਣ ਦੀਆਂ ਕਥਿਤ ਕੋਸ਼ਿਸਾਂ ਕਾਰਨ ਉਹ ਅਜਿਹਾ ਕਰਨ ਵਿੱਚ ਅਸਫਲ ਰਹੀਆਂ। ਉਨ੍ਹਾਂ ਟਿੱਪਣੀ ਕੀਤੀ ਕਿ ਪਹਿਲਾਂ ਬਹੁਤ ਸਾਰੇ ਮਾਮਲਿਆਂ ਵਿੱਚ ਦੋਸੀ ਮਾਨਸਿਕ ਸੰਤੁਲਨ ਠੀਕ ਨਾ ਹੋਣ ਬਹਾਨੇ ਸਜਾ ਤੋਂ ਬਚ ਜਾਂਦੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਵੇਂ ਕਾਨੂੰਨ ਵਿੱਚ ਇਹ ਵਿਵਸਥਾ ਕੀਤੀ ਗਈ ਹੈ ਕਿ ਜੇ ਸੂਬੇ ਵਿੱਚ ਕੋਈ ਬੇਅਦਬੀ ਹੁੰਦੀ ਹੈ ਤਾਂ ਅਜਿਹੇ ਵਿਅਕਤੀਆਂ ਦੇ ਕਸਟੋਡੀਅਨ 'ਤੇ ਵੀ ਮੁਕੱਦਮਾ ਚਲਾਇਆ ਜਾਵੇਗਾ।

ਸਪੀਕਰ ਕੁਲਤਾਰ ਸਿੰਘ ਸੰਧਵਾ ਦੀ ਹਾਜਰੀ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪਰਮਾਤਮਾ ਨੇ ਉਨ੍ਹਾਂ ਨੂੰ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ 2026 ਲਾਗੂ ਕਰਕੇ ਮਨੁੱਖਤਾ ਦੀ ਸੇਵਾ ਕਰਨ ਦੀ ਸੇਵਾ ਬਖਸੀ ਹੈ, ਜਿਸ ਵਿੱਚ ਬੇਅਦਬੀ ਲਈ ਸਖਤ ਸਜਾ ਦੀ ਵਿਵਸਥਾ ਹੈ। ਉਨ੍ਹਾਂ ਲੋਕਾਂ ਨੂੰ ਪਿੰਡਾਂ ਵਿੱਚ ਜਾਣ ਅਤੇ ਜਨਤਾ ਨੂੰ ਜਾਗਰੂਕ ਕਰਨ ਦੀ ਅਪੀਲ ਕੀਤੀ ਕਿ ਹੁਣ ਜੋ ਵੀ ਇਸ ਘਿਨਾਉਣੇ ਅਪਰਾਧ ਵਿੱਚ ਸਾਮਲ ਪਾਇਆ ਜਾਵੇਗਾ, ਉਸ ਨਾਲ ਸਖਤੀ ਨਾਲ ਨਜਿੱਠਿਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੇ ਸਾਸਕਾਂ ਦਾ ਬੇਅਦਬੀ ਰੋਕਣ ਲਈ ਕਾਨੂੰਨ ਬਣਾਉਣ ਦਾ ਨਾ ਤਾਂ ਇਰਾਦਾ ਸੀ ਤੇ ਨਾ ਹੀ ਇੱਛਾ ਸਕਤੀ, ਜਿਸ ਕਾਰਨ ਉਨ੍ਹਾਂ ਦੇ ਸਾਸਨਕਾਲ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਇੱਕ ਨਿਯਮਿਤ ਘਟਨਾ ਸੀ। ਮੁੱਖ ਮੰਤਰੀ ਨੇ ਸਪੱਸਟ ਕੀਤਾ ਕਿ ਸੂਬਾ ਸਰਕਾਰ ਵੱਲੋਂ ਪਾਸ ਕੀਤਾ ਗਿਆ ਕਾਨੂੰਨ ਇਸ ਨੂੰ ਖਤਮ ਕਰ ਦੇਵੇਗਾ ਕਿਉਂਕਿ ਕੋਈ ਵੀ ਇਸ ਨਾ-ਮੁਆਫੀਯੋਗ ਅਪਰਾਧ ਵਿੱਚ ਸਾਮਲ ਹੋਣ ਦੀ ਹਿੰਮਤ ਕਦੇ ਨਹੀਂ ਕਰੇਗਾ। ਅਕਾਲੀਆਂ ਦੀ ਨਿੰਦਾ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਸੂਬੇ ਭਰ ਵਿੱਚ ਬੇਅਦਬੀ ਵਿਰੁੱਧ ਵਿਰੋਧ ਪ੍ਰਦਰਸਨ ਕਰਨ ਲਈ ਇਕੱਠੇ ਹੋਏ ਨਿਰਦੋਸ ਲੋਕਾਂ 'ਤੇ ਗੋਲੀ ਚਲਾਉਣ ਦੇ ਹੁਕਮ ਦਿੱਤੇ ਸਨ। ਉਨ੍ਹਾਂ ਕਿਹਾ ਕਿ ਇਹ ਧਰਤੀ ਅਕਾਲੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਿੱਖ ਪੰਥ ਪ੍ਰਤੀ ਦਿਖਾਈ ਗਈ ਧੱਕੇਸਾਹੀ ਅਤੇ ਘੋਰ ਨਿਰਾਦਰ ਦੀ ਹਮੇਸਾ ਗਵਾਹ ਰਹੇਗੀ। ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਅਤੇ ਸਤਿਕਾਰ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਬੇਅਦਬੀ ਦੀਆਂ ਘਟਨਾਵਾਂ ਵਿੱਚ ਸਾਮਲ ਕਿਸੇ ਵੀ ਵਿਅਕਤੀ ਵਿਰੁੱਧ ਸਖਤ ਕਾਰਵਾਈ ਯਕੀਨੀ ਬਣਾਉਣ ਲਈ ਦ੍ਰਿੜ੍ਹ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿੱਖ ਕਦਰਾਂ-ਕੀਮਤਾਂ ਤੇ ਜਨਤਕ ਭਾਵਨਾਵਾਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਇਹ ਧਰਤੀ ਅਜਿਹੇ ਸਮੇਂ ਦੀ ਗਵਾਹ ਹੈ, ਜਿਸ ਨੇ ਸਮੁੱਚੀ ਸਿੱਖ ਸੰਗਤ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਇਹ ਕਾਨੂੰਨ ਇਸ ਲਈ ਬਣਾਇਆ ਹੈ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾ ਵਾਪਰਨ।












## ਸੰਪਾਦਕੀ

# ਅਵਾਰਾ ਕੁੱਤਿਆਂ ਦੀ ਦਹਿਸ਼ਤ

ਬੁੱਧਵਾਰ ਨੂੰ ਪੰਜਾਬ ਦੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਅਵਾਰਾ ਕੁੱਤਿਆਂ ਵੱਲੋਂ ਇੱਕ ਲੜਕੀ 'ਤੇ ਕੀਤੇ ਗਏ ਹਮਲੇ ਨੇ ਇੱਕ ਵਾਰ ਫਿਰ ਸਾਰਿਆਂ ਨੂੰ ਹੈਰਾਨ ਕਰ ਦਿੱਤਾ ਹੈ। ਸਕੂਲ ਜਾਣ ਵੇਲੇ ਇਸ ਝੁੰਡ ਨੇ ਲੜਕੀ ਨੂੰ ਕੱਟ-ਕੱਟ ਕੇ ਮਾਰ ਦਿੱਤਾ। ਸਵਾਲ ਇਹ ਹੈ ਕਿ ਜੇਕਰ ਇਲਾਕੇ ਦੇ ਕੁੱਤੇ ਹਮਲਾਵਰ ਹੋ ਗਏ ਸਨ, ਤਾਂ ਸਥਾਨਕ ਪ੍ਰਸ਼ਾਸਨ ਨੇ ਸਮੇਂ ਸਿਰ ਕਾਰਵਾਈ ਕਿਉਂ ਨਹੀਂ ਕੀਤੀ? ਸੁਪਰੀਮ ਕੋਰਟ ਵੱਲੋਂ ਖ਼ਤਰਾ ਬਣ ਚੁੱਕੇ ਕੁੱਤਿਆਂ ਬਾਰੇ ਸਪੱਸ਼ਟ ਆਦੇਸ਼ਾਂ ਦੇ ਬਾਵਜੂਦ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਜਨਤਕ ਸੁਰੱਖਿਆ ਸਰਕਾਰ ਦੀ ਜ਼ਿੰਮੇਵਾਰੀ ਹੈ, ਪਰ ਜ਼ਿੰਮੇਵਾਰੀ ਦੀ ਇਸ ਭਾਵਨਾ ਦੀ ਕਿਸੇ ਵੀ ਪੱਧਰ 'ਤੇ ਘਾਟ ਹੈ। ਪੰਜਾਬ ਵਿੱਚ ਜੋ ਕੁਝ ਹੋਇਆ ਉਹ ਕੋਈ ਇਕੱਲੀ ਘਟਨਾ ਨਹੀਂ ਹੈ। ਪਹਿਲਾਂ ਵੀ ਅਜਿਹੀਆਂ ਘਟਨਾਵਾਂ ਵਾਪਰੀਆਂ ਹਨ। ਇਨ੍ਹਾਂ ਹੀ ਕਾਰਨਾਂ ਕਰਕੇ ਲੋਕਾਂ ਵਿੱਚ ਰੋਸ ਪੈਦਾ ਹੋਇਆ ਹੈ, ਜਿਸ ਕਾਰਨ ਹਿੰਸਕ ਕੁੱਤਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਜੇਕਰ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਅਵਾਰਾ ਕੁੱਤਿਆਂ ਦਾ ਝੁੰਡ ਹਿੰਸਕ ਹੋ ਗਿਆ ਹੈ, ਤਾਂ ਉਨ੍ਹਾਂ ਨੂੰ ਫੜਨ ਲਈ ਕੌਣ ਜ਼ਿੰਮੇਵਾਰ ਸੀ? ਜੇਕਰ ਉਨ੍ਹਾਂ ਦੀ ਪਛਾਣ ਕਰਕੇ ਸਮੇਂ ਸਿਰ ਕਿਸੇ ਆਸਰਾ ਸਥਾਨ 'ਤੇ ਭੇਜਿਆ ਜਾਂਦਾ, ਤਾਂ ਮਾਸੂਮ ਲੜਕੀ ਦੀ ਜਾਨ ਨਾ ਜਾਂਦੀ। ਇਹ ਇੱਕ ਅਜੀਬ ਵਿਡੰਬਨਾ ਹੈ ਕਿ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਦੇ ਬਾਵਜੂਦ, ਸਰਕਾਰੀ ਵਿਭਾਗ ਅਵਾਰਾ ਕੁੱਤਿਆਂ ਨੂੰ ਕੰਟਰੋਲ ਕਰਨਾ ਜ਼ਰੂਰੀ ਨਹੀਂ ਸਮਝਦੇ। ਮਹੀਨਿਆਂ ਤੱਕ ਅਦਾਲਤੀ ਸੁਣਵਾਈਆਂ ਅਤੇ ਬਾਅਦ ਵਿੱਚ ਦਿੱਤੇ ਗਏ ਨਿਰਦੇਸ਼ਾਂ ਦੇ ਬਾਵਜੂਦ, ਆਮ ਲੋਕਾਂ, ਖਾਸ ਕਰਕੇ ਬੱਚਿਆਂ ਦੀਆਂ ਜਾਨਾਂ ਖ਼ਤਰੇ ਵਿੱਚ ਹਨ। ਦੇਸ਼ ਪ੍ਰਤੀ ਚਿੰਤਾਵਾਂ ਅਤੇ ਸੁਰਖੀਆਂ ਦੇ ਬਾਵਜੂਦ, ਸਬੰਧਤ ਵਿਭਾਗ ਅਤੇ ਅਧਿਕਾਰੀ ਉਦਾਸੀਨ ਹਨ। ਜੇਕਰ ਰਿਹਾਇਸ਼ੀ ਖੇਤਰਾਂ ਤੋਂ ਹਿੰਸਕ ਕੁੱਤਿਆਂ ਨੂੰ ਹਟਾਉਣ ਲਈ ਕੋਈ ਯਤਨ ਨਹੀਂ ਕੀਤੇ ਜਾ ਰਹੇ ਹਨ ਤਾਂ ਇਸ ਨੂੰ ਗੰਭੀਰਤਾ ਨਾਲ ਲਿਆ ਜਾਣਾ ਚਾਹੀਦਾ ਹੈ। ਜੇਕਰ ਨਗਰ ਨਿਗਮ ਅਤੇ ਜ਼ਿਲ੍ਹਾ ਪ੍ਰਸ਼ਾਸਨ ਇਨ੍ਹਾਂ ਨਿਰਦੇਸ਼ਾਂ ਨੂੰ ਨਜ਼ਰਅੰਦਾਜ਼ ਕਰਦੇ ਹਨ ਤਾਂ ਆਮ ਲੋਕ ਕਿੱਥੇ ਜਾਣਗੇ? ਨਗਰ ਨਿਗਮ ਸੰਸਥਾਵਾਂ ਤੋਂ ਪੁੱਛਗਿੱਛ ਕੀਤੀ ਜਾਣੀ ਚਾਹੀਦੀ ਹੈ ਕਿ ਉਹ ਹਿੰਸਕ ਕੁੱਤਿਆਂ ਨੂੰ ਫੜਨ ਅਤੇ ਆਸਰਾ ਸਥਾਨਾਂ ਵਿੱਚ ਰੱਖਣ ਦੇ ਨਿਰਦੇਸ਼ਾਂ ਦੀ ਪਾਲਣਾ ਕਰਨ ਵਿੱਚ ਕਿਉਂ ਅਸਫਲ ਰਹੇ। ਜੇਕਰ ਅਵਾਰਾ ਕੁੱਤੇ ਹਮਲਾਵਰ ਹੋ ਰਹੇ ਹਨ ਤਾਂ ਤੁਰੰਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਨਗਰ ਨਿਗਮ ਸੰਸਥਾਵਾਂ ਨੂੰ ਵੀ ਜਵਾਬਦੇਹ ਬਣਾਇਆ ਜਾਣਾ ਚਾਹੀਦਾ ਹੈ। ਇਸ ਦਿਸ਼ਾ ਵਿੱਚ ਹੁਣ ਹਰ ਪੱਧਰ 'ਤੇ ਇੱਕ ਤਾਲਮੇਲ ਵਾਲੇ ਯਤਨ ਦੀ ਲੋੜ ਹੈ।

ਸਭ ਤੋਂ ਵੱਡਾ ਸਵਾਲ ਇਹ ਹੈ ਕਿ ਨਗਰ ਨਿਗਮਾਂ ਅਤੇ ਪੰਚਾਇਤਾਂ ਨੂੰ ਅਵਾਰਾ ਪਸ਼ੂਆਂ ਦੇ ਨਿਪਟਾਰੇ ਲਈ ਜੋ ਬਜਟ ਮਿਲਦਾ ਹੈ, ਉਹ ਕਿੱਥੇ ਖਰਚ ਹੋ ਰਿਹਾ ਹੈ? 'ਐਨੀਮਲ ਬਰਥ ਕੰਟਰੋਲ' (123) ਪ੍ਰੋਗਰਾਮ ਤਹਿਤ ਕੁੱਤਿਆਂ ਦੀ ਨਸਬੰਦੀ ਕਰਨਾ ਲਾਜ਼ਮੀ ਹੈ, ਪਰ ਅਸਲ ਵਿੱਚ ਇਹ ਪ੍ਰੋਗਰਾਮ ਸਿਰਫ਼ ਕਾਗਜ਼ਾਂ ਤੱਕ ਹੀ ਸੀਮਤ ਜਾਪਦੇ ਹਨ। ਜੇਕਰ ਨਸਬੰਦੀ ਅਤੇ ਟੀਕਾਕਰਨ ਮੁਹਿੰਮ ਨੂੰ ਇਮਾਨਦਾਰੀ ਨਾਲ ਲਾਗੂ ਕੀਤਾ ਜਾਂਦਾ ਤਾਂ ਕੁੱਤਿਆਂ ਦੀ ਗਿਣਤੀ ਅਤੇ ਉਨ੍ਹਾਂ ਦੇ ਹਿੰਸਕ ਰਵੱਈਏ ਨੂੰ ਨੱਥ ਪਾਈ ਜਾ ਸਕਦੀ ਸੀ। ਅਕਸਰ ਪਸ਼ੂ ਪ੍ਰੇਮੀ ਅਤੇ ਪ੍ਰਸ਼ਾਸਨ ਇਸ ਗੁੰਝਲ ਵਿੱਚ ਫਸ ਜਾਂਦੇ ਹਨ ਕਿ ਕੁੱਤਿਆਂ ਨੂੰ ਹਟਾਇਆ ਕਿਵੇਂ ਜਾਵੇ। ਪਰ ਇੱਥੇ ਇਹ ਸਮਝਣਾ ਜ਼ਰੂਰੀ ਹੈ ਕਿ ਮਨੁੱਖੀ ਜਾਨ ਦੀ ਕੀਮਤ ਸਭ ਤੋਂ ਉੱਪਰ ਹੈ। ਸੁਪਰੀਮ ਕੋਰਟ ਨੇ ਵੀ ਮੰਨਿਆ ਹੈ ਕਿ ਜੇਕਰ ਕੋਈ ਜਾਨਵਰ ਲੋਕਾਂ ਲਈ ਖ਼ਤਰਾ ਬਣ ਜਾਵੇ, ਤਾਂ ਉਸ ਨੂੰ ਰਿਹਾਇਸ਼ੀ ਇਲਾਕਿਆਂ ਤੋਂ ਦੂਰ ਕਰਨਾ ਪ੍ਰਸ਼ਾਸਨ ਦੀ ਮੁਢਲੀ ਜ਼ਿੰਮੇਵਾਰੀ ਹੈ। ਹੁਸ਼ਿਆਰਪੁਰ ਵਰਗੇ ਹਾਦਸਿਆਂ ਤੋਂ ਬਾਅਦ ਕੀ ਅਸੀਂ ਅਜੇ ਵੀ ਸਿਰਫ਼ ਨਿਯਮਾਂ ਦੀਆਂ ਕਿਤਾਬਾਂ ਹੀ ਫਰੋਲਦੇ ਰਹਾਂਗੇ ਜਾਂ ਕੋਈ ਸਖ਼ਤ ਕਦਮ ਚੁੱਕਾਂਗੇ? ਅਜਿਹੀਆਂ ਘਟਨਾਵਾਂ ਸਿਰਫ਼ ਸਰੀਰਕ ਜ਼ਖ਼ਮ ਨਹੀਂ ਦਿੰਦੀਆਂ, ਸਗੋਂ ਪੂਰੇ ਇਲਾਕੇ ਦੇ ਬੱਚਿਆਂ ਅਤੇ ਮਾਪਿਆਂ ਦੇ ਮਨਾਂ ਵਿੱਚ ਇੱਕ ਅਣਦੇਖਾ ਡਰ ਪੈਦਾ ਕਰ ਦਿੰਦੀਆਂ ਹਨ। ਅੱਜ ਪੰਜਾਬ ਦੇ ਕਈ ਪਿੰਡਾਂ ਵਿੱਚ ਹਾਲਤ ਇਹ ਹੈ ਕਿ ਬੱਚੇ ਇਕੱਲੇ ਸਕੂਲ ਜਾਣ ਤੋਂ ਡਰਦੇ ਹਨ। ਹੁਣ ਸਮਾਂ ਗੱਲਾਂ ਦਾ ਨਹੀਂ, ਸਗੋਂ ਠੋਸ ਨੀਤੀ ਬਣਾਉਣ ਦਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ: ਹਰ ਜ਼ਿਲ੍ਹੇ ਵਿੱਚ ਵੱਡੇ ਪੱਧਰ 'ਤੇ 'ਡੌਗ ਸ਼ੈਲਟਰ' (ਕੁੱਤਿਆਂ ਲਈ ਆਸਰਾ ਘਰ) ਬਣਾਏ ਜਾਣ। ਨਸਬੰਦੀ ਮੁਹਿੰਮ ਦੀ ਨਿਗਰਾਨੀ ਲਈ ਇੱਕ ਸੁਤੰਤਰ ਕਮੇਟੀ ਗਠਿਤ ਕੀਤੀ ਜਾਵੇ। ਲਾਪਰਵਾਹੀ ਵਰਤਣ ਵਾਲੇ ਅਧਿਕਾਰੀਆਂ 'ਤੇ ਭਾਰੀ ਜੁਰਮਾਨਾ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਜੇਕਰ ਹੁਣ ਵੀ ਅੱਖਾਂ ਨਾ ਖੁੱਲ੍ਹੀਆਂ ਤਾਂ ਅਸੀਂ ਅਗਲੇ ਹਾਦਸੇ ਦਾ ਇੰਤਜ਼ਾਰ ਕਰ ਰਹੇ ਹੋਵਾਂਗੇ, ਜੋ ਕਿ ਕਿਸੇ ਵੀ ਸਭਿਅਕ ਸਮਾਜ ਲਈ ਸ਼ਰਮਨਾਕ ਹੋਵੇਗਾ।

**-ਜਗਜੀਤ ਸਿੰਘ ਦਰਦੀ**

## ਅੱਜ ਪੰਜਾਬ ਦੀ ਰਾਜਨੀਤੀ ਦਾ ਮਹਾਂਸੰਕਟ

# ਅੱਜ ਟਕਰਾਅ, ਨੈਗੇਟਿਵ ਅਤੇ ਨਿਰਾਸ਼ ਹੋ ਚੁੱਕੇ ਲੋਕਾਂ ਦਾ ਭਟਕਦਾ ਪੰਜਾਬ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

### ਹੁਣ ਇਸ ਟਕਰਾਅ ਵਿੱਚ ਪੰਜਾਬ ਇੱਕ ਫੈਸਲਾਕੁੰਨ ਮੋੜ 'ਤੇ ਖੜ੍ਹਾ ਹੈ
### ਪੰਜਾਬ ਵਿੱਚ ਧਰਮ ਅਤੇ ਰਾਜਨੀਤੀ ਦਾ ਰਿਸ਼ਤਾ ਹਮੇਸ਼ਾਂ ਗਹਿਰਾ ਰਿਹੈ

ਅੱਜ ਪੰਜਾਬ ਇੱਕ ਵਾਰ ਫ਼ਿਰ ਫੈਸਲਾਕੁੰਨ ਮੋੜ 'ਤੇ ਖੜ੍ਹਾ ਹੈ। ਪੰਜਾਬ ਇਸ ਵੇਲੇ ਇੱਕ ਅਜਿਹੇ ਰਾਜਨੀਤਿਕ ਦੌਰ ਵਿੱਚੋਂ ਲੰਘ ਰਿਹਾ ਹੈ, ਜਿੱਥੇ ਸਿਰਫ਼ ਸਰਕਾਰਾਂ ਦਾ ਸੰਘਰਸ਼ ਨਹੀਂ ਚੱਲ ਰਿਹਾ, ਸਗੋਂ ਇੱਕ ਪੂਰੇ ਸਮਾਜ ਦੀ ਮਨੋਵਿਗਿਆਨਕ ਥਕਾਵਟ, ਆਰਥਿਕ ਬੇਬਸੀ ਅਤੇ ਭਵਿੱਖ ਪ੍ਰਤੀ ਡਰ ਵੀ ਸਾਹਮਣੇ ਆ ਰਿਹਾ ਹੈ। ਇੰਡਸਟਰੀ ਮੰਤਰੀ ਦੀ ਗ੍ਰਿਫ਼ਤਾਰੀ ਤੋਂ ਬਾਅਦ ਬਣਿਆ ਮਾਹੌਲ ਹੁਣ ਸਿਰਫ਼ ਕਾਨੂੰਨੀ ਜਾਂ ਪ੍ਰਸ਼ਾਸਨਿਕ ਮਸਲਾ ਨਹੀਂ ਰਿਹਾ। ਇਹ ਸਿੱਧਾ ਕੇਂਦਰ-ਰਾਜ ਸੰਬੰਧਾਂ, ਰਾਜਨੀਤਿਕ ਟਕਰਾਅ, ਧਾਰਮਿਕ ਸੰਵੇਦਨਸ਼ੀਲਤਾ ਅਤੇ 2027 ਦੀਆਂ ਚੋਣਾਂ ਦੇ ਵੋਟ-ਗਣਿਤ ਨਾਲ ਜੁੜਦਾ ਜਾ ਰਿਹਾ ਹੈ।

ਅੱਜ ਸਭ ਤੋਂ ਵੱਡਾ ਸਵਾਲ ਇਹ ਨਹੀਂ ਕਿ ਕੌਣ ਸਹੀ ਹੈ ਤੇ ਕੌਣ ਗਲਤ। ਅੱਜ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਇਸ ਸਾਰੀ ਰਾਜਨੀਤਿਕ ਲੜਾਈ ਵਿੱਚ ਪੰਜਾਬ ਕਿੱਥੇ ਖੜ੍ਹਾ ਹੈ?

ਕੀ ਪੰਜਾਬ ਮੁੜ ਇੱਕ ਅਜਿਹੇ ਦੌਰ ਵੱਲ ਧੱਕਿਆ ਜਾ ਰਿਹਾ ਹੈ, ਜਿੱਥੇ ਟਕਰਾਅ ਹੀ ਰਾਜਨੀਤੀ ਦਾ ਕੇਂਦਰ ਬਣ ਜਾਵੇ? ਜਾਂ ਫਿਰ ਇਹ ਸਿਰਫ਼ ਚੋਣਾਂ ਤੋਂ ਪਹਿਲਾਂ ਆਪਣੇ-ਆਪਣੇ ਨੈਰੇਟਿਵ ਬਣਾਉਣ ਦੀ ਰਾਜਨੀਤਿਕ ਕਵਾਇਦ ਹੈ?

ਅੱਜ ਇਹ ਸਵਾਲ ਹਰ ਸੋਚਣ ਵਾਲੇ ਪੰਜਾਬੀ ਦੇ ਮਨ ਵਿੱਚ ਹਨ। ਅੱਜ ਪੰਜਾਬ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਇੱਥੇ ਰਾਜਨੀਤੀ ਹੁਣ ਲੋਕਾਂ ਦੀਆਂ ਸਮੱਸਿਆਵਾਂ ਤੋਂ ਦੂਰ ਹੋ ਕੇ ਭਾਵਨਾਵਾਂ ਅਤੇ ਟਕਰਾਅ ਦੇ ਆਲੇ-ਦੁਆਲੇ ਘੁੰਮਣ ਲੱਗ ਪਈ ਹੈ।

ਅੱਜ ਕਿਸਾਨ ਕਰਜ਼ੇ ਵਿੱਚ ਡੁੱਬਿਆ ਹੋਇਆ ਹੈ। ਨੌਜਵਾਨ ਬੇਰੁਜ਼ਗਾਰੀ ਅਤੇ ਨਸ਼ਿਆਂ ਦੇ ਵਿਚਕਾਰ ਆਪਣਾ ਭਵਿੱਖ ਲੱਭ ਰਿਹਾ ਹੈ। ਛੋਟਾ ਵਪਾਰੀ ਜੀਐਸਟੀ, ਮਹਿੰਗਾਈ ਅਤੇ ਡਿੱਗਦੀ ਮਾਰਕੀਟ ਨਾਲ ਪੀੜਤ ਹੈ। ਉਦਯੋਗਪਤੀ ਪੰਜਾਬ ਛੱਡ ਕੇ ਹੋਰ ਰਾਜਾਂ ਵੱਲ ਜਾ ਰਹੇ ਹਨ। ਅੱਜ ਪਿੰਡ ਖਾਲੀ ਹੋ ਰਹੇ ਹਨ। ਘਰਾਂ ਵਿੱਚੋਂ ਨੌਜਵਾਨ ਕੈਨੇਡਾ, ਆਸਟ੍ਰੇਲੀਆ ਅਤੇ ਇੰਗਲੈਂਡ ਲਈ ਉੱਡ ਰਹੇ ਹਨ ਪਰ ਇਹਨਾਂ ਸਾਰੇ ਮਸਲਿਆਂ 'ਤੇ ਕੋਈ ਵੱਡੀ ਰਾਜਨੀਤਿਕ ਚਰਚਾ ਨਹੀਂ।

ਚਰਚਾ ਹੈ ਤਾਂ ਕੇਵਲ: ਗ੍ਰਿਫ਼ਤਾਰੀਆਂ, ਏਜੰਸੀਆਂ, ਧਾਰਮਿਕ ਬਿਆਨ, ਕੇਂਦਰ ਨਾਲ ਟਕਰਾਅ ਅਤੇ 2027 ਦੇ ਚੋਣ ਹਿਸਾਬਾਂ ਦੀ ਅਤੇ ਇਹੀ ਪੰਜਾਬ ਦੀ ਅੱਜ ਦੀ ਸਭ ਤੋਂ ਵੱਡੀ ਵਿਡੰਬਨਾ ਹੈ। ਜਦੋਂ ਆਮ ਆਦਮੀ ਪਾਰਟੀ ਜਦੋਂ ਪੰਜਾਬ ਵਿੱਚ ਆਈ ਸੀ ਤਾਂ ਉਸਨੇ ਆਪਣੇ ਆਪ ਨੂੰ ਪੁਰਾਣੀ ਰਾਜਨੀਤੀ ਦਾ ਵਿਕਲਪ ਦੱਸਿਆ ਸੀ। ਲੋਕਾਂ ਨੇ ਉਸਨੂੰ ਇੱਕ ਉਮੀਦ ਵਜੋਂ ਦੇਖਿਆ ਸੀ। ਕਾਂਗਰਸ ਅਤੇ ਅਕਾਲੀ ਦਲ ਦੀ ਲੰਮੀ ਰਾਜਨੀਤੀ ਤੋਂ ਥੱਕ ਚੁੱਕੇ ਪੰਜਾਬ ਨੇ ਇੱਕ ਨਵੇਂ ਪ੍ਰਯੋਗ ਨੂੰ ਮੌਕਾ ਦਿੱਤਾ ਪਰ ਹੁਣ ਹਾਲਾਤ ਇਹ ਹਨ ਕਿ ਆਪ ਸਰਕਾਰ ਲਗਾਤਾਰ ਇੱਕ ਅਜਿਹੀ ਰਾਜਨੀਤੀ ਵਿੱਚ ਫਸਦੀ ਜਾ ਰਹੀ ਹੈ, ਜਿਸ ਵਿੱਚ ਟਕਰਾਅ ਹੀ ਮੁੱਖ ਹਥਿਆਰ ਬਣਦਾ ਜਾ ਰਿਹਾ ਹੈ। ਇੰਡਸਟਰੀ ਮੰਤਰੀ ਦੀ ਗ੍ਰਿਫ਼ਤਾਰੀ ਤੋਂ ਬਾਅਦ ਆਪ ਨੇ ਇਸ ਮਸਲੇ ਨੂੰ ਸਿਰਫ਼ ਕਾਨੂੰਨੀ ਨਹੀਂ, ਸਗੋਂ ਪੰਜਾਬ ਦੀ ਆਵਾਜ਼ ਦਬਾਉਣ ਵਾਲੇ ਨੈਰੇਟਿਵ ਨਾਲ ਜੋੜ ਦਿੱਤਾ ਹੈ। ਅੱਜ ਇਹ ਨੈਰੇਟਿਵ ਨਵਾਂ ਨਹੀਂ ਹੈ। ਭਾਰਤੀ ਰਾਜਨੀਤੀ ਵਿੱਚ ਜਦੋਂ ਵੀ ਕੋਈ ਖੇਤਰੀ ਸਰਕਾਰ ਕੇਂਦਰ ਨਾਲ ਟਕਰਾਅ ਵਿੱਚ ਆਉਂਦੀ ਹੈ, ਉਹ ਅਕਸਰ ਸੂਬਾਈ ਅਸਮੀਤਾ ਦਾ ਸਹਾਰਾ ਲੈਂਦੀ ਹੈ। ਪੰਜਾਬ ਵਿੱਚ ਇਹ ਭਾਵਨਾ ਹੋਰ ਵੀ ਸੰਵੇਦਨਸ਼ੀਲ ਹੈ, ਕਿਉਂਕਿ ਇੱਥੇ ਇਤਿਹਾਸਕ ਤੌਰ 'ਤੇ ਕੇਂਦਰ-ਰਾਜ ਸੰਬੰਧ ਹਮੇਸ਼ਾਂ ਭਾਵਨਾਤਮਕ ਰਹੇ ਹਨ ਪਰ ਸਵਾਲ ਇਹ ਹੈ ਕਿ ਕੀ ਇਹ ਟਕਰਾਅ ਪੰਜਾਬ ਨੂੰ ਮਜ਼ਬੂਤ ਕਰੇਗਾ ਜਾਂ ਹੋਰ ਅਸਥਿਰ? ਅੱਜ ਪੰਜਾਬ ਦਾ ਇਤਿਹਾਸ ਸਾਨੂੰ ਵਾਰ-ਵਾਰ ਚੇਤਾਵਨੀ ਦਿੰਦਾ ਹੈ ਕਿ ਜਦੋਂ ਰਾਜਨੀਤੀ ਭਾਵਨਾਵਾਂ ਨੂੰ ਬੇਹੱਦ ਉਤੇਜਿਤ ਕਰਦੀ ਹੈ, ਤਾਂ ਸਮਾਜ ਦੀ ਸੰਤੁਲਨ ਸ਼ਕਤੀ ਕਮਜ਼ੋਰ ਹੋਣ ਲੱਗਦੀ ਹੈ। 1980 ਦੇ ਦਹਾਕੇ ਵਿੱਚ ਵੀ ਸ਼ੁਰੂਆਤ ਛੋਟੇ-ਛੋਟੇ ਟਕਰਾਅ ਨਾਲ ਹੀ ਹੋਈ ਸੀ।

ਹੌਲੀ ਹੌਲੀ ਰਾਜਨੀਤਿਕ ਬਿਆਨ, ਧਾਰਮਿਕ ਭਾਵਨਾਵਾਂ, ਕੇਂਦਰ-ਰਾਜ ਅਵਿਸ਼ਵਾਸ ਅਤੇ ਨੌਜਵਾਨਾਂ ਦੀ ਨਿਰਾਸ਼ਾ ਇੱਕ ਵੱਡੇ ਸੰਕਟ ਵਿੱਚ ਬਦਲ ਗਏ ਸਨ। ਅੱਜ ਦੇ ਹਾਲਾਤ ਉਹਨਾਂ ਵਰਗੇ ਨਹੀਂ ਹਨ, ਇਹ ਸੱਚ ਹੈ। ਪਰ ਇਹ ਵੀ ਸੱਚ ਹੈ ਕਿ ਪੰਜਾਬ ਦੀ ਰਾਜਨੀਤੀ ਮੁੜ ਭਾਵਨਾਤਮਕ ਧਰੁੱਵੀਕਰਨ ਵੱਲ ਵਧਦੀ ਦਿਖ ਰਹੀ ਹੈ।

ਅੱਜ ਸਭ ਤੋਂ ਚਿੰਤਾਜਨਕ ਪੱਖ ਇਹ ਹੈ ਕਿ ਧਾਰਮਿਕ ਸੰਸਥਾਵਾਂ ਦੇ ਬਿਆਨ ਵੀ ਹੁਣ ਇਸ ਰਾਜਨੀਤਿਕ ਤਣਾਅ ਦਾ ਹਿੱਸਾ ਬਣਦੇ ਦਿਖ ਰਹੇ ਹਨ। ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਜਾਂ ਸ਼੍ਰੋਮਣੀ ਕਮੇਟੀ ਵੱਲੋਂ ਕੋਈ ਸਖ਼ਤ ਟਿੱਪਣੀ ਆਉਂਦੀ ਹੈ, ਤਾਂ ਉਸਦਾ ਪ੍ਰਭਾਵ ਸਿਰਫ਼ ਰਾਜਨੀਤਿਕ ਨਹੀਂ ਹੁੰਦਾ ਹੈ ਉਹ ਪੂਰੇ ਪੰਜਾਬ ਦੇ ਮਨੋਵਿਗਿਆਨ 'ਤੇ ਅਸਰ ਪਾਉਂਦਾ ਹੈ। ਪੰਜਾਬ ਵਿੱਚ ਧਰਮ ਅਤੇ ਰਾਜਨੀਤੀ ਦਾ ਰਿਸ਼ਤਾ ਹਮੇਸ਼ਾਂ ਗਹਿਰਾ ਰਿਹਾ ਹੈ।ਇਸ ਲਈ ਜਦੋਂ ਰਾਜਨੀਤਿਕ ਪਾਰਟੀਆਂ ਆਪਣੇ-ਆਪਣੇ ਹਿੱਸੇ ਦੀ ਰਾਜਨੀਤਿਕ ਲਾਭ ਲਈ ਧਾਰਮਿਕ ਭਾਵਨਾਵਾਂ ਦੀ ਵਰਤੋਂ ਕਰਦੀਆਂ ਹਨ, ਤਾਂ ਨਤੀਜੇ ਕਈ ਵਾਰ ਦੂਰਗਾਮੀ ਹੁੰਦੇ ਹਨ। ਅੱਜ ਦੀ ਪੰਜਾਬੀ ਰਾਜਨੀਤੀ ਦਾ ਇੱਕ ਹੋਰ ਵੱਡਾ ਸੰਕਟ ਇਹ ਹੈ ਕਿ ਇੱਥੇ ਹਰ ਪਾਰਟੀ ਆਪਣੇ-ਆਪਣੇ ਨੈਰੇਟਿਵ ਦੀ ਦੁਕਾਨ ਚਲਾ ਰਹੀ ਹੈ। ਆਪ ਕਹਿੰਦੀ ਹੈ ਕਿ ਕੇਂਦਰ ਪੰਜਾਬ ਨਾਲ ਧੱਕਾ ਕਰ ਰਿਹਾ ਹੈ। ਕਾਂਗਰਸ ਕਹਿੰਦੀ ਹੈ ਕਿ ਆਪ ਅਣਅਨੁਭਵੀ ਅਤੇ ਅਸਫਲ ਸਰਕਾਰ ਹੈ। ਅਕਾਲੀ ਦਲ ਮੁੜ ਪੰਥਕ ਰਾਜਨੀਤੀ ਨੂੰ ਜਗਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਅੱਜ ਭਾਜਪਾ ਕਾਨੂੰਨ ਅਤੇ ਰਾਸ਼ਟਰੀ ਸੁਰੱਖਿਆ ਦੀ ਰਾਜਨੀਤੀ ਨੂੰ ਅੱਗੇ ਰੱਖ ਰਹੀ ਹੈ। ਅੱਜ ਹਰ ਪਾਰਟੀ ਨੂੰ 2027 ਦੀਆਂ ਚੋਣਾਂ ਦਿਖ ਰਹੀਆਂ ਹਨ। ਪਰ ਕਿਸੇ ਨੂੰ 2035 ਦਾ ਪੰਜਾਬ ਨਹੀਂ ਦਿਖ ਰਿਹਾ ਹੈ। ਕਿਸੇ ਨੂੰ ਇਹ ਨਹੀਂ ਦਿਖਾਈ ਦਿੰਦਾ ਕਿ ਜੇ ਪੰਜਾਬ ਦੀ ਨੌਜਵਾਨ ਪੀੜ੍ਹੀ ਇੰਝ ਹੀ ਬਾਹਰ ਜਾਂਦੀ ਰਹੀ, ਤਾਂ ਇੱਥੇ ਰਹੇਗਾ ਕੀ? ਕਿਸੇ ਨੂੰ ਇਹ ਨਹੀਂ ਦਿਖ ਰਿਹਾ ਕਿ ਖੇਤੀ ਮਾਡਲ ਥੱਕ ਚੁੱਕਾ ਹੈ। ਕਿਸੇ ਨੂੰ ਇਹ ਨਹੀਂ ਦਿਖ ਰਿਹਾ ਕਿ ਪੰਜਾਬ ਦਾ ਉਦਯੋਗਿਕ ਢਾਂਚਾ ਹੌਲੀ-ਹੌਲੀ ਡਿੱਗ ਰਿਹਾ ਹੈ। ਅੱਜ ਕਿਸੇ ਨੂੰ ਇਹ ਨਹੀਂ ਦਿਖ ਰਿਹਾ ਕਿ ਪਾਣੀ ਖਤਮ ਹੋ ਰਿਹਾ ਹੈ। ਅੱਜ ਰਾਜਨੀਤੀ ਦਾ ਪੂਰਾ ਧਿਆਨ ਸਿਰਫ਼ ਭਾਵਨਾਵਾਂ 'ਤੇ ਹੈ, ਭਵਿੱਖ 'ਤੇ ਨਹੀਂ। ਅੱਜ ਪੰਜਾਬ ਦਾ ਆਮ ਆਦਮੀ ਸਭ ਤੋਂ ਵੱਧ ਮਨੋਵਿਗਿਆਨਕ ਤੌਰ 'ਤੇ ਟੁੱਟਿਆ ਹੋਇਆ ਦਿਖਾਈ ਦਿੰਦਾ ਹੈ। ਉਸਨੂੰ ਹੁਣ ਕਿਸੇ 'ਤੇ ਭਰੋਸਾ ਨਹੀਂ ਰਿਹਾ ਹੈ। ਉਹ ਟੀਵੀ ਡਿਬੇਟਾਂ ਵੇਖਦਾ ਹੈ, ਸੋਸ਼ਲ ਮੀਡੀਆ ਦੇ ਨੈਰੇਟਿਵ ਸੁਣਦਾ ਹੈ, ਧਾਰਮਿਕ ਅਤੇ ਰਾਜਨੀਤਿਕ ਬਿਆਨਾਂ ਦੀਆਂ ਗੂੰਜਾਂ ਸੁਣਦਾ ਹੈ, ਪਰ ਉਸਦੀ ਆਪਣੀ ਜ਼ਿੰਦਗੀ ਵਿੱਚ ਕੋਈ ਸੁਧਾਰ ਨਹੀਂ ਆਉਂਦਾ। ਉਸਦੇ ਬੱਚੇ ਬਾਹਰ ਜਾਣਾ ਚਾਹੁੰਦੇ ਹਨ। ਉਸਦੀ ਫਸਲ ਦੀ ਲਾਗਤ ਵਧ ਰਹੀ ਹੈ। ਉਸਦਾ ਕਾਰੋਬਾਰ ਘੱਟ ਰਿਹਾ ਹੈ। ਉਸਦਾ ਸਮਾਜ ਨਸ਼ਿਆਂ ਅਤੇ ਬੇਰੁਜ਼ਗਾਰੀ ਨਾਲ ਲੜ ਰਿਹਾ ਹੈ। ਅੱਜ ਇਸ ਲਈ ਲੋਕਾਂ ਵਿੱਚ ਇੱਕ ਡੂੰਘੀ ਉਦਾਸੀ ਤੇ ਨਿਰਾਸ਼ਾ ਆ ਗਈ ਹੈ। ਉਹਨਾਂ ਨੂੰ ਲੱਗਣ ਲੱਗ ਪਿਆ ਹੈ ਕਿ ਪੰਜਾਬ ਹੁਣ ਕਿਸੇ ਦੀ ਤਰਜੀਹ ਨਹੀਂ ਰਿਹਾ। ਇਥੇ ਸਭ ਪਾਰਟੀਆਂ ਸਿਰਫ਼ ਆਪਣੀ-ਆਪਣੀ ਸਿਆਸੀ ਰੋਟੀ ਸੇਕ ਰਹੀਆਂ ਹਨ।ਅੱਜ ਪੰਜਾਬ ਦਾ ਸਭ ਤੋਂ ਵੱਡਾ ਦੁੱਖ ਇਹ ਹੈ ਕਿ ਇੱਥੇ ਹੁਣ ਵਿਜ਼ਨ ਵਾਲੀ ਰਾਜਨੀਤੀ ਲਗਭਗ ਗਾਇਬ ਹੋ ਚੁੱਕੀ ਹੈ। ਕਦੇ ਪੰਜਾਬ ਦੇ ਨੇਤਾ ਖੇਤੀ, ਉਦਯੋਗ, ਸਿੱਖਿਆ ਅਤੇ ਫੈਡਰਲ ਢਾਂਚੇ ਦੀ ਗੱਲ ਕਰਦੇ ਸਨ। ਅੱਜ ਰਾਜਨੀਤੀ ਟਵੀਟਾਂ, ਪ੍ਰੈੱਸ ਕਾਨਫਰੰਸਾਂ, ਗ੍ਰਿਫ਼ਤਾਰੀਆਂ ਅਤੇ ਭਾਵਨਾਤਮਕ ਬਿਆਨਾਂ ਤੱਕ ਸੀਮਿਤ ਹੋ ਰਹੀ ਹੈ। ਜੋ ਸਮਾਜ ਲਗਾਤਾਰ ਭਾਵਨਾਵਾਂ ਵਿੱਚ ਜੀਉਂਦਾ ਹੈ, ਉਹ ਹੌਲੀ-ਹੌਲੀ ਆਰਥਿਕ ਅਤੇ ਬੌਧਿਕ ਤੌਰ 'ਤੇ ਕਮਜ਼ੋਰ ਹੋ ਜਾਂਦਾ ਹੈ। ਅੱਜ ਪੰਜਾਬ ਨਾਲ ਇਹੀ ਹੋ ਰਿਹਾ ਹੈ। ਅੱਜ ਪੰਜਾਬ ਦੇ ਨੌਜਵਾਨਾਂ ਨੂੰ ਦੇਖੋ। ਇੱਕ ਪਾਸੇ ਉਹਨਾਂ ਵਿੱਚ ਬੇਹੱਦ ਟੈਲੈਂਟ ਹੈ। ਦੂਜੇ ਪਾਸੇ ਉਹਨਾਂ ਕੋਲ ਮੌਕੇ ਨਹੀਂ ਹਨ। ਇਸ ਕਰਕੇ ਉਹ ਵਿਦੇਸ਼ਾਂ ਵੱਲ ਭੱਜ ਰਹੇ ਹਨ। ਕੈਨੇਡਾ ਪੰਜਾਬ ਦਾ ਨਵਾਂ ਸੁਪਨਾ ਬਣ ਗਿਆ ਹੈ। ਹਰ ਘਰ ਵਿੱਚ ਆਈਲੈਟਸ ਦੀ ਚਰਚਾ ਹੈ।ਹਰ ਮਾਪੇ ਆਪਣਾ ਘਰ ਵੇਚ ਕੇ ਬੱਚੇ ਨੂੰ ਬਾਹਰ ਭੇਜਣ ਲਈ ਤਿਆਰ ਹੈ। ਇਹ ਸਿਰਫ਼ ਮਾਈਗ੍ਰੇਸ਼ਨ ਨਹੀਂ। ਇਹ ਇੱਕ ਪੂਰੇ ਸਮਾਜ ਦਾ ਆਪਣੇ ਹੀ ਰਾਜ ਤੋਂ ਵਿਸ਼ਵਾਸ ਉਠ ਜਾਣਾ ਹੈ। ਅੱਜ ਇਸ ਸਾਰੀ ਸਥਿਤੀ ਵਿੱਚ ਮੀਡੀਆ ਦੀ ਭੂਮਿਕਾ ਵੀ ਬਹੁਤ ਮਹੱਤਵਪੂਰਨ ਹੈ ਪੰਜਾਬ ਦਾ ਮੀਡੀਆ ਵੀ ਹੁਣ ਬਹੁਤ ਹੱਦ ਤੱਕ ਧਰੁੱਵੀਕ੍ਰਿਤ ਹੋ ਚੁੱਕਾ ਹੈ। ਹਰ ਚੈਨਲ ਅਤੇ ਹਰ ਡਿਜ਼ੀਟਲ ਪਲੇਟਫਾਰਮ ਆਪਣੇ-ਆਪਣੇ ਨੈਰੇਟਿਵ ਦੇ ਅਨੁਸਾਰ ਮਾਹੌਲ ਬਣਾਉਣ ਵਿੱਚ ਲੱਗਾ ਹੈ।ਕਿਤੇ ਪੰਜਾਬ ਖ਼ਤਰੇ ਵਿੱਚ ਦਾ ਡਰ ਵਧਦਾ ਜਾ ਰਿਹਾ ਹੈ। ਕਿਤੇ ਰਾਸ਼ਟਰਵਾਦ ਦਾ ਸ਼ੋਰ ਹੈ। ਕਿਤੇ ਧਾਰਮਿਕ ਅਸਮੀਤਾ ਦੀਆਂ ਗੂੰਜਾਂ ਹਨ।

ਪਰ ਆਮ ਪੰਜਾਬੀ ਦੀ ਅਸਲੀ ਸਮੱਸਿਆ—ਰੋਜ਼ਗਾਰ, ਸਿੱਖਿਆ, ਉਦਯੋਗ, ਨਸ਼ਾ ਅਤੇ ਸਿਹਤ—ਚਰਚਾ ਦੇ ਕੇਂਦਰ ਵਿੱਚ ਨਹੀਂ ਹਨ। ਅੱਜ ਪੰਜਾਬ ਨੂੰ ਸਭ ਤੋਂ ਵੱਧ ਜ਼ਰੂਰਤ ਹੈ ਸ਼ਾਂਤ ਅਤੇ ਦੂਰਦਰਸ਼ੀ ਰਾਜਨੀਤੀ ਦੀ। ਇਹ ਸਮਾਂ ਅੱਗ ਨਾਲ ਖੇਡਣ ਦਾ ਨਹੀਂ।ਇਹ ਸਮਾਂ ਪੰਜਾਬ ਨੂੰ ਮੁੜ ਖੜ੍ਹਾ ਕਰਨ ਦਾ ਹੈ। ਅੱਜ ਪੰਜਾਬ ਨੂੰ ਨਵੇਂ ਉਦਯੋਗ ਚਾਹੀਦੇ ਹਨ, ਇਕ ਨਵਾਂ ਖੇਤੀ ਮਾਡਲ ਚਾਹੀਦਾ ਹੈ। ਨਵੀਆਂ ਯੂਨੀਵਰਸਿਟੀਆਂ ਚਾਹੀਦੀਆਂ ਹਨ ਅਤੇ ਨਵੀਂ ਸਮਾਜਿਕ ਉਮੀਦ ਚਾਹੀਦੀ ਹੈ ਪਰ ਜੇ ਰਾਜਨੀਤੀ ਲਗਾਤਾਰ ਟਕਰਾਅ, ਧਰੁੱਵੀਕਰਨ ਅਤੇ ਡਰ ਦੀ ਭਾਸ਼ਾ ਵਿੱਚ ਹੀ ਚੱਲਦੀ ਰਹੀ, ਤਾਂ ਪੰਜਾਬ ਹੋਰ ਡੂੰਘੇ ਸੰਕਟ ਵਿੱਚ ਫਸ ਸਕਦਾ ਹੈ।

ਅੱਜ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਪੰਜਾਬ ਦਾ ਭਵਿੱਖ ਕਿਹੜੇ ਪੰਧ 'ਤੇ ਪਵੇਗਾ? ਕੀ ਪੰਜਾਬ ਮੁੜ ਸੰਘਰਸ਼ ਅਤੇ ਅਸਥਿਰਤਾ ਦੀ ਰਾਜਨੀਤੀ ਵਿੱਚ ਫਸੇਗਾ? ਜਾਂ ਫਿਰ ਲੋਕ ਹੁਣ ਇਸ ਸਾਰੀ ਰਾਜਨੀਤਿਕ ਨੌਟੰਕੀ ਤੋਂ ਉੱਪਰ ਉੱਠ ਕੇ ਵਿਕਾਸ ਅਤੇ ਸਥਿਰਤਾ ਦੀ ਮੰਗ ਕਰਨਗੇ?

ਅੱਜ ਇਸਦਾ ਜਵਾਬ ਅਜੇ ਸਪੱਸ਼ਟ ਨਹੀਂ ਹੈ ਪਰ ਇਹ ਜ਼ਰੂਰ ਸਪੱਸ਼ਟ ਹੈ ਕਿ ਪੰਜਾਬ ਇੱਕ ਫੈਸਲਾਕੁੰਨ ਮੋੜ 'ਤੇ ਖੜ੍ਹਾ ਹੈ। ਇਤਿਹਾਸ ਹਮੇਸ਼ਾਂ ਉਹਨਾਂ ਸਮਾਜਾਂ ਨੂੰ ਮਾਫ਼ ਨਹੀਂ ਕਰਦਾ ਜੋ ਆਪਣੇ ਅਸਲ ਮਸਲਿਆਂ ਤੋਂ ਧਿਆਨ ਹਟਾ ਕੇ ਸਿਰਫ਼ ਭਾਵਨਾਤਮਕ ਰਾਜਨੀਤੀ ਵਿੱਚ ਫਸ ਜਾਂਦੇ ਹਨ।ਅੱਜ ਪੰਜਾਬ ਨੂੰ ਹੁਣ ਬਹੁਤ ਸਾਵਧਾਨ ਹੋਣ ਦੀ ਲੋੜ ਹੈ ਕਿਉਂਕਿ ਜੇ ਪੰਜਾਬ ਨੇ: ਨਫ਼ਰਤ ਨੂੰ ਰਾਜਨੀਤੀ ਬਣਨ ਦਿੱਤਾ, ਧਾਰਮਿਕ ਭਾਵਨਾਵਾਂ ਨੂੰ ਵੋਟਾਂ ਦਾ ਸਾਧਨ ਬਣਨ ਦਿੱਤਾ ਅਤੇ ਨੌਜਵਾਨਾਂ ਦੀ ਨਿਰਾਸ਼ਾ ਨੂੰ ਅਣਡਿੱਠਾ ਕੀਤਾ, ਤਾਂ ਆਉਣ ਵਾਲੀਆਂ ਪੀੜ੍ਹੀਆਂ ਬਹੁਤ ਵੱਡੀ ਕੀਮਤ ਚੁਕਾ ਸਕਦੀਆਂ ਹਨ। ਅੱਜ ਪੰਜਾਬ ਨੂੰ ਹੁਣ ਨਵੀਂ ਰਾਜਨੀਤਿਕ ਇਮਾਨਦਾਰੀ ਦੀ ਲੋੜ ਹੈ। ਨਵੀਂ ਸੋਚ ਦੀ ਲੋੜ ਹੈ। ਅਜਿਹੇ ਨੇਤਾਵਾਂ ਦੀ ਲੋੜ ਹੈ ਜੋ ਲੋਕਾਂ ਨੂੰ ਡਰ ਅਤੇ ਭਾਵਨਾਵਾਂ ਨਾਲ ਨਹੀਂ, ਭਵਿੱਖ ਅਤੇ ਵਿਕਾਸ ਨਾਲ ਜੋੜ ਸਕਣ। ਨਹੀਂ ਤਾਂ ਪੰਜਾਬ ਦੀ ਇਹ ਰਾਜਨੀਤਿਕ ਸਰਕਸ ਇੱਕ ਦਿਨ ਸੱਚਮੁੱਚ ਇੱਕ ਅਜਿਹੇ ਖਾਲੀ ਮੰਚ ਵਿੱਚ ਬਦਲ ਸਕਦੀ ਹੈ, ਜਿੱਥੇ ਨਾ ਲੋਕ ਰਹਿਣਗੇ, ਨਾ ਉਮੀਦਾਂ—ਸਿਰਫ਼ ਨਾਅਰੇ ਰਹਿ ਜਾਣਗੇ।

# ਹੁਣ ਅਗਲਾ ਨਿਸ਼ਾਨਾ ਪੰਜਾਬ ਹੋਵੇਗਾ !

ਬਘੇਲ ਸਿੰਘ ਧਾਲੀਵਾਲ
99142-58142



ਭਾਰਤ ਦੀ ਮੌਜੂਦਾ ਸਮੇਂ ਦੀ ਰਾਜਨੀਤੀ ਨੂੰ ਸਮਝਣਾ ਕੋਈ ਸੁਖਾਲਾ ਨਹੀਂ ਰਿਹਾ ਹੈ, ਕਿਉਂਕਿ ਇਹ ਇੱਕੋ ਇੱਕ ਅਜਿਹਾ ਖੇਤਰ ਹੈ, ਜਿਸ ਦਾ ਨਾ ਕੋਈ ਮਿਆਰ ਹੈ ਅਤੇ ਨਾ ਹੀ ਕੋਈ ਮਾਪਦੰਡ। ਭਾਰਤੀ ਰਾਜਨੀਤੀ ਦੇ ਇਸ ਦੌਰ ਨੂੰ ਜੇ ਧਿਆਨ ਨਾਲ ਵੇਖੀਏ ਤਾਂ ਪੁਰਾਣੀਆਂ ਕਹਾਵਤਾਂ ਦਾ ਅਸਲ ਅਰਥ ਆਪਣੇ ਆਪ ਸਾਹਮਣੇ ਆ ਜਾਂਦਾ ਹੈ। ਇਹ ਪੰਜਾਬੀ ਕਹਾਵਤ "ਡਾਢੇ ਦਾ ਸੱਤੀਂ ਵੀਹੀਂ ਸੌ, ਜਿੱਥੇ ਸਕਤੇ ਦੇ ਧੋਖੇ ਜਾਂ ਚਲਾਕੀ ਦੀ ਪ੍ਰਤੀਕ ਹੈ,ਓਥੇ ਇਹ ਅਜੋਕੇ ਰਾਜਨੀਤਿਕ ਪ੍ਰਬੰਧ ਦੀ ਉਸ ਸੱਚਾਈ ਨੂੰ ਵੀ ਨੰਗਿਆਂ ਕਰਦੀ ਹੈ, ਜਿੱਥੇ ਰਾਜਨੀਤਕ ਤਾਕਤ ਕਾਨੂੰਨ ਤੋਂ ਵੀ ਵੱਡੀ ਹੋ ਜਾਂਦੀ ਹੈ। ਅੱਜ ਦਾ ਭਾਰਤ ਉਸੇ ਖ਼ਤਰਨਾਕ ਮੋੜ 'ਤੇ ਖੜ੍ਹਾ ਦਿਖਾਈ ਦਿੰਦਾ ਹੈ। ਪੱਛਮੀ ਬੰਗਾਲ ਦੀਆਂ ਚੋਣਾਂ ਨੂੰ ਦੇਖ ਕੇ ਇਹ ਅਹਿਸਾਸ ਹੋਰ ਵੀ ਗਹਿਰਾ ਉੱਤਰ ਜਾਂਦਾ ਹੈ ਕਿ ਹੁਣ ਭਾਰਤ ਦਾ ਲੋਕਤੰਤਰ ਆਪਣੇ ਆਖਰੀ ਸਾਹਾਂ 'ਤੇ ਹੈ। ਇਸ ਲਈ ਹੁਣ ਵੋਟਾਂ ਮਹਿਜ਼ ਫੌਰਮੈਲਿਟੀ ਰਹਿ ਗਈਆਂ ਹਨ, ਜਦੋਂਕਿ ਡੰਡੇ ਦੇ ਜ਼ੋਰ ਨਾਲ ਸੂਬਿਆਂ, ਸੰਸਥਾਵਾਂ ਉੱਤੇ ਕਬਜ਼ਾ ਕਰਨ ਦੀ ਅਣ-ਐਲਾਨੀ ਜੰਗ ਸ਼ੁਰੂ ਹੋ ਚੁੱਕੀ ਹੈ। ਭਾਜਪਾ ਨੇ ਬੰਗਾਲ ਨੂੰ ਜਿੱਤਣ ਲਈ ਜਿਹੜਾ ਜ਼ੋਰ ਲਾਇਆ, ਉਹ ਕਿਸੇ ਆਮ ਚੋਣ ਮੁਹਿੰਮ ਵਰਗਾ ਨਹੀਂ ਸੀ। ਕੇਂਦਰੀ ਮੰਤਰੀਆਂ ਦੇ ਲਗਾਤਾਰ ਹਮਲਾਵਰ ਦੌਰੇ, ਗੋਦੀ ਮੀਡੀਆ ਦੀ ਇਕਤਰਫ਼ਾ ਮੁਹਿੰਮ, ਚੋਣ ਕਮਿਸ਼ਨ ਦੀ ਚੁੱਪ, ਸੁਰੱਖਿਆ ਬਲਾਂ ਦੀ ਅਸਧਾਰਨ ਤਾਇਨਾਤੀ, ਧੱਕੇਸ਼ਾਹੀ ਅਤੇ ਵੋਟਰਾਂ ਦੇ ਅਧਿਕਾਰਾਂ ਦਾ ਇਹ ਕਾਤਲ ਵਰਤਾਰਾ ਅਨੇਕਾਂ ਸਵਾਲ ਖੜ੍ਹੇ ਕਰ ਗਿਆ ਹੈ। ਇਹ ਸਾਰਾ ਕੁਝ ਲੋਕਤੰਤਰਕ ਪ੍ਰਕਿਰਿਆ ਦਾ ਹਿੱਸਾ ਨਹੀਂ ਹੈ। ਇਹ ਉਸ ਸੱਤੀਂ ਵੀਹੀਂ ਸੌ ਵਾਲੀ ਰਾਜਨੀਤੀ ਦਾ ਆਧੁਨਿਕ ਰੂਪ ਹੈ ਜਿੱਥੇ ਜਨ ਮਤ ਨਹੀਂ, ਸਗੋਂ ਤਾਨਾਸ਼ਾਹੀ ਪ੍ਰਬੰਧ ਦਾ ਡੰਡਾ ਜਿੱਤਦਾ ਹੈ। ਕਪਿਲ ਸਿਬਲ ਵਰਗੇ ਸੀਨੀਅਰ ਕਾਨੂੰਨਦਾਨ ਨੇ ਖੁੱਲ੍ਹੇ ਤੌਰ 'ਤੇ ਕਿਹਾ ਕਿ ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ ਨੂੰ ਭਾਜਪਾ ਨੇ ਨਹੀਂ ਹਰਾਇਆ, ਸਗੋਂ ਚੋਣ ਕਮਿਸ਼ਨ, ਸੁਰੱਖਿਆ ਬਲਾਂ ਅਤੇ ਵੋਟਰਾਂ ਦੇ ਹੱਕ ਖੋਹਣ ਵਾਲੀ ਪ੍ਰਕਿਰਿਆ ਨੇ ਹਰਾਇਆ ਹੈ। ਉਹਨਾਂ ਦਾ ਇਹ ਬਿਆਨ ਭਾਰਤੀ ਲੋਕਤੰਤਰ ਦੀ ਡਿੱਗਦੀ ਭਰੋਸੇਯੋਗਤਾ ਦੇ ਦਰਦ ਨੂੰ ਦਰਸਾਉਂਦਾ ਹੈ? ਜੇ ਚੋਣਾਂ ਦੇ ਨਤੀਜੇ ਪਹਿਲਾਂ ਹੀ ਤੈਅ ਕੀਤੇ ਜਾਣ ਲੱਗ ਪੈਣ, ਜੇ ਪ੍ਰਬੰਧ ਇੱਕ ਪੱਖ ਦੇ ਹੱਕ ਵਿੱਚ ਖੜ੍ਹ ਜਾਵੇ, ਫਿਰ ਲੋਕਤੰਤਰ ਅਤੇ ਤਾਨਾਸ਼ਾਹੀ ਵਿੱਚ ਫਰਕ ਹੀ ਕੀ ਰਹਿ ਜਾਂਦਾ ਹੈ। ਅੱਜ ਹਾਲਾਤ ਇਹ ਹਨ ਕਿ ਜਿੱਥੇ ਭਾਜਪਾ ਦੀ ਸਰਕਾਰ ਨਹੀਂ, ਉੱਥੇ ਹਰ ਛੋਟੀ ਘਟਨਾ ਨੂੰ ਰਾਸ਼ਟਰੀ ਸੰਕਟ ਬਣਾ ਕੇ ਪੇਸ਼ ਕੀਤਾ ਜਾਂਦਾ ਹੈ। ਮੀਡੀਆ ਦਾ ਵੱਡਾ ਹਿੱਸਾ ਕੇਂਦਰੀ ਤਾਕਤਾਂ ਦੇ ਹੱਕ ਵਿੱਚ ਮਨੋਵਿਗਿਆਨਕ ਜੰਗ ਲੜਦਾ ਦਿਖਾਈ ਦਿੰਦਾ ਹੈ। ਬੰਗਾਲ ਵਿੱਚ ਮਮਤਾ ਬੈਨਰਜੀ ਨੂੰ ਬਦਨਾਮ ਕਰਨ ਲਈ ਜਿਹੜੀ ਭਾਸ਼ਾ ਵਰਤੀ ਗਈ, ਉਹ ਰਾਜਨੀਤਿਕ ਅਸਹਿਮਤੀ ਨਹੀਂ,ਬਲਕਿ ਇੱਕ ਚੁਣੀ ਹੋਈ ਸਰਕਾਰ ਨੂੰ ਲੋਕਾਂ ਦੀ ਨਜ਼ਰ ਵਿੱਚ ਗਿਰਾਉਣ ਦੀ ਕੋਝੀ ਅਤੇ ਸੋਚੀ ਸਮਝੀ ਮੁਹਿੰਮ ਸੀ। ਮਮਤਾ ਲਈ ਹਰ ਉਹ ਸ਼ਬਦ ਵਰਤੋਂ ਵਿੱਚ ਲਿਆਂਦਾ ਗਿਆ, ਜਿਹੜਾ ਉਹਨਾਂ ਦੀ ਇਮਾਨਦਾਰ ਛਵੀ ਨੂੰ ਖਰਾਬ ਕਰਨ ਲਈ ਢੁਕਵਾਂ ਜਾਪਿਆ। ਮਿਸਾਲ ਦੇ ਤੌਰ 'ਤੇ ਕਦੇ ਉਹਨੂੰ ਅਨਾਰਕੀ, ਕਦੇ ਰਾਸ਼ਟਰ ਵਿਰੋਧੀ, ਕਦੇ ਘੁਸਪੈਠੀਆਂ ਦੀ ਹਮਾਇਤੀ ਕਿਹਾ ਗਿਆ। ਇਹ ਹਰ ਤਾਨਾਸ਼ਾਹੀ ਸੋਚ ਦਾ ਤਰੀਕਾਕਾਰ ਹੈ, ਕਿ ਪਹਿਲਾਂ ਵਿਰੋਧੀ ਨੂੰ ਬਦਨਾਮ ਕਰੋ, ਫਿਰ ਉਸਦੀ ਰਾਜਨੀਤਕ ਜ਼ਮੀਨ ਖੋਹਣੀ ਅਸਾਨ ਹੋ ਜਾਂਦੀ ਹੈ। ਮੁੱਢੋਂ ਹੀ ਹਰ ਹਾਕਮ ਨੂੰ ਇਹ ਭਰਮ ਰਿਹਾ ਹੈ ਕਿ ਉਹ ਸਦੀਵੀਂ ਹੈ। ਔਰੰਗਜ਼ੇਬ ਨੂੰ ਵੀ ਇਹੋ ਜਿਹਾ ਭਰਮ ਸੀ। ਉਸਨੇ ਤਲਵਾਰ ਦੇ ਜ਼ੋਰ 'ਤੇ ਪੂਰੇ ਭਾਰਤ ਨੂੰ ਇੱਕ ਮਜ਼ਹਬੀ ਰਾਜ ਵਿੱਚ ਬਦਲਣ ਦੀ ਕੋਸ਼ਿਸ਼ ਕੀਤੀ। ਪਰ ਉਹ ਖ਼ੁਦ ਥੱਕ ਗਿਆ, ਉਸਦਾ ਸਾਮਰਾਜ ਟੁੱਟ ਗਿਆ। ਸਿਕੰਦਰ ਨੇ ਦੁਨੀਆ ਜਿੱਤਣ ਦਾ ਸੁਪਨਾ ਵੇਖਿਆ, ਪਰ ਪੰਜਾਬ ਦੀ ਧਰਤੀ ਨੇ ਉਸਦਾ ਹੰਕਾਰ ਤੋੜ ਦਿੱਤਾ। ਅੰਗਰੇਜ਼ਾਂ ਨੂੰ ਲੱਗਦਾ ਸੀ ਕਿ ਸੂਰਜ ਕਦੇ ਉਹਨਾਂ ਦੇ ਸਾਮਰਾਜ ਵਿੱਚ ਡੁੱਬੇਗਾ ਨਹੀਂ, ਪਰ ਅਖ਼ੀਰ ਉਹਨਾਂ ਦਾ ਭਰਮ ਵੀ ਚਕਨਾਚੂਰ ਹੋ ਗਿਆ। ਇਹ ਸਦੀਵੀਂ ਸੱਚ ਹੈ ਕਿ ਜਿਹੜੀ ਤਾਕਤ ਲੋਕਾਂ ਦੇ ਹੱਕਾਂ ਨੂੰ ਕੁਚਲਦੀ ਹੈ, ਉਹ ਕੁਝ ਸਮੇਂ ਲਈ ਤਾਂ ਡਰ, ਦਹਿਸ਼ਤ ਪੈਦਾ ਕਰ ਸਕਦੀ ਹੈ, ਪਰ ਇਤਿਹਾਸ ਵਿੱਚ ਕਦੇ ਸਦੀਵੀਂ ਨਹੀਂ ਰਹਿੰਦੀ। ਅੱਜ ਭਾਜਪਾ ਵੀ ਇੱਕ ਅਜਿਹੇ ਹੀ ਭਰਮ ਵਿੱਚ ਜਿਉਂ ਰਹੀ ਪ੍ਰਤੀਤ ਹੁੰਦੀ ਹੈ। ਉਸਨੂੰ ਜਾਪਦਾ ਹੈ ਕਿ ਕੇਂਦਰੀ ਏਜੰਸੀਆਂ, ਮੀਡੀਆ, ਪੈਸਾ ਅਤੇ ਤਾਕਤ ਦੀ ਦੁਰ-ਵਰਤੋਂ ਨਾਲ ਹਰ ਸੂਬੇ ਨੂੰ ਕਾਬੂ ਕੀਤਾ ਜਾ ਸਕਦਾ ਹੈ,ਪਰ ਹਰ ਸੂਬਾ ਇੱਕੋ ਜਿਹਾ ਨਹੀਂ ਹੁੰਦਾ। ਪੰਜਾਬ, ਬੰਗਾਲ ਜਾਂ ਕਸ਼ਮੀਰ ਸਿਰਫ਼ ਭੂਗੋਲਿਕ ਦਾਇਰਾ ਨਹੀਂ ਹਨ; ਇਹ ਆਪਣੀ ਵੱਖਰੀ ਹੋਣੀ ਅਤੇ ਇਤਿਹਾਸਿਕ ਪਛਾਣ ਵਾਲੇ ਇਲਾਕੇ ਹਨ, ਪਰ ਪੰਜਾਬ ਆਪਣੀ ਨਾਬਰੀ ਕਰਕੇ ਬਾਕੀ ਸੂਬਿਆਂ ਤੋਂ ਵੀ ਵੱਖਰਾ ਹੈ। ਬੰਗਾਲ ਤੋਂ ਬਾਅਦ ਹੁਣ ਨਿਸ਼ਾਨਾ ਪੰਜਾਬ ਹੈ। ਇਹ ਕਹਿਣਾ ਹੁਣ ਕੋਈ ਲੁਕਿਆ ਭੇਦ ਜਾਂ ਭੁਲੇਖੇ ਵਾਲੀ ਗੱਲ ਨਹੀਂ ਕਿ ਪੰਜਾਬ ਦੀ ਭੂਗੋਲਿਕ ਸਥਿਤੀ, ਪਾਣੀ, ਖੇਤੀ, ਜਵਾਨੀ, ਕਿਸਾਨੀ ਅਤੇ ਰਾਜਨੀਤਿਕ ਚੇਤਨਾ, ਦਿੱਲੀ ਲਈ ਹਮੇਸ਼ਾ ਸਿਰਦਰਦੀ ਅਤੇ ਕੰਟਰੋਲ ਕਰਨ ਵਾਲਾ ਮਸਲਾ ਰਿਹਾ ਹੈ। ਜਿਵੇਂ ਹੀ ਬੰਗਾਲ ਵਿੱਚ ਸਫਲਤਾ ਦਾ ਦਾਅਵਾ ਕੀਤਾ ਗਿਆ, ਪੰਜਾਬ ਦੇ ਭਾਜਪਾਈ ਲੀਡਰ ਵੀ ਜੋਸ਼ ਵਿੱਚ ਆ ਗਏ। ਉਹਨਾਂ ਦੇ ਬਿਆਨ ਸਾਫ਼ ਦੱਸ ਰਹੇ ਹਨ ਕਿ ਹੁਣ 2027 ਦੀਆਂ ਪੰਜਾਬ ਚੋਣਾਂ ਉਹਨਾਂ ਦਾ ਅਗਲਾ ਨਿਸ਼ਾਨਾ ਹਨ। ਪਰ ਉਹ ਸ਼ਾਇਦ ਪੰਜਾਬ 'ਚ ਰਹਿੰਦੇ ਹੋਏ ਵੀ ਇਹਦੀ ਗੈਰਤੀ ਮਾਨਸਿਕਤਾ ਨੂੰ ਸਮਝਣ ਵਿੱਚ ਅਸਮਰੱਥ ਰਹੇ ਹਨ। ਪੰਜਾਬ ਕੋਈ ਆਮ ਧਰਤੀ ਨਹੀਂ ਹੈ। ਇੱਥੇ ਹਮੇਸ਼ਾ ਨਾਬਰੀ ਫਲੀ ਅਤੇ ਸ਼ਹਾਦਤਾਂ ਦੇ ਬੀਜ ਪੁੰਗਰਦੇ ਰਹੇ ਹਨ। ਇਹ ਇਤਿਹਾਸਿਕ ਸਚਾਈ ਹੈ ਕਿ ਇਸ ਧਰਤੀ ਨੇ ਦੁਨੀਆਂ ਦੇ ਅਜੇਤੂਆਂ ਦੀਆਂ ਗੋਡਣੀਆਂ ਲਗਵਾਈਆਂ ਹਨ। ਪੰਜਾਬ ਨੇ ਮੁਗਲਾਂ ਦੇ ਸਮੇਂ ਤੋਂ ਲੈ ਕੇ ਮੌਜੂਦਾ ਦੌਰ ਤੱਕ ਪੁੱਜਦਿਆਂ ਦਿੱਲੀ ਦੇ ਤਖ਼ਤ ਨੂੰ ਇੱਕ ਨਹੀਂ ਅਨੇਕਾਂ ਵਾਰੀ ਚੁਣੌਤੀ ਦਿੱਤੀ ਹੈ। ਦਿੱਲੀ ਦਾ ਕਿਸਾਨੀ ਅੰਦੋਲਨ ਇਸਦੀ ਸਭ ਤੋਂ ਵੱਡੀ ਮਿਸਾਲ ਹੈ। ਸੱਤ ਸੌ ਤੋਂ ਵੱਧ ਕਿਸਾਨ ਅਤੇ ਮਜ਼ਦੂਰ ਸ਼ਹੀਦ ਹੋ ਗਏ, ਪਰ ਪੰਜਾਬ ਨੇ ਪਿੱਛੇ ਮੁੜਨਾ ਪਰਵਾਨ ਨਾ ਕੀਤਾ, ਬਲਕਿ ਤਿੰਨ ਕਿਸਾਨੀ ਕਾਨੂੰਨਾਂ ਨੂੰ ਵਾਪਸ ਨਾ ਲੈਣ ਦੇ ਦਾਅਵੇ ਕਰਨ ਵਾਲੀ ਕੇਂਦਰੀ ਹਕੂਮਤ ਨੂੰ ਝੁਕਣਾ ਪਿਆ। ਪੰਜਾਬ ਨਾਲ ਧੱਕੇ ਦੀ ਸੂਚੀ ਵੀ ਬਹੁਤ ਲੰਮੀ ਹੈ। ਹਰ ਵਾਰੀ ਪੰਜਾਬ ਦੇ ਹੱਕਾਂ ਨੂੰ ਰਾਸ਼ਟਰੀ ਹਿੱਤ ਦੇ ਨਾਂ 'ਤੇ ਦਬਾਉਣ ਦੀ ਕੋਸ਼ਿਸ਼ ਹੋਈ ਹੈ। ਇਹੀ ਕਾਰਨ ਹੈ ਕਿ ਪੰਜਾਬ ਵਿੱਚ ਕੇਂਦਰੀ ਦਖ਼ਲਅੰਦਾਜ਼ੀ ਪ੍ਰਤੀ ਹਮੇਸ਼ਾ ਸ਼ੱਕ ਅਤੇ ਗੁੱਸਾ ਬਰਕਰਾਰ ਰਿਹਾ ਹੈ। ਇਹਦੇ ਵਿੱਚ ਕੋਈ ਸ਼ੱਕ ਨਹੀਂ ਕਿ ਪੰਜਾਬ ਇਸ ਦੇਸ਼ ਦੀ ਆਰਥਿਕ, ਸੱਭਿਆਚਾਰਕ ਅਤੇ ਜਜ਼ਬਾਤੀ ਤਾਕਤ ਵੀ ਰਿਹਾ ਹੈ। ਇਸ ਧਰਤੀ ਨੇ ਦੇਸ਼ ਨੂੰ ਅੰਨ ਦਿੱਤਾ, ਸਰਹੱਦਾਂ ਦੀ ਰੱਖਿਆ ਕੀਤੀ ਅਤੇ ਹਰ ਸੰਕਟ ਵੇਲੇ ਆਪਣਾ ਲਹੂ ਦਿੱਤਾ। ਪਰ ਇਸ ਦੇ ਬਾਵਜੂਦ ਵੀ ਪੰਜਾਬ 'ਤੇ ਕੇਂਦਰੀ ਤਾਕਤਾਂ ਦੀ ਹਮੇਸ਼ਾ ਮਾੜੀ ਨਜ਼ਰ ਹੀ ਰਹੀ ਹੈ। ਪਹਿਲਾ ਹਮਲਾ ਪਾਣੀਆਂ 'ਤੇ, ਫਿਰ ਚੱਲ ਸੋ ਚੱਲ ਹਮਲਿਆਂ ਦੀ ਕੋਈ ਗਿਣਤੀ ਨਹੀਂ ਹੈ, ਜ਼ਮੀਨ 'ਤੇ, ਕਿਸਾਨੀ 'ਤੇ, ਜਵਾਨੀ 'ਤੇ ਅਤੇ ਸਭ ਤੋਂ ਵੱਡਾ ਹਮਲਾ ਬਾਬੇ ਕਿਆਂ ਦੀ ਸੋਚ 'ਤੇ ਹੈ, ਜੇ ਲੋਕ ਅਜੇ ਵੀ ਨਾ ਸਮਝੇ ਤਾਂ ਆਉਣ ਵਾਲਾ ਸਮਾਂ ਬਹੁਤ ਖ਼ਤਰਨਾਕ ਹੋ ਸਕਦਾ ਹੈ। ਇਸ ਲਈ ਪੰਜਾਬੀਆਂ ਨੂੰ ਹੁਣੇ ਤੋਂ ਤਿਆਰ ਹੋਣਾ ਪਵੇਗਾ। ਪਿੰਡਾਂ, ਸ਼ਹਿਰਾਂ, ਯੂਨੀਵਰਸਿਟੀਆਂ ਅਤੇ ਸਮਾਜਿਕ ਸੰਸਥਾਵਾਂ ਵਿੱਚ ਚੇਤਨਾ ਪੈਦਾ ਕਰਨੀ ਪਵੇਗੀ। ਇੱਥੋਂ ਦੇ ਰਾਜਨੀਤਕ ਨੇਤਾਵਾਂ ਵਿੱਚ ਮਮਤਾ ਜਿੰਨੀ ਦਲੇਰੀ ਅਤੇ ਸੂਬੇ ਪ੍ਰਤੀ ਇਮਾਨਦਾਰੀ ਵਾਲੀ ਸੋਚ ਨੂੰ ਦ੍ਰਿੜ ਕਰਨਾ ਪਵੇਗਾ। ਲੋਕਾਂ ਨੂੰ ਵੀ ਇਹ ਸਮਝਣਾ ਪਵੇਗਾ ਕਿ ਚੋਣ ਸਿਰਫ਼ ਸਰਕਾਰ ਚੁਣਨ ਲਈ ਹੀ ਨਹੀਂ, ਸਗੋਂ ਭਵਿੱਖ ਦੀ ਦਿਸ਼ਾ ਚੁਣਨ ਦਾ ਮੌਕਾ ਹੋਣਾ ਚਾਹੀਦੀਆਂ ਹਨ। ਪੱਛਮੀ ਬੰਗਾਲ ਦੀ ਅਣਖੀਲੀ ਔਰਤ ਮਮਤਾ ਬੈਨਰਜੀ ਨੇ ਬੰਗਾਲ ਵਿੱਚ ਹਾਰ ਮੰਨਣ ਤੋਂ ਇਨਕਾਰ ਕਰਕੇ ਇਹ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਕੇਂਦਰ ਦੀਆਂ ਫਿਰਕੂ ਧੱਕੇਸ਼ਾਹੀਆਂ ਦੇ ਖਿਲਾਫ ਲੜਾਈ ਜਾਰੀ ਰਹੇਗੀ। ਮਮਤਾ ਬੈਨਰਜੀ ਵੱਲੋਂ ਅਸਤੀਫ਼ਾ ਨਾ ਦੇਣ ਦੇ ਐਲਾਨ ਤੋਂ ਸਾਫ ਹੁੰਦਾ ਹੈ ਕਿ ਉਹ ਦਬਾਅ ਅੱਗੇ ਝੁਕੇਗੀ ਨਹੀਂ। ਇਹ ਸਮਝ ਲੈਣ ਦੀ ਲੋੜ ਹੈ ਕਿ ਇਹ ਸਿਰਫ਼ ਬੰਗਾਲ ਦੀ ਲੜਾਈ ਨਹੀਂ ਰਹੀ; ਇਹ ਹੁਣ ਉਹਨਾਂ ਸਾਰੇ ਸੂਬਿਆਂ ਦੀ ਲੜਾਈ ਬਣਨੀ ਚਾਹੀਦੀ ਹੈ ਜੋ ਕੇਂਦਰੀਕਰਨ ਅਤੇ ਸੰਸਥਾਵਾਂ ਦੇ ਦੁਰ-ਉਪਯੋਗ ਦੇ ਸਤਾਏ ਹੋਏ ਹਨ। ਪੰਜਾਬ ਨੂੰ ਵੀ ਇਹ ਸਮਝਣਾ ਪਵੇਗਾ ਕਿ ਆਉਣ ਵਾਲਾ ਸਮਾਂ ਸਿਰਫ਼ ਰਾਜਨੀਤਿਕ ਨਹੀਂ, ਬਲਕਿ ਇਹ ਸਵੈਮਾਣ ਦੀ ਲੜਾਈ ਦਾ ਸਮਾਂ ਵੀ ਹੋ ਸਕਦਾ ਹੈ। ਜੇ ਪੰਜਾਬ ਦੀ ਜਨਤਾ ਜਾਤਾਂ, ਧੜਿਆਂ, ਛੋਟੇ ਲਾਲਚਾਂ ਅਤੇ ਝੂਠੇ ਨਾਅਰਿਆਂ ਵਿੱਚ ਫਸੀ ਰਹੀ ਤਾਂ ਫਿਰ ਇਤਿਹਾਸ ਮਾਫ਼ ਨਹੀਂ ਕਰੇਗਾ। ਸਮਾਂ ਆ ਗਿਆ ਹੈ ਕਿ ਪੰਜਾਬ ਆਪਣੀ ਨਾਬਰੀ ਦੇ ਦਾਅਵੇ ਨੂੰ ਮਜ਼ਬੂਤ ਕਰੇ, ਆਪਣੇ ਪਾਣੀਆਂ, ਆਪਣੀ ਭਾਸ਼ਾ, ਆਪਣੀ ਜੁਆਨੀ, ਕਿਸਾਨੀ ਅਤੇ ਆਪਣੀ ਅਣਖ ਨੂੰ ਪਛਾਣੇ, ਕਿਉਂਕਿ ਹੁਣ ਫਿਰਕੂ ਤਾਕਤਾਂ ਦਾ ਅਗਲਾ ਨਿਸ਼ਾਨਾ ਪੰਜਾਬ ਹੋਵੇਗਾ।



ਡਾ. ਕੁਲਵੰਤ ਕੌਰ
ਮੋ: 98156-20515

# 'ਨਾਰੀ ਸ਼ਕਤੀ ਵੰਦਨ' ਅਧਿਨਿਯਮ ਦੀ ਅਸਲੀਅਤ (ਮਹਿਲਾ ਰਾਖਵਾਂਕਰਨ ਦਾ ਕੱਚ ਤੇ ਸੱਚ)

ਦੇਸ਼ ਭਰ ਵਿਚ ਪਿਛਲੇ ਦਿਨੀਂ, ਨਾਰੀ ਸ਼ਕਤੀ ਵੰਦਨ ਬਿੱਲ ਦੇ ਹੱਕ ਅਤੇ ਵਿਰੋਧ ਵਿਚ ਵਾਵੇਲਾ ਦ੍ਰਿਸ਼ਟੀਗੋਚਰ ਹੁੰਦਾ ਰਿਹਾ ਹੈ। ਸੱਤਾਧਾਰੀ ਲੋਕ ਪਾਣੀ ਪੀ-ਪੀ ਕੇ, ਵਿਰੋਧੀ ਦਲਾਂ ਨੂੰ ਕੋਸਦੇ ਰਹੇ ਜਦੋਂ ਕਿ ਵਿਰੋਧੀ ਦਲ ਆਪੋ-ਆਪਣੀ ਪਿੱਠ ਥਪਥਪਾ ਰਹੇ ਸਨ ਕਿ ਉਹਨਾਂ ਨੇ ਲੋਕਤੰਤਰ ਨੂੰ ਤਹਿਸ-ਨਹਿਸ ਹੋਣੋਂ ਬਚਾ ਲਿਆ ਹੈ। ਸੁਹਿਰਦ ਪਾਠਕੋ! ਹਕੀਕਤ ਕੁਝ ਹੋਰ ਹੀ ਹੈ ਕਿਉਂਕਿ ਔਰਤਾਂ ਦੇ ਅਧਿਕਾਰਾਂ ਦੇ ਮਾਮਲੇ ਵਿਚ, ਭਾਰਤ 148 ਦੇਸ਼ਾਂ ਵਿਚੋਂ 131ਵੇਂ ਨੰਬਰ 'ਤੇ ਹੈ। ਅਸੀਂ 'ਵਿਸ਼ਵ ਗੁਰੂ' ਹੋਣ ਦੀਆਂ ਡੀਂਗਾਂ ਤਾਂ ਮਾਰ ਰਹੇ ਹਾਂ ਪਰ ਦੇਸ਼ ਦੀ ਅੱਧੀ ਆਬਾਦੀ ਦੇ ਪੱਛੜੇਪਨ, ਨਿਘਾਰ ਅਤੇ ਅਨਪੜ੍ਹਤਾ ਕਰਕੇ, ਅਜੇ ਮੰਜ਼ਿਲ ਦੀ ਪ੍ਰਾਪਤੀ ਬਹੁਤ ਦੂਰ ਹੈ। ਉੱਤਰ ਜਾਂ ਦੱਖਣ, ਕਿਸੇ ਪਾਸੇ ਨਜ਼ਰਸਾਨੀ ਕਰ ਲਈਏ, ਹਾਲਾਤ ਬਹੁਤ ਵੱਖਰੇ ਨਹੀਂ ਹਨ। ਆਓ, ਰਤਾ ਗਹੁ ਨਾਲ ਮੰਥਨ ਕਰਨ ਦਾ ਯਤਨ ਕਰੀਏ।

ਹਰੇਕ ਵਿਅਕਤੀ ਲਈ ਸਭ ਤੋਂ ਸਤਿਕਾਰਤ ਤੇ ਸਨਮਾਨਿਤ ਉਸ ਦਾ ਭਗਵਾਨ, ਇਸ਼ਟ ਅਤੇ ਪਰਮਾਤਮਾ ਹੁੰਦੈ। ਸਾਡੇ ਇੱਥੇ ਓਸ ਲਈ ਰੱਬ, ਬ੍ਰਹਮਾ, ਵਿਸ਼ਨੂੰ, ਮਹੇਸ਼, ਗਣੇਸ਼, ਰਾਮ, ਕ੍ਰਿਸ਼ਨ, ਹਨੂੰਮਾਨ, ਨਾਰਾਇਣ, ਮਾਧਵਾ, ਵੈਨਕੇਟਸ਼ਵਰਾ, ਜਗਨ ਨਾਥ, ਭੋਲੇ ਨਾਥ, ਅਮਰਨਾਥ, ਬੱਦਰੀਨਾਥ ਤੇ ਕੇਦਾਰਨਾਥ ਆਦਿ ਪ੍ਰਚੱਲਿਤ ਨਾਂ, ਸਾਰੇ ਦੇ ਸਾਰੇ ਪੁਲਿੰਗ ਹਨ। ਸਾਡੇ ਦੇਵਤਿਆਂ ਦਾ ਦਰਜਾ ਉਚੇਰਾ ਹੈ ਦੇਵੀਆਂ ਨਾਲੋਂ। ਇਥੋਂ ਤੱਕ ਕਿ ਮਸਜਿਦਾਂ ਵਿਚ ਵੀ ਇਕ ਵਿਸ਼ੇਸ਼ ਸਥਾਨ ਤੱਕ ਔਰਤਾਂ ਦੇ ਦਾਖ਼ਲੇ 'ਤੇ ਪਾਬੰਦੀ ਹੈ, ਮਰਦਾਂ ਨੂੰ ਹੀ ਧੁਰ ਤੱਕ ਜਾਣ ਦੀ ਖੁੱਲ੍ਹ ਹੈ। ਬਹੁਤ ਸਾਰੇ ਮੰਦਰਾਂ ਵਿਚ ਵੀ (ਵਿਸ਼ੇਸ਼ ਕਰਕੇ ਸਬਰੀਮਾਲਾ ਮੰਦਰ, ਜਿਸ ਦਾ ਕੇਸ ਉੱਚ ਅਦਾਲਤ ਵਿਚ ਲੰਬਿਤ ਪਿਆ ਹੈ) ਔਰਤ-ਦਾਖ਼ਲੇ 'ਤੇ ਰੋਕ ਹੈ। ਹਾਂ, ਸਿੱਖ ਧਰਮ ਵਿਚ ਪੰਜ ਸਦੀਆਂ ਤੋਂ ਅਜਿਹੇ ਭਿੰਨ ਭੇਦ ਦੇ ਖ਼ਿਲਾਫ਼, ਜ਼ਬਰਦਸਤ ਆਵਾਜ਼ ਚੁੱਕੀ ਗਈ ਸੀ ਪਰ 'ਵਾਹਿਗੁਰੂ' 'ਤੇ ਵਿਚਾਰ ਕਰੀਏ ਤਾਂ ਇਹ ਵੀ ਪੁਲਿੰਗ ਹੀ ਜਾਪਦਾ ਹੈ।

ਇਤਿਹਾਸਕ ਵੇਰਵਿਆਂ ਤੇ ਉਪਲਬਧ ਸਰੋਤਾਂ ਵੰਨੀਂ ਦੇਖੀਏ ਤਾਂ ਇੱਥੋਂ ਵੀ ਕਦੇ ਮਾਂ-ਪ੍ਰਧਾਨ ਵਿਵਸਥਾ ਰਹੀ ਹੈ ਪਰ ਜੰਗਾਂ-ਯੁੱਧਾਂ ਦੇ ਦੌਰ, ਜ਼ਰ, ਜੋਰੂ ਤੇ ਜ਼ਮੀਨਾਂ ਤੇ ਗ਼ਲਬਾ ਪਾਉਣ ਦੀ ਚੇਸ਼ਟਾ ਅਧੀਨ ਅਤੇ ਅਨੇਕ ਹੋਰ ਕਾਰਨਾਂ ਕਰਕੇ ਮਰਦ ਦੀ ਅਜਾਰੇਦਾਰੀ ਹੌਲੀ-ਹੌਲੀ ਸਥਾਪਿਤ ਹੁੰਦੀ ਚਲੇ ਗਈ। ਇੱਥੋਂ ਤੱਕ ਕਿ ਸਾਡੇ ਧਾਰਮਿਕ ਅਦਾਰਿਆਂ ਨੇ ਔਰਤ ਨੂੰ, ਬਚਪਨ 'ਚ ਪਿਤਾ, ਜਵਾਨੀ ਵਿਚ ਪਤੀ ਤੇ ਬੁਢਾਪੇ ਵਿਚ ਪੁੱਤਰ ਦੇ ਸੰਗ ਸਾਥ ਵਿਚਰਨ ਦਾ ਵਿਧਾਨ ਬਣਾ ਧਰਿਆ। ਇਹੋ ਅਣਲਿਖਿਤ ਕਾਨੂੰਨ ਅੱਜ ਤੱਕ ਲਾਗੂ ਹੈ, ਜਿਨ੍ਹਾਂ ਨੇ ਉਲੰਘਣਾ ਕਰਨ ਦੀ ਜੁਰਅਤ ਕੀਤੀ, ਉਨ੍ਹਾਂ 'ਤੇ ਲਾਂਛਣ ਲਾਏ ਗਏ, 'ਕੁਲਟਾ' ਅਖਵਾਈਆਂ ਪਰ ਸਮੇਂ-ਸਮੇਂ ਅਨੁਸੂਈਆ, ਮਾਈ ਭਾਗੋ, ਬੀਬੀ ਸ਼ਰਨ ਕੌਰ, ਸਵਿੱਤਰੀ ਦੇਵੀ ਫੂਲੇ, ਬੀਬੀ ਹਰਸ਼ਰਨ ਕੌਰ, ਝਾਂਸੀ ਦੀ ਰਾਣੀ, ਸਰੋਜਨੀ ਨਾਇਡੂ, ਬੀਬੀ ਗੁਲਾਬ ਕੌਰ ਤੇ ਹੋਰ ਬਹੁਤ ਸਾਰੀਆਂ ਨੇ ਇਹ ਟੈਬੂ ਤੋੜੇ। ਸਿੱਖ ਧਰਮ ਵਿਚ ਤਾਂ ਗੁਰੂ ਮਹਿਲਾ ਵੱਲੋਂ ਦ੍ਰਿੜ੍ਹਾਈ ਸੇਧ, ਸੇਵਾ ਅਤੇ ਸਿੱਖਿਆ ਕਾਰਨ ਅਜਿਹੀਆਂ ਹਜ਼ਾਰਾਂ ਉਦਾਹਰਣਾਂ ਉਪਲਬਧ ਹਨ।

ਵਿਚਾਰਨਯੋਗ ਗੱਲ ਹੈ ਕਿ ਇੱਟਾਂ, ਵੱਟਿਆਂ ਤੇ ਸੀਮੈਂਟ ਤੋਂ ਬਣੇ ਢਾਂਚੇ ਨੂੰ ਜੇਕਰ ਘਰ ਵਿਚ ਬਦਲਣ ਦੇ ਸਮਰੱਥ ਕੋਈ ਸ਼ਕਤੀ ਤੇ ਹਸਤੀ ਹੈ ਤਾਂ ਉਹ ਘਰ ਦੀ ਨਾਰੀ ਹੈ। ਇਸੇ ਤਰ੍ਹਾਂ ਦੇਸ਼ ਰੂਪੀ ਘਰ (ਮੰਦਿਰ) ਨੂੰ ਸੁਚਾਰੂ ਰੂਪ ਵਿਚ ਤੇ ਵਧੀਆ ਢੰਗ ਨਾਲ ਚਲਾਉਣ ਲਈ ਕੀ ਔਰਤ ਦੀ ਭੂਮਿਕਾ ਮਨਫ਼ੀ ਹੋ ਜਾਂਦੀ ਹੈ? ਇਕ ਜ਼ਾਬਤਾਪੂਰਨ ਘਰ, ਇਸ ਕਰਕੇ ਜ਼ਾਬਤਾਪੂਰਨ ਬਣਦਾ ਹੈ ਕਿਉਂਕਿ ਓਥੇ ਪੁੱਤਰਾਂ ਦੇ ਅੰਗ-ਸੰਗ ਧੀਆਂ ਤੇ ਭੈਣਾਂ ਵਿਚਰਦੀਆਂ ਹਨ। ਸ਼ਰਮ-ਹਯਾ ਵਾਲੀ ਰਹਿਣੀ ਬਹਿਣੀ ਲਈ ਔਰਤਾਂ ਦੀ ਹੋਂਦ ਲਾਜ਼ਮੀ ਹੈ। ਇਸੇ ਤਰ੍ਹਾਂ ਵੱਡੇ ਅਦਾਰਿਆਂ (ਪਾਰਲੀਮੈਂਟ ਜਾਂ ਵਿਧਾਨ ਸਭਾਵਾਂ) ਵਿਚ ਸੰਤੁਲਿਤ ਪਹੁੰਚ, ਜ਼ਾਬਤੇ ਅਤੇ ਸ਼ਾਲੀਨਤਾ ਦੇ ਨਾਲ-ਨਾਲ ਤਾਰਕਿਕਤਾ ਦਾ ਵਿਸ਼ੇਸ਼ ਮਹੱਤਵ ਹੈ ਪਰ ਇਹ ਨਿਸਚੇ ਹੀ ਔਰਤਾਂ ਤੇ ਮਰਦਾਂ ਦੇ ਸਾਂਝੇ ਯਤਨਾਂ, ਦ੍ਰਿਸ਼ਟੀਕੋਣ ਅਤੇ ਸਹੀ ਸੋਚ ਤੋਂ ਪੈਦਾ ਹੋ ਸਕਦੀ ਹੈ (ਜਿਸ ਦੀ ਸਾਡੇ ਦੇਸ਼ ਵਿਚ ਬਹੁਤ ਘਾਟ ਹੈ)।

ਦਹਾਕਿਆਂ ਤੋਂ ਸਾਡੇ ਦੇਸ਼ ਵਿਚ ਮਹਿਲਾ ਰਾਖਵਾਂਕਰਨ ਦੀ ਚੁੰਜ-ਚਰਚਾ ਹੁੰਦੀ ਆ ਰਹੀ ਹੈ। ਸਰਕਾਰਾਂ ਬਦਲੀਆਂ, ਸੋਚਾਂ ਬਦਲੀਆਂ ਪਰ ਨਹੀਂ ਬਦਲੀ ਤਾਂ ਔਰਤਾਂ ਪ੍ਰਤੀ ਮਾੜੀ ਭਾਵਨਾ, ਮਰਦਾਂ ਦੀ ਅਜਾਰੇਦਾਰੀ ਤੇ ਉਨ੍ਹਾਂ ਵਿਚਲੀ ਸੁਪਰਾਮੇਸੀ। 2023 ਵਿਚ (ਪਿਛਲੀ ਮੋਦੀ ਸਰਕਾਰ ਵੇਲੇ) ਇਹ ਅੰਤਮ ਪੜ੍ਹਾਅ ਵੀ ਲੰਘ ਗਿਆ ਸੀ ਅਤੇ ਸਾਰੀਆਂ ਸਿਆਸੀ ਪਾਰਟੀਆਂ ਦੀ ਸਹਿਮਤੀ ਨਾਲ ਰਾਸ਼ਟਰਪਤੀ ਦੇ ਹਸਤਾਖ਼ਰਾਂ ਉਪਰੰਤ ਐਕਟ ਵੀ ਬਣ ਗਿਆ ਸੀ ਪਰੰਤੂ ਪਤਾ ਨਹੀਂ ਕਿਸ ਮੰਦੇ ਇਰਾਦੇ ਕਾਰਨ ਇਸ ਦੀ ਨੋਟੀਫਿਕੇਸ਼ਨ ਨਾ ਕੀਤੀ ਗਈ। ਕੇਂਦਰ ਸਰਕਾਰ ਦੀ ਇਕ ਨਵੀਂ ਸਾਜਿਸ਼ ਤੇ ਨੀਤੀ ਤਹਿਤ ਪਿੱਛਲੇ ਮਹੀਨੇ (16 ਤੋਂ 18 ਅਪ੍ਰੈਲ ਨੂੰ), ਇਕ ਵਿਸ਼ੇਸ਼ ਲੋਕ ਸਭਾ ਸੈਸ਼ਨ ਦੌਰਾਨ, 'ਮਹਿਲਾ ਰਾਖਵਾਂਕਰਨ' ਬਿੱਲ ਨੂੰ 'ਨਵੀਂ ਹੱਦਬੰਦੀ' ਵਾਲੇ ਬਿੱਲ ਨਾਲ ਜੋੜ ਕੇ ਤੇ 131ਵਾਂ ਸੰਵਿਧਾਨਕ ਸੋਧ ਬਿੱਲ ਬਣਾ ਕੇ ਪੇਸ਼ ਕੀਤਾ ਗਿਆ। ਗੱਡੇ ਨਾਲ ਕੱਟਾ ਬੰਨਣ ਵੇਲੇ, ਇਸ ਦੇ ਆਕਾਵਾਂ ਨੇ ਚਿਤਵਿਆ ਹੀ ਨਹੀਂ ਹੋਣਾ ਕਿ ਇਸ ਮਰਹਲੇ 'ਤੇ ਲੈਣੇ ਦੇ ਦੇਣੇ ਪੈ ਜਾਣਗੇ ਅਰਥਾਤ ਨਵੀਂ ਹੱਦਬੰਦੀ ਵਾਲੇ ਬਿਲ ਦੇ ਵਿਆਪਕ ਵਿਰੋਧ ਕਾਰਨ, ਨਾਰੀ ਸਸ਼ਕਤੀਕਰਨ ਵਾਲਾ ਮਸਲਾ ਵੀ ਵਾਦ-ਵਿਵਾਦੀ ਬਣ ਜਾਵੇਗਾ। ਹਲਕਿਆਂ ਦੀ ਨਵੀਂ ਹੱਦਬੰਦੀ ਬੇਹੱਦ ਸੰਵੇਦਨਸ਼ੀਲ ਰਾਜਨੀਤਕ ਪ੍ਰਕਿਰਿਆ ਹੈ। ਨਵੀਂ ਹੱਦਬੰਦੀ ਅਨੁਸਾਰ ਰਾਜਾਂ ਵਿਚ ਸੀਟਾਂ ਦਾ ਵਾਧਾ ਕਰਕੇ ਹੀ ਔਰਤਾਂ ਨੂੰ ਰਾਖਵਾਂਕਰਨ ਦਾ ਲਾਭ ਦੇਣ ਦਾ ਪ੍ਰਾਵਧਾਨ ਸੋਚਿਆ ਗਿਆ ਸੀ ਕਿਉਂਕਿ ਮੌਜੂਦਾ ਢਾਂਚੇ ਵਿਚ, 543 ਸੀਟਾਂ 'ਤੇ ਦਹਾਕਿਆਂ ਤੋਂ ਕਾਬਜ਼ ਮਰਦ ਆਪਣੀ ਮਨਪਸੰਦ ਸੀਟ ਤਿਆਗਣ ਲਈ ਕਦੋਂ ਰਜ਼ਾਮੰਦ ਹੁੰਦੇ? ਹਾਲਾਂ ਕਿ ਇਹ ਵੀ ਫ਼ੈਸਲਾ ਹੋ ਚੁੱਕਾ ਸੀ ਕਿ ਨਵੀਂ ਹੱਦਬੰਦੀ ਤਾਜ਼ਾ ਮਰਦਮ ਸ਼ੁਮਾਰੀ 'ਤੇ ਅਧਾਰਿਤ ਹੋਵੇਗੀ ਪਰੰਤੂ ਲੋਕਤਾਂਤਰਿਕ ਅਮਲ ਦੀ ਬਜਾਇ, ਤਾਨਾਸ਼ਾਹੀ ਫੈਸਲਾ ਕਰਦਿਆਂ, ਮਰਦਮ ਸ਼ੁਮਾਰੀ ਦੇ ਤਾਜ਼ਾ ਅੰਕੜਿਆਂ ਨੂੰ ਉਡੀਕਣ ਦੀ ਲੋੜ ਹੀ ਨਹੀਂ ਮਹਿਸੂਸੀ ਗਈ ਤੇ 131ਵਾਂ ਸੋਧ ਬਿੱਲ ਪੇਸ਼ ਕਰ ਦਿੱਤਾ ਗਿਆ।

ਦਰਅਸਲ, ਦੱਖਣੀ ਏਸ਼ੀਆ ਵਿਚ ਸਭ ਤੋਂ ਹੇਠਲੇ ਦਰਜੇ 'ਤੇ ਵਿਚਰਨ ਵਾਲਾ ਸਾਡਾ ਦੇਸ਼, ਔਰਤਾਂ ਦੇ ਅਧਿਕਾਰਾਂ ਦੇ ਮਾਮਲੇ ਵਿਚ ਅਜੇ ਵੀ ਬਹੁਤ ਪਿਛਾਂਹ ਹੈ। ਜਿੱਥੇ ਸਕੈਂਡੇਨੇਵੀਅਨ ਦੇਸ਼ਾਂ (ਡੈਨਮਾਰਕ, ਸਵੀਡਨ, ਫਿਨਲੈਂਡ ਤੇ ਨੀਂਦਰਲੈਂਡ ਆਦਿ) ਵਿਚ ਔਰਤਾਂ ਦੀ ਹਰ ਮਰਹਲੇ 'ਤੇ ਭਾਗੀਦਾਰੀ 43 ਫੀਸਦੀ ਤੋਂ ਵੀ ਵਧੇਰੇ ਹੈ ਉੱਥੇ, ਸਾਡੇ ਦੇਸ਼ ਵਿਚ ਹਾਲੇ ਵੀ ਬਹੁਤ ਸਾਰੀਆਂ ਕਮੀਆਂ ਤੇ ਕਮਜ਼ੋਰੀਆਂ ਹਨ -ਲੈਗਿੰਕ ਸਮਾਨਤਾ, ਸਿਹਤ, ਸਿੱਖਿਆ ਤੇ ਆਰਥਿਕ ਮੌਕਿਆਂ ਦੀ ਉਪਲਬਧਤਾ ਵਿਚ ਭਾਰਤ ਖਾਸਾ ਪਿੱਛੇ ਹੈ, ਵਿਸ਼ੇਸ਼ ਕਰਕੇ ਨਾਰੀ ਸੁਰੱਖਿਆ ਪੱਖੋਂ, ਜਿੱਥੇ ਅੱਜ ਵੀ 80-90 ਸਾਲ ਦੀ ਬਜ਼ੁਰਗ ਤੇ ਦੋ ਸਾਲ ਦੀ ਮਾਸੂਮ ਬੱਚੀ ਦੀ ਪੱਤ ਸ਼ਰੇਆਮ ਲੁੱਟੀ ਜਾਂਦੀ ਹੈ-ਬਲਾਤਕਾਰ ਵਿਰੋਧੀ ਕਾਨੂੰਨ ਵੀ ਆਪਣਾ ਅਸਰ ਨਹੀਂ ਦਿਖਾ ਪਾਉਂਦੇ। ਇਸ ਮਰਹਲੇ 'ਤੇ ਜਿੰਨੀ ਜ਼ਲਾਲਤ, ਵਧੀਕੀ, ਅਣਗੌਲਣਾ ਅਤੇ ਬੇਰੁਖੀ ਇਕ ਭਾਰਤੀ ਔਰਤ ਨੂੰ ਸਹਿਣੀ ਪੈਂਦੀ ਹੈ, ਉਸੇ ਕਾਰਨ ਇਸ ਦਾ ਦਰਜਾ 148 ਦੇਸ਼ਾਂ 'ਚ 131ਵਾਂ ਗਿਣਿਆ ਗਿਆ ਹੈ। ਦੁਰਗਾ, ਲਕਸ਼ਮੀ ਤੇ ਸਰਸਵਤੀ ਦੀ ਮਾਨਤਾ ਵਾਲੇ, ਸਾਡੇ ਦੇਸ਼ ਵਿਚ ਖਾਣ ਵਾਲੇ ਦੰਦ ਹੋਰ ਹਨ ਤੇ ਦਿਖਾਉਣ ਵਾਲੇ ਹੋਰ ਕਿਉਂਕਿ ਇੱਥੇ ਪ੍ਰਤੀਬੱਧਤਾ, ਫੈਸਲਾਕੁੰਨ ਅਤੇ ਰਚਨਾਤਮਿਕਤਾ ਦੀ ਬਜਾਇ ਪਰੰਪਰਾਵਾਦ, ਲਿੰਗ ਆਧਾਰਿਤ ਵਿਤਕਰਿਆਂ ਅਤੇ ਮਰਦ ਪ੍ਰਧਾਨਗੀ ਦਾ ਬੋਲਬਾਲਾ ਹੈ। ਸਿੱਖਿਆ ਦੀ ਘਾਟ ਅਤੇ ਮਾਇਕ ਨਿਰਭਰਤਾ, ਪ੍ਰਮੁੱਖ ਕਾਰਨ ਹਨ, ਜਿਨ੍ਹਾਂ ਕਰਕੇ ਔਰਤ ਅੱਜ ਵੀ ਅਸਾਵੇਂਪਨ ਦੀ ਸ਼ਿਕਾਰ ਹੈ, ਪਰ ਜਿੱਥੇ ਵੀ ਉਸ ਨੂੰ ਮੌਕੇ ਪ੍ਰਾਪਤ ਹੋਏ, ਉਸ ਨੇ ਉਪਲਬਧੀਆਂ ਵਾਲੇ ਝੰਡੇ ਗੱਡ ਦਿੱਤੇ ਹਨ-ਸਕੂਲਾਂ ਤੇ ਕਾਲਜਾਂ ਦੇ ਨਤੀਜਿਆਂ ਵਿਚ ਹੀ ਨਹੀਂ, ਪ੍ਰਸ਼ਾਸਨਿਕ ਪ੍ਰੀਖਿਆਵਾਂ ਵਿਚ ਵੀ, ਹਰ ਪ੍ਰਕਾਰੀ ਨੌਕਰੀਆਂ ਵਿਚ ਵੀ, ਖੇਡ ਮੈਦਾਨਾਂ ਵਿਚ ਵੀ ਅਤੇ ਮੁਕਾਬਲੇ ਦੇ ਹਰ ਖੇਤਰ ਵਿਚ ਵੀ ਪਰ ਵਿਚਾਰਨਯੋਗ ਤੱਥ ਇਹ ਹੈ ਕਿ ਇਹ ਗਿਣਤੀ ਬਹੁਤ ਹੀ ਘੱਟ ਹੈ, ਔਰਤਾਂ ਦੀ ਭਾਗੀਦਾਰੀ ਹਾਲੇ ਬਹੁਤ ਥੋੜ੍ਹੀ ਹੈ (ਦੇਸ਼ਾਂ ਵਿਦੇਸ਼ਾਂ ਦੇ ਮੁਕਾਬਲਤਨ) ਜੋ ਮਹਿਜ਼ ਲਗਭਗ 11 ਫੀਸਦੀ ਹੀ ਬਣਦੀ ਹੈ।

ਦਹਾਕਿਆਂ ਤੋਂ ਚਰਚਿਤ, ਅਟਕਿਆ ਅਤੇ ਉਲਝਿਆ 'ਔਰਤ ਰਾਖਵਾਂਕਰਨ' ਮੁੱਦਾ ਸੁਲਝਾਉਣ ਲਈ ਜਿਹੜੀ ਚਲਾਕੀ, ਹੇਰਾਫੇਰੀ ਅਤੇ ਕਾਹਲ ਮੌਜੂਦਾ ਸਰਕਾਰ ਵਲੋਂ ਵਰਤੀ ਗਈ, ਉਹ ਸਭ ਦੇ ਸਾਹਮਣੇ ਨੰਗੀ ਹੋ ਗਈ ਹੈ ਕਿਉਂਕਿ ਸਮੁੱਚੀ ਵਿਰੋਧੀ ਧਿਰ ਵੱਲੋਂ ਏਕਤਾ ਦਿਖਾਏ ਜਾਣ ਕਾਰਨ ਭਾਵੇਂ ਇਹ ਸਰਕਾਰੀ ਸਾਜਿਸ਼ ਬੇਪਰਦ ਹੋ ਗਈ ਪਰ ਇਨ੍ਹਾਂ ਨੂੰ ਵੀ ਕੰਨੋਂ ਕੰਨੀ ਖਬਰ ਨਾ ਹੋਈ ਕਿ 2023 ਵਿਚ ਪਾਸ ਹੋਇਆ ਅਤੇ ਰਾਸ਼ਟਰਪਤੀ ਤੋਂ ਹਸਤਾਖਰਿਤ ਨਾਰੀ ਸਸ਼ਕਤੀਕਰਨ ਬਿੱਲ, ਸਰਕਾਰ ਵਲੋਂ ਕਦੇ ਨੋਟੀਫਾਈ ਹੀ ਨਹੀਂ ਕੀਤਾ ਗਿਆ ਸੀ। ਸਰਕਾਰ ਵੱਲੋਂ, ਇਸ ਅਣਗਹਿਲੀ ਨੂੰ 16 ਅਪ੍ਰੈਲ ਸ਼ਾਮ ਨੂੰ ਹੀ ਦਰੁਸਤ ਕਰਕੇ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਪਰ ਮਮਤਾ ਬੈਨਰਜੀ, ਅਖਿਲੇਸ਼ ਯਾਦਵ ਤੇ ਹੋਰ ਸਿਰਕੱਢ ਵਿਰੋਧੀ ਦਲ ਇਸ ਮੱਕਾਰੀ ਨੂੰ 17 ਅਪ੍ਰੈਲ ਨੂੰ ਵੀ ਸਮਝੇ ਬਿਨਾਂ ਹੀ ਆਲੋਚਨਾ ਕਰਦੇ ਰਹੇ। 543 ਤੋਂ 850 ਸੀਟਾਂ ਕਰਨ ਦੇ ਫ਼ੈਸਲੇ ਨੂੰ ਜਾਇਜ਼ ਠਹਿਰਾ ਕੇ ਔਰਤਾਂ ਨੂੰ 33 ਫੀਸਦੀ ਰਾਖਵਾਂਕਰਨ ਦੇਣਾ, ਇੱਕ ਬਹੁਤ ਵੱਡੀ ਸਿਆਸੀ ਚਾਲ ਸੀ ਤੇ ਖਾਹ-ਮਖਾਹ ਵਿਰੋਧੀਆਂ ਨੂੰ ਚਿੱਤ ਕਰਨ ਦਾ ਢੌਂਗ ਵੀ ਕਿਉਂਕਿ 543 ਸੀਟਾਂ 'ਤੇ ਚਿਰਾਂ ਤੋਂ ਕਾਬਜ਼ ਬੈਠੇ ਸਾਰੇ ਮਰਦ ਕਦੇ ਵੀ ਆਪਣੀਆਂ ਰਵਾਇਤੀ ਸੀਟਾਂ ਔਰਤਾਂ ਨੂੰ ਦੇਣ ਦੇ ਹੱਕ ਵਿਚ ਨਹੀਂ ਸਨ। ਅਜਿਹੇ ਵਿਚ ਕਦੋਂ ਸੰਭਵ ਹੈ 33 ਫੀਸਦੀ (ਨਾਰੀ ਰਾਖਵਾਂਕਰਨ)? ਕੀ ਇਹ 50 ਫੀਸਦੀ ਸਮਾਜ ਲਈ ਨਮੋਸ਼ੀ ਦਾ ਸਬੱਬ ਨਹੀਂ? ਅਣਗੌਲਣ ਦੀ ਗੱਲ ਨਹੀਂ? ਵਿਤਕਰੇ ਦੀ ਇੰਤਹਾ ਨਹੀਂ? ਕਿਸੇ ਸ਼ਾਇਰ ਨੇ ਕਿੰਨਾ ਖ਼ੂਬ ਲਿਖਿਆ ਸੀ:-

ਮੈਂ ਬੰਦੇ ਨੂੰ ਜੀਵਨ ਦੇਵਾਂ ਇਹ
ਤਿੱਖੀ ਤਲਵਾਰ ਹੈ ਕਰਦਾ।
ਸੌ ਸੌ ਵਾਰ ਮੈਂ ਵਾਰੀ ਜਾਵਾਂ
ਮੇਰੇ ਹੀ ਉੱਪਰ ਵਾਰ ਹੈ ਕਰਦਾ।

# ਜੂਆ ਖੇਡ ਰਹੇ 10 ਵਿਅਕਤੀਆਂ 'ਤੇ ਮਾਮਲਾ ਦਰਜ, 9 ਕਾਬੂ ਇੱਕ ਫਰਾਰ

ਧਾਰੀਵਾਲ, 9 ਮਈ (ਅਸ਼ੋਕ ਕੁਮਾਰ): ਥਾਣਾ ਧਾਰੀਵਾਲ ਪੁਲਿਸ ਨੇ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਤਲਾਸ਼ ਦੌਰਾਨ ਵੱਡੀ ਕਾਰਵਾਈ ਕਰਦੇ ਹੋਏ ਜੂਆ ਖੇਡ ਰਹੇ 10 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਏਐਸਆਈ ਕੁਲਦੀਪ ਸਿੰਘ ਸਮੇਤ ਪੁਲਿਸ ਪਾਰਟੀ, ਜਿਸ ਵਿੱਚ ਏਐਸਆਈ ਸੁਰਜੀਤ ਸਿੰਘ, ਏਐਸਆਈ ਹਰਭਜਨ ਚੰਦ, ਏਐਸਆਈ ਗੁਰਮੇਜ ਸਿੰਘ, ਕਾਂਸਟੇਬਲ ਸੁਖਜਿੰਦਰ ਸਿੰਘ, ਹਰਵੰਤ ਸਿੰਘ ਤੇ ਪੀਐਚਜੀ ਰੂਪ ਸਿੰਘ ਸ਼ਾਮਲ ਸਨ, ਬੱਸ ਸਟੈਂਡ ਧਾਰੀਵਾਲ, ਮਾਡਲ ਟਾਊਨ ਤੇ ਪਿੰਡ ਅਹਿਮਦਾਬਾਦ ਵੱਲ ਗਸ਼ਤ ਕਰ ਰਹੀ ਸੀ। ਜਦੋਂ ਪੁਲਿਸ ਪਾਰਟੀ ਰੇਲਵੇ ਫਾਟਕ ਫੱਤੇਨੰਗਲ ਨੇੜੇ ਪੁੱਜੀ ਤਾਂ ਇੱਕ ਮੁੱਖਬਰ ਨੇ ਇਤਲਾਹ ਦਿੱਤੀ ਕਿ ਸੌਰਵ ਸ਼ਰਮਾ ਉਰਫ਼ ਸਰਕਾਰੀ ਵਾਸੀ ਫੱਤੇਨੰਗਲ ਭੋਲੇ-ਭਾਲੇ ਲੋਕਾਂ ਨੂੰ ਪੈਸੇ ਦੁਗਣੇ ਕਰਨ ਦਾ ਲਾਲਚ ਦੇ ਕੇ ਪਿੰਡ ਫੱਤੇਨੰਗਲ ਦੇ ਬਾਹਰ ਪੀਰ ਬਾਬੇ ਦੀ ਜਗ੍ਹਾ ਨੇੜੇ ਤਾਸ਼ ਦੇ ਪੱਤਿਆਂ ਨਾਲ ਜੂਆ ਖਿਡਾ ਰਿਹਾ ਹੈ। ਸੂਚਨਾ ਨੂੰ ਭਰੋਸੇਯੋਗ ਮੰਨਦੇ ਹੋਏ ਪੁਲਿਸ ਨੇ ਤੁਰੰਤ ਛਾਪੇਮਾਰੀ ਕੀਤੀ। ਰੇਡ ਦੌਰਾਨ ਕਮਾਲਾ ਭੱਟੀ, ਜ਼ੋਨ, ਰਾਜਨ ਭੱਟੀ, ਮੰਨੀ ਸ਼ਰਮਾ, ਰਵੀ ਕੁਮਾਰ, ਰਜਤ, ਅਦਿਤਿਆ ਮਹਾਜਨ, ਲੱਕੀ ਤੇ ਰਜੇਸ਼ ਕੁਮਾਰ ਨੂੰ ਜੂਆ ਖੇਡਦੇ ਕਾਬੂ ਕੀਤਾ ਗਿਆ, ਜਦਕਿ ਮੁੱਖ ਦੋਸ਼ੀ ਸੌਰਵ ਸ਼ਰਮਾ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਨੇ ਦੋਸ਼ੀਆਂ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ ਧਾਰਾ 318 ਤੇ ਗੈਂਬਲਿੰਗ ਐਕਟ 131-3-67 ਤਹਿਤ ਕੇਸ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।



## ਨਵੇਂ ਬੇਅਦਬੀ ਕਾਨੂੰਨ ਦੇ ਖੌਫ਼ ਹੇਠ ਸੰਗਤਾਂ....

# ਘਰਾਂ 'ਚ ਸੁਸ਼ੋਭਿਤ ਸਰੂਪ ਤੇ ਪੋਥੀਆਂ ਗੁਰਦੁਆਰਾ ਸਾਹਿਬਾਨ ਨੂੰ ਸੌਂਪਣ ਦਾ ਸਿਲਸਿਲਾ ਸ਼ੁਰੂ

ਸੰਗਰੂਰ/ਜਲੰਧਰ, 9 ਮਈ (ਚ.ਨ.ਸ): ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਲਾਗੂ ਕੀਤੇ ਗਏ ਸਖ਼ਤ ਬੇਅਦਬੀ ਵਿਰੋਧੀ ਕਾਨੂੰਨ ਨੇ ਉਨ੍ਹਾਂ ਸ਼ਰਧਾਲੂਆਂ ਵਿੱਚ ਇੱਕ ਅਜੀਬ ਨਾਮੋਸ਼ੀ ਤੇ ਡਰ ਦੀ ਸਥਿਤੀ ਪੈਦਾ ਕਰ ਦਿੱਤੀ ਹੈ, ਜਿਨ੍ਹਾਂ ਨੇ ਆਪਣੇ ਘਰਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ, ਗੁਟਕਾ ਸਾਹਿਬ ਜਾਂ ਪੋਥੀਆਂ ਸੁਸ਼ੋਭਿਤ ਕੀਤੀਆਂ ਹੋਈਆਂ ਹਨ। ਇਸ ਕਾਨੂੰਨ ਦੀਆਂ ਸਖ਼ਤ ਧਾਰਾਵਾਂ ਕਾਰਨ ਕਈ ਪਰਿਵਾਰ ਹੁਣ ਸਿੱਖ ਮਰਿਯਾਦਾ ਦੀ ਪਾਲਣਾ ਵਿੱਚ ਕਿਸੇ ਅਣਜਾਣੇ ਵਿੱਚ ਹੋਣ ਵਾਲੀ ਭੁੱਲ ਤੋਂ ਡਰਨ ਲੱਗੇ ਹਨ। ਨਤੀਜੇ ਵਜੋਂ, ਸੰਗਰੂਰ ਤੇ ਜਲੰਧਰ ਸਮੇਤ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋਕਾਂ ਨੇ ਆਪਣੇ ਘਰਾਂ ਤੋਂ ਪਾਵਨ ਸਰੂਪ ਤੇ ਧਾਰਮਿਕ ਪੋਥੀਆਂ ਗੁਰਦੁਆਰਾ ਪ੍ਰਬੰਧਕਾਂ ਨੂੰ ਵਾਪਸ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ। ਜ਼ਿਕਰਯੋਗ ਹੈ ਕਿ 20 ਅਪ੍ਰੈਲ 2026 ਨੂੰ ਰਾਜ ਸਰਕਾਰ ਦੁਆਰਾ ਲਾਗੂ ਕੀਤੇ ਗਏ 'ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਅਧੀਨ ਬੇਅਦਬੀ ਦੇ ਮਾਮਲਿਆਂ ਵਿੱਚ ਉਮਰ ਕੈਦ ਤੇ 25 ਲੱਖ ਰੁਪਏ ਤੱਕ ਦੇ ਭਾਰੀ ਜੁਰਮਾਨੇ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਸਖ਼ਤੀ ਕਾਰਨ ਨਿਤਨੇਮੀ ਸ਼ਰਧਾਲੂਆਂ ਵਿੱਚ ਇਹ ਚਿੰਤਾ ਪਾਈ ਜਾ ਰਹੀ ਹੈ ਕਿ ਜੇਕਰ ਸੇਵਾ ਸੰਭਾਲ ਦੌਰਾਨ ਅਚਾਨਕ ਕੋਈ ਗਲਤੀ ਹੋ ਜਾਂਦੀ ਹੈ ਤਾਂ ਉਹ ਕਾਨੂੰਨੀ ਸ਼ਿਕੰਜੇ ਵਿੱਚ ਫਸ ਸਕਦੇ ਹਨ। ਇਸ ਡਰ ਕਾਰਨ ਬਹੁਤ ਸਾਰੇ ਲੋਕਾਂ ਨੇ ਹੁਣ ਘਰਾਂ ਵਿੱਚ ਪਾਠ ਕਰਨ ਦੀ ਬਜਾਏ ਗੁਰਦੁਆਰਾ ਸਾਹਿਬ ਜਾ ਕੇ ਨਤਮਸਤਕ ਹੋਣ ਨੂੰ ਤਰਜੀਹ ਦੇਣੀ ਸ਼ੁਰੂ ਕਰ ਦਿੱਤੀ ਹੈ।ਸੰਗਰੂਰ ਜ਼ਿਲ੍ਹੇ ਦੇ ਸੁਨਾਮ ਇਲਾਕੇ ਵਿੱਚ ਇਸ ਦਾ ਵੱਡਾ ਪ੍ਰਭਾਵ ਦੇਖਣ ਨੂੰ ਮਿਲਿਆ, ਜਿੱਥੇ ਸੱਤ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਨੁਮਾਇੰਦਿਆਂ ਨੇ ਸ਼ੁੱਕਰਵਾਰ ਨੂੰ ਗੁਰਦੁਆਰਾ ਨਾਨਕਿਆਣਾ ਸਾਹਿਬ ਵਿਖੇ ਇਕੱਠੇ ਹੋ ਕੇ ਸੰਗਤਾਂ ਵੱਲੋਂ ਜਮ੍ਹਾਂ ਕਰਵਾਏ ਗਏ 452 ਗੁਟਕਾ ਸਾਹਿਬ ਤੇ ਪੋਥੀਆਂ ਜਮ੍ਹਾਂ ਕਰਵਾਈਆਂ। ਇਸ ਮੌਕੇ ਗੁਰਦੁਆਰਾ ਹਰਿਗੋਬਿੰਦਪੁਰਾ ਸੁਨਾਮ ਦੇ ਹੈਡ ਗ੍ਰੰਥੀ ਸਵਰਨਜੀਤ ਸਿੰਘ ਨੇ ਦੱਸਿਆ ਕਿ ਲੋਕਾਂ ਵਿੱਚ ਕਾਨੂੰਨ ਦਾ ਇੰਨਾ ਖੌਫ਼ ਹੈ ਕਿ ਉਹ ਕਿਸੇ ਵੀ ਤਰ੍ਹਾਂ ਦਾ ਜ਼ੋਖਮ ਨਹੀਂ ਲੈਣਾ ਚਾਹੁੰਦੇ। ਆਲ ਇੰਡੀਆ ਗ੍ਰੰਥੀ ਰਾਗੀ ਪ੍ਰਚਾਰਕ ਸਿੰਘ ਸਭਾ ਦੇ ਮੁੱਖ ਸੇਵਾਦਾਰ ਜਗਮੇਲ ਸਿੰਘ ਛਾਜਲਾ ਨੇ ਕਿਹਾ ਕਿ ਸਰਕਾਰ ਨੇ ਅਜਿਹੀ ਸਥਿਤੀ ਪੈਦਾ ਕਰ ਦਿੱਤੀ ਹੈ ਕਿ ਧਾਰਮਿਕ ਸੇਵਾ ਵਿੱਚ ਲੀਨ ਲੋਕ ਵੀ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ, ਕਿਉਂਕਿ ਰੋਜ਼ਾਨਾ ਸੇਵਾ ਦੌਰਾਨ ਮਨੁੱਖੀ ਭੁੱਲ ਹੋਣਾ ਸੁਭਾਵਿਕ ਹੈ।

# 40 ਲੱਖ ਲੋੜਵੰਦ ਪਰਿਵਾਰਾਂ ਨੂੰ ਮੇਰੀ ਰਸੋਈ ਯੋਜਨਾ ਦੀ ਸ਼ੁਰੂਆਤ ਭਗਵੰਤ ਸਿੰਘ ਮਾਨ ਵੱਲੋਂ ਇੱਕ ਵੱਡਾ ਕਦਮ: ਡਾ. ਕੇ.ਜੇ. ਸਿੰਘ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 9 ਮਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਪੰਜਾਬ ਦੇ ਲੋਕਾਂ ਲਈ ਬਹੁਤ ਸਾਰੀਆਂ ਭਲਾਈ ਸਕੀਮਾਂ ਚਲਾ ਰਹੇ ਹਨ, ਜਿਸ ਨਾਲ ਪੰਜਾਬ ਦੇ ਹਰ ਵਰਗ ਦੇ ਲੋਕਾਂ ਨੂੰ ਵੱਡਾ ਫਾਇਦਾ ਹੋ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਸੀਨੀਅਰ ਆਗੂ ਤੇ ਸਾਬਕਾ ਆਬਜ਼ਰਵਰ ਡਾ. ਕਮਲਜੀਤ ਸਿੰਘ ਕੇਜੇ ਨੇ ਕਿਹਾ ਕਿ ਅੱਜ ਤੋਂ 40 ਲੱਖ ਲੋੜਵੰਦ ਪਰਿਵਾਰਾਂ ਨੂੰ ਮੁਫਤ ਰਾਸ਼ਨ ਤਹਿਤ ਦੋ ਕਿਲੋ ਛੋਲਿਆਂ ਦੀ ਦਾਲ, ਦੋ ਕਿਲੋ ਖੰਡ, ਦੋ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ, ਇੱਕ ਲੀਟਰ ਸਰੋਂ ਦਾ ਤੇਲ ਮਿਲਿਆ ਕਰੇਗਾ, ਜਿਸ ਨਾਲ ਗਰੀਬ ਪਰਿਵਾਰਾਂ ਨੂੰ ਆਪਣੀ ਰਸੋਈ ਚਲਾਣੀ ਸੌਖੀ ਹੋ ਜਾਵੇਗੀ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੋਰ ਵੀ ਬਹੁਤ ਸਾਰੀਆਂ ਸਕੀਮਾਂ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਲਾਗੂ ਕੀਤੀਆਂ ਹੋਈਆਂ ਹਨ ਜਿਵੇਂ ਮੁਫਤ ਘਰੇਲੂ ਬਿਜਲੀ, ਵਪਾਰ ਲਈ ਬਿਜਲੀ ਦੇ ਰੇਟਾਂ ਵਿੱਚ ਕਟੌਤੀ, ਮਾਵਾਂ-ਭੈਣਾਂ ਨੂੰ 1000, 1500 ਰੁਪਏ ਪ੍ਰਤੀ ਮਹੀਨਾ ਸਹਾਇਤਾ ਰਾਸ਼ੀ, ਮਾਵਾਂ-ਭੈਣਾਂ ਨੂੰ ਬੱਸਾਂ ਵਿੱਚ ਸਫਰ ਕਰਨ ਦੀ ਫ੍ਰੀ ਸਹੂਲਤ, ਕਿਸਾਨਾਂ ਲਈ ਦਿਨ ਵੇਲੇ ਬਿਜਲੀ ਦਾ ਪ੍ਰਬੰਧ, ਨਹਿਰੀ ਪਾਣੀ ਦੀ ਸੁਚੱਜੇ ਢੰਗ ਨਾਲ ਵਿਵਸਥਾ ਹੁਣ ਹਰ ਖੇਤ ਤੱਕ ਪਹੁੰਚੇਗਾ ਤਾਕਤਵਰ ਨਹਿਰੀ ਪਾਣੀ। ਪੰਜਾਬ ਦੇ ਸਕੂਲਾਂ ਨੂੰ ਸਮਾਰਟ ਸਕੂਲ ਬਣਾ ਕੇ ਸਿੱਖਿਆ ਕ੍ਰਾਂਤੀ ਵੱਲ ਬਹੁਤ ਵੱਡਾ ਕਦਮ ਚੁੱਕਿਆ ਗਿਆ ਹੈ। ਇਸੇ ਤਰ੍ਹਾਂ ਹੀ ਸਿਹਤ ਕ੍ਰਾਂਤੀ ਲਈ ਪੰਜਾਬ ਦੇ ਹਸਪਤਾਲਾਂ ਦਾ ਬਹੁਤ ਵੱਡੇ ਪੱਧਰ 'ਤੇ ਸੁਧਾਰ ਕੀਤਾ ਗਿਆ ਹੈ। ਇਸ ਦੇ ਨਾਲ ਨਾਲ 10 ਲੱਖ ਰੁਪਏ ਦਾ ਮੁਫਤ ਮੁੱਖ ਮੰਤਰੀ ਸਿਹਤ ਯੋਜਨਾ ਚਲਾਈ ਗਈ ਹੈ, ਜਿਸ ਨਾਲ ਹਰ ਪਰਿਵਾਰ ਨੂੰ ਸਿਹਤ ਪੱਖੋਂ ਬਹੁਤ ਵੱਡੀ ਸਹੂਲਤ ਦਿੱਤੀ ਗਈ ਹੈ।ਨੌਜਵਾਨਾਂ ਲਈ ਬਹੁਤ ਸਾਰੇ ਪਿੰਡਾਂ ਦੇ ਵਿੱਚ ਖੇਡ ਮੈਦਾਨ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਆਪਣੇ ਸਰੀਰ ਦੇ ਨਾਲ ਨਾਲ ਆਉਣ ਵਾਲਾ ਭਵਿੱਖ ਵੀ ਤੈਅ ਕਰ ਸਕਦੇ ਹਨ। 65 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਬਿਨਾਂ ਕਿਸੇ ਸਿਫਾਰਿਸ਼ ਜਾਂ ਰਿਸ਼ਵਤ ਤੋਂ ਦਿੱਤੀਆਂ ਗਈਆਂ ਹਨ।



# ਸ਼ਹਿਰੀ ਸਬ-ਡਵੀਜ਼ਨ ਫਤਹਿਗੜ੍ਹ ਚੂੜੀਆਂ ਕਰਮਚਾਰੀ ਦਲ ਦੀ ਮੀਟਿੰਗ



ਫਤਹਿਗੜ੍ਹ ਚੂੜੀਆਂ, 9 ਮਈ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਸ਼ਹਿਰੀ ਸਬ-ਡਵੀਜ਼ਨ ਕਰਮਚਾਰੀ ਦਲ ਦੀ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਦੇ ਵਿੱਚ ਯੂਨਾਈਟਡ ਪੈਨਸ਼ਨਰਜ਼ ਐਸੋਸੀਏਸ਼ਨ ਦੇ ਦਿਹਾਤੀ ਮੰਡਲ ਬਟਾਲਾ ਤੇ ਸਿਟੀ ਮੰਡਲ ਬਟਾਲਾ ਦੇ ਪ੍ਰਧਾਨ ਮੁਖਤਾਰ ਸਿੰਘ ਰੰਧਾਵਾ ਤੇ ਕੈਸ਼ੀਅਰ ਅਸ਼ਵਨੀ ਕੁਮਾਰ ਤੇ ਰਿਟਾਇਰ ਸਾਥੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਮੀਟਿੰਗ ਦੇ ਦੌਰਾਨ ਬਾਰਡਰ ਜ਼ੋਨ ਦੇ ਆਗੂ ਰਾਜਵਿੰਦਰ ਸਿੰਘ ਟਰਪੱਲਾ ਨੇ ਗੱਲਬਾਤ ਦੌਰਾਨ ਕਰਦੇ ਹੋਏ ਮੌਜੂਦਾ ਤੇ ਰਿਟਾਇਰੀ ਸਾਥੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਤੇ ਪ੍ਰਧਾਨ ਮੁਖਤਾਰ ਸਿੰਘ ਰੰਧਾਵਾ ਤੇ ਅਸ਼ਵਨੀ ਕੁਮਾਰ ਕੈਸ਼ੀਅਰ ਚੁਣੇ ਜਾਣ 'ਤੇ ਕਰਮਚਾਰੀ ਦਲ ਜਥੇਬੰਦੀ ਤੇ ਸੂਬਾਈ ਆਗੂ ਰਵੇਲ ਸਿੰਘ ਦਾ ਵੀ ਧੰਨਵਾਦ ਕੀਤਾ ਕਿ ਜਿਨ੍ਹਾਂ ਨੇ ਫਤਹਿਗੜ੍ਹ ਚੂੜੀਆਂ ਸਬ-ਡਵੀਜ਼ਨ ਨੂੰ ਇੰਨਾ ਮਾਣ ਦਿੱਤਾ। ਮੀਟਿੰਗ ਦੇ ਦੌਰਾਨ ਮੁਖਤਾਰ ਸਿੰਘ ਰੰਧਾਵਾ ਤੇ ਅਸ਼ਵਨੀ ਕੁਮਾਰ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਵੀ ਕੀਤਾ ਗਿਆ ਤੇ ਉਨ੍ਹਾਂ ਨੇ ਭਰੋਸਾ ਦਿੱਤਾ ਕਿ ਲੋੜ ਪੈਣ 'ਤੇ ਰਿਟਾਇਰੀ ਵਿੰਗ ਪੂਰੀ ਤਨਦੇਹੀ ਦੇ ਨਾਲ ਮੁਲਾਜ਼ਮਾਂ ਦਾ ਸਾਥ ਦੇਣਗੇ। ਇਸ ਮੌਕੇ 'ਤੇ ਸਰਤਾਜ ਸਿੰਘ, ਨਵਜੋਤ ਸਿੰਘ, ਵਜ਼ੀਰ ਸਿੰਘ, ਗੁਰਪ੍ਰੀਤ ਸਿੰਘ, ਹਰਵਿੰਦਰ ਸਿੰਘ, ਜਨਕ ਰਾਜ, ਸੁਖਬਾਜ ਸਿੰਘ, ਜੇਈ ਪ੍ਰਵੀਨ ਕੁਮਾਰ, ਰਾਜਨ, ਹਰਦੀਪ ਸਿੰਘ, ਜੇਈ ਗੁਰਮੀਤ ਸਿੰਘ, ਜੇਈ ਸੁਰਿੰਦਰ ਪਾਲ ਸਿੰਘ, ਜਗਦੀਪ ਸਿੰਘ, ਲਵਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਕੈਸ਼ੀਅਰ, ਗੁਲਜ਼ਾਰ ਸਿੰਘ, ਲਖਵਿੰਦਰ ਸਿੰਘ ਹਾਜ਼ਰ ਸਨ।

# ਸਫ਼ਾਈ ਕਰਮਚਾਰੀਆਂ ਵੱਲੋਂ ਮੰਗਾਂ ਨੂੰ ਲੈ ਕੇ ਕੰਮ ਛੋੜ ਹੜਤਾਲ ਜਾਰੀ

ਫ਼ਤਹਿਗੜ੍ਹ ਚੂੜੀਆਂ, 9 ਮਈ (ਰਾਜਨ ਸ਼ਰਮਾ): ਨਗਰ ਕੌਂਸਲ ਸਫ਼ਾਈ ਕਰਮਚਾਰੀ ਯੂਨੀਅਨ ਫ਼ਤਹਿਗੜ੍ਹ ਚੂੜੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਅਣਮਿੱਥੇ ਸਮੇਂ ਲਈ ਕੰਮ ਛੋੜ ਹੜਤਾਲ ਜਾਰੀ ਹੈ। ਗੱਲਬਾਤ ਕਰਦਿਆਂ ਯੂਨੀਅਨ ਦੇ ਪ੍ਰਧਾਨ ਰਾਹੁਲ ਮਸੀਹ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਸਫ਼ਾਈ ਕਰਮਚਾਰੀਆਂ ਦੀਆਂ ਮੰਗਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ ਤੇ ਬਣਦੇ ਹੱਕ ਦੇਣ ਤੋਂ ਵਾਂਝੇ ਰੱਖਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਫ਼ਾਈ ਸੇਵਕਾਂ ਨੂੰ ਬਣਦੇ ਲਾਭ ਦਿੱਤੇ ਜਾਣ ਤੇ ਕੰਟਰੈਕਟ ਬੇਸਿਜ ਸਫ਼ਾਈ ਸੇਵਕਾਂ ਨੂੰ ਪੱਕਿਆਂ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਆਊਟਸੋਰਸਿੰਗ ਸਫ਼ਾਈ ਸੇਵਕਾਂ ਨੂੰ ਕੰਟਰੈਕਟ 'ਤੇ ਕੀਤਾ ਜਾਵੇ ਤੇ ਸਫ਼ਾਈ ਸੇਵਕਾਂ ਦਾ ਸਿਹਤ ਬੀਮਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਜੇਕਰ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਪੰਜਾਬ ਯੂਨੀਅਨ ਦੇ ਆਦੇਸ਼ਾਂ 'ਤੇ ਅਗਲੀ ਰਣਨੀਤੀ ਉਲੀਕੀ ਜਾਵੇਗੀ। ਇਸ ਮੌਕੇ ਨਗਰ ਕੌਂਸਲ ਕਰਮਚਾਰੀ ਯੂਨੀਅਨ ਵੱਲੋਂ ਵੀ ਸਫ਼ਾਈ ਸੇਵਕਾਂ ਦੀ ਹੜਤਾਲ ਨੂੰ ਸਮਰਥਨ ਦਿੱਤਾ ਗਿਆ ਤੇ ਸਰਕਾਰ ਕੋਲੋਂ ਮੰਗ ਕੀਤੀ ਕਿ ਡੀ.ਏ. ਸਮੇਤ ਉਨ੍ਹਾਂ ਦੀਆਂ ਹੱਕੀ ਮੰਗਾਂ ਪੂਰੀਆਂ ਕੀਤੀਆਂ ਜਾਣ।ਇਸ ਮੌਕੇ ਸੁੱਖਾ ਮਸੀਹ, ਸੁਰਜੀਤ ਮਸੀਹ, ਕੁਲਦੀਪ ਮਸੀਹ, ਜੀਨਤ, ਪ੍ਰਵੀਨ, ਰਾਹੁਲ, ਲਛਮੀ ਬਾਈ, ਦਲੀਪ ਕੁਮਾਰ, ਜਗਦੀਸ਼ ਕੁਮਾਰ, ਸੰਨੀ, ਸੁਨੀਲ, ਰਕੇਸ਼ ਕੁਮਾਰ, ਪਵਨ, ਗਗਨਦੀਪ, ਗਗਨਪ੍ਰੀਤ, ਪੱਪੂ ਲਾਲ, ਰਾਣੀ, ਸਵਿੰਦਰ ਬੂਰਾ, ਨਿਰਮਲਜੀਤ, ਸਵਰਨ ਸਿੰਘ, ਰਾਜਨ ਮਸੀਹ, ਬੰਟੀ, ਪ੍ਰੇਮ, ਮੰਗਾ, ਮਨਦੀਪ ਹਾਜ਼ਰ ਸਨ।



# ਅਮਰੀਕਾ ਤੇ ਈਰਾਨ ਵਿਚਾਲੇ ਝੜਪਾਂ ਤੇਜ਼, ਪੂਰੀ ਦੁਨੀਆਂ ਦੀਆਂ ਨਜ਼ਰਾਂ ਤਹਿਰਾਨ ਦੇ ਜਵਾਬ 'ਤੇ ਟਿਕੀਆਂ

ਵਾਸ਼ਿੰਗਟਨ, 9 ਮਈ (ਚ.ਨ.ਸ): ਖਾੜੀ ਖਿੱਤੇ ਵਿੱਚ ਸ਼ਾਂਤੀ ਦੀਆਂ ਕੋਸ਼ਿਸ਼ਾਂ ਦੇ ਵਿਚਕਾਰ ਇੱਕ ਵਾਰ ਫਿਰ ਜੰਗ ਦੀ ਅੱਗ ਭੜਕ ਉੱਠੀ ਹੈ। ਅਮਰੀਕਾ ਤੇ ਈਰਾਨੀ ਫੌਜਾਂ ਵਿਚਾਲੇ ਹੋਈਆਂ ਤਾਜ਼ਾ ਝੜਪਾਂ ਨੇ ਖੇਤਰ ਵਿੱਚ ਤਣਾਅ ਨੂੰ ਸਿਖਰ 'ਤੇ ਪਹੁੰਚਾ ਦਿੱਤਾ ਹੈ। ਅਮਰੀਕਾ ਵੱਲੋਂ ਜੰਗ ਨੂੰ ਖਤਮ ਕਰਨ ਲਈ ਭੇਜੀ ਗਈ ਤਾਜ਼ਾ ਤਜਵੀਜ ਤੋਂ ਬਾਅਦ ਹੁਣ ਸਾਰੀ ਦੁਨੀਆਂ ਦੀਆਂ ਨਜ਼ਰਾਂ ਈਰਾਨ ਦੇ ਸੰਭਾਵੀ ਜਵਾਬ 'ਤੇ ਟਿਕੀਆਂ ਹੋਈਆਂ ਹਨ। ਇਸ ਦੌਰਾਨ ਸੰਯੁਕਤ ਅਰਬ ਅਮੀਰਾਤ 'ਤੇ ਵੀ ਨਵੇਂ ਸਿਰਿਓਂ ਹਮਲੇ ਹੋਣ ਦੀਆਂ ਖ਼ਬਰਾਂ ਹਨ, ਜਿਸ ਨਾਲ ਸਥਿਤੀ ਹੋਰ ਗੰਭੀਰ ਹੋ ਗਈ ਹੈ। ਸਟਰੇਟ ਆਫ ਹੋਰਮੁਜ਼, ਜੋ ਕਿ ਵਪਾਰਕ ਪੱਖੋਂ ਦੁਨੀਆਂ ਦਾ ਸਭ ਤੋਂ ਅਹਿਮ ਰਸਤਾ ਮੰਨਿਆ ਜਾਂਦਾ ਹੈ, ਪਿਛਲੇ ਕੁਝ ਦਿਨਾਂ ਤੋਂ ਭਾਰੀ ਗੋਲੀਬਾਰੀ ਤੇ ਹਿੰਸਾ ਦਾ ਗਵਾਹ ਬਣ ਰਿਹਾ ਹੈ। ਇੱਕ ਮਹੀਨਾ ਪਹਿਲਾਂ ਹੋਏ ਜੰਗਬੰਦੀ ਦੇ ਸਮਝੌਤੇ ਦੇ ਬਾਵਜੂਦ, ਇਹ ਹਾਲੀਆਂ ਝੜਪਾਂ ਉਸ ਸਮੇਂ ਹੋ ਰਹੀਆਂ ਹਨ, ਜਦੋਂ ਦੋਵੇਂ ਦੇਸ਼ ਜੰਗ ਨੂੰ ਰਸਮੀ ਤੌਰ 'ਤੇ ਖਤਮ ਕਰਨ ਲਈ ਇੱਕ ਸਮਝੌਤੇ ਦੇ ਬਹੁਤ ਨੇੜੇ ਮੰਨੇ ਜਾ ਰਹੇ ਸਨ। ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਰੋਮ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਈਰਾਨ ਵੱਲੋਂ ਕਿਸੇ ਵੀ ਵੇਲੇ ਜਵਾਬ ਦੀ ਉਮੀਦ ਕਰ ਰਹੇ ਹਨ। ਉਨ੍ਹਾਂ ਉਮੀਦ ਜਤਾਈ ਕਿ ਈਰਾਨ ਦਾ ਫੈਸਲਾ ਅਜਿਹਾ ਹੋਵੇਗਾ ਜੋ ਗੱਲਬਾਤ ਦੀ ਪ੍ਰਕਿਰਿਆ ਨੂੰ ਇੱਕ ਗੰਭੀਰ ਮੋੜ 'ਤੇ ਲੈ ਕੇ ਜਾਵੇਗਾ। ਦੂਜੇ ਪਾਸੇ, ਈਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਹੈ ਕਿ ਤਹਿਰਾਨ ਅਜੇ ਵੀ ਅਮਰੀਕੀ ਪ੍ਰਸਤਾਵ 'ਤੇ ਵਿਚਾਰ ਕਰ ਰਿਹਾ ਹੈ। ਇਸ ਹਿੰਸਾ ਦੀ ਲਪੇਟ ਵਿੱਚ ਇੱਕ ਭਾਰਤੀ ਜਹਾਜ਼ ਵੀ ਆ ਗਿਆ ਹੈ। ਸਟਰੇਟ ਆਫ ਹੋਰਮੁਜ਼ ਵਿੱਚ ਸ਼ੁੱਕਰਵਾਰ ਨੂੰ ਹੋਈ ਗੋਲੀਬਾਰੀ ਦੌਰਾਨ 'ਅਲ ਫੈਜ਼ ਨੂਰ ਸੁਲੇਮਾਨੀ' ਨਾਮ ਦੀ ਇੱਕ ਲੱਕੜ ਦੀ ਬੇੜੀ (ਧੋ) ਕਰਾਸਫਾਇਰ ਦਾ ਸ਼ਿਕਾਰ ਹੋ ਗਈ। ਇਸ ਦਰਦਨਾਕ ਹਾਦਸੇ ਵਿੱਚ ਗੁਜਰਾਤ ਦੇ ਰਹਿਣ ਵਾਲੇ ਇੱਕ ਮਲਾਹ ਦੀ ਮੌਤ ਹੋ ਗਈ, ਜਦੋਂ ਕਿ ਪੰਜ ਹੋਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਇਹ ਜਹਾਜ਼ 7 ਮਈ ਨੂੰ ਦੁਬਈ ਤੋਂ ਰਵਾਨਾ ਹੋਇਆ ਸੀ ਤੇ ਯਮਨ ਵੱਲ ਜਾ ਰਿਹਾ ਸੀ। ਜਹਾਜ਼ 'ਤੇ ਕੁੱਲ 18 ਕਰੂ ਮੈਂਬਰ ਸਵਾਰ ਸਨ। ਸ਼ਿਪਿੰਗ ਡਾਇਰੈਕਟੋਰੇਟ ਦੇ ਅਧਿਕਾਰੀਆਂ ਨੇ ਇਸ ਘਟਨਾ ਦੀ ਪੁਸ਼ਟੀ ਕੀਤੀ ਹੈ।



# ਬਲਾਕ ਬਟਾਲਾ-1 ਤੇ ਬਟਾਲਾ-2 ਸਕੂਲ ਮੁਖੀਆਂ ਦੀ ਇਨਰੋਲਮੈਂਟ ਤੇ ਮਿਸ਼ਨ ਸਮਰੱਥ ਸਬੰਧੀ ਮੀਟਿੰਗ

ਗੁਰਦਾਸਪੁਰ, 9 ਮਈ (ਸੰਧੂ/ਬਸਰਾ): ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ) ਮੈਡਮ ਪਰਮਜੀਤ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਬਟਾਲਾ 1 ਤੇ ਬਟਾਲਾ 2 ਬਲਾਕਾਂ ਦੀ ਇਨਰੋਲਮੈਂਟ ਤੇ ਮਿਸ਼ਨ ਸਮਰੱਥ 4.0 ਸਬੰਧੀ ਮੀਟਿੰਗ ਕੀਤੀ ਗਈ, ਜਿਸ ਵਿੱਚ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਅਨਿਲ ਸ਼ਰਮਾ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਅਧਿਆਪਕਾਂ ਨੂੰ ਨਵਾਂ ਦਾਖਲਾ ਵੱਧ ਤੋਂ ਵੱਧ ਕਰਨ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਗੁਰਨਾਮ ਸਿੰਘ ਵੱਲੋਂ ਅਧਿਆਪਕਾਂ ਨਾਲ ਇਨਰੋਲਮੈਂਟ ਸਬੰਧੀ ਡਾਟਾ ਸਾਂਝਾ ਕੀਤਾ ਤੇ ਬਲਾਕਾਂ ਦੀ ਸਥਿਤੀ ਤੋਂ ਜਾਣੂੰ ਕਰਵਾਇਆ ਗਿਆ ਤੇ ਮਿਸ਼ਨ ਸਮਰੱਥ ਦੀ ਮਿਡ ਲਾਈਨ ਟੈਸਟਿੰਗ ਜਲਦੀ ਮੁਕੰਮਲ ਕਰਕੇ ਆਨਲਾਈਨ ਕਰਨ ਲਈ ਕਿਹਾ ਗਿਆ। ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਲਖਵਿੰਦਰ ਸਿੰਘ ਸੇਖੋਂ ਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਜਸਵਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਅਧਿਆਪਕਾਂ ਨੂੰ ਮਿਸ਼ਨ ਸਮਰੱਥ, ਵਿਦਿਆ ਪ੍ਰਵੇਸ਼ ਤੇ ਨਵੇਂ ਦਾਖਲੇ ਸਬੰਧੀ ਜਾਣਕਾਰੀ ਦਿੱਤੀ ਤੇ ਅਧਿਆਪਕਾਂ ਨੂੰ ਨਵਾਂ ਦਾਖਲਾ ਵੱਧ ਤੋਂ ਵੱਧ ਕਰਨ ਦੀ ਅਪੀਲ ਕੀਤੀ। ਸਕੂਲ ਆਫ ਐਮੀਨੈਂਸ ਸੁਨੀਤਾ ਸ਼ਰਮਾ ਵੱਲੋਂ ਵੀ ਅਧਿਆਪਕਾਂ ਨੂੰ ਸੰਬੋਧਨ ਕੀਤਾ ਗਿਆ।ਇਸ ਮੌਕੇ ਬੀਆਰਸੀ ਲਖਵਿੰਦਰ ਸਿੰਘ ਜਸਵਿੰਦਰ ਸਿੰਘ ਧੰਦਲ ਰਾਮ ਸਿੰਘ ਜਸਪਿੰਦਰ ਸਿੰਘ ਬਸਰਾ ਦੋਵਾਂ ਬਲਾਕਾਂ ਦੇ ਸੀਐਚਟੀ ਵਿਨੋਦ ਕੁਮਾਰ ਪਰਮਜੀਤ ਸਿੰਘ ਜਗਜੀਤ ਸਿੰਘ ਮੈਡਮ ਨਰੋਤਮ ਪਾਲ ਕੌਰ ਭਾਰਦਵਾਜ ਰਮਨਜੀਤ ਸਿੰਘ ਕੌਰ ਗੁਰੂ ਪ੍ਰਤਾਪ ਸਿੰਘ ਜਸਵਿੰਦਰ ਸਿੰਘ ਅਮਨਦੀਪ ਕੌਰ ਅਮਰਜੀਤ ਕੌਰ ਹਰਪਿੰਦਰ ਪਾਲ ਕੌਰ ਜਸਪਾਲ ਸਿੰਘ ਤੇ ਸਮੂਹ ਸਮੂਹ ਸਕੂਲ ਮੁਖੀ ਹਾਜ਼ਰ ਸਨ।



# ਵਿਧਾਇਕ ਜਿੰਪਾ ਵੱਲੋਂ ਵਾਰਡ ਨੰਬਰ 7 'ਚ ਬਣਨ ਵਾਲੀਆਂ ਗਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ



ਹੁਸ਼ਿਆਰਪੁਰ, 9 ਮਈ (ਦੀਪਕ ਅਗਨੀਹੋਤਰੀ): ਸ਼ਹਿਰ ਦੇ ਵਿਕਾਸ ਨੂੰ ਗਤੀ ਦਿੰਦੇ ਹੋਏ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 7 ਵਿੱਚ ਲਗਭਗ 14 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਇਲਾਕੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਸਥਾਨਕ ਨਿਵਾਸੀਆਂ ਨੇ ਇਸ ਲੰਬੇ ਸਮੇਂ ਤੋਂ ਲਟਕ ਰਹੇ ਪ੍ਰੋਜੈਕਟ ਦੇ ਸ਼ੁਰੂ ਹੋਣ 'ਤੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰ ਦੇ ਹਰ ਵਾਰਡ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸੜਕਾਂ, ਸਵੱਛਤਾ ਤੇ ਆਰਾਮਦਾਇਕ ਵਾਤਾਵਰਨ ਪ੍ਰਦਾਨ ਕਰਨਾ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਜਿੰਪਾ ਨੇ ਕਿਹਾ ਕਿ ਵਾਰਡ ਨੰਬਰ 7 ਵਿੱਚ ਗਲੀਆਂ ਦੇ ਨਿਰਮਾਣ ਨਾਲ ਲੋਕਾਂ ਨੂੰ ਕਾਫ਼ੀ ਰਾਹਤ ਮਿਲੇਗੀ, ਖਾਸ ਕਰਕੇ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਤੇ ਟੁੱਟੀਆਂ ਸੜਕਾਂ ਦੀ ਸਮੱਸਿਆ ਦੂਰ ਹੋਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਮਾਣ ਕਾਰਜ ਨਿਰਧਾਰਿਤ ਸਮੇਂ ਦੇ ਅੰਦਰ ਗੁਣਵੱਤਾ ਦੇ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਸਹੂਲਤ ਮਿਲ ਸਕੇ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਨਗਰ ਨਿਗਮ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਸਾਰੇ ਵਾਰਡਾਂ ਵਿੱਚ ਵਿਕਾਸ ਕਾਰਜ ਬਰਾਬਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜਨਤਾ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।

# ਵਿਧਾਇਕ ਅਮਰਪਾਲ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ

ਬਟਾਲਾ, 9 ਮਈ (ਬਲਵਿੰਦਰ ਸਿੰਘ ਪੰਜਗਰਾਈਂ): ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਅਧੀਨ ਪੈਂਦੇ ਪਿੰਡ ਪੰਜਗਰਾਈਆਂ ਵਿਖੇ ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਇੱਕਤਰ ਹੋਏ ਪੰਜਗਰਾਈਆਂ ਦੇ ਨਿਵਾਸੀਆਂ ਨੂੰ, ਉਨ੍ਹਾਂ ਕਿਹਾ ਕਿ ਹਲਕੇ ਅੰਦਰ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਲੋਕਾਂ ਦੀਆਂ ਦਰਪੇਸ਼ ਮੁਸ਼ਕਲਾਂ ਤੋਂ ਲਟਕਦੀਆਂ ਚਿਰੋਕਣੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਨੂੰ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਹੈ ਕਿ ਹਲਕੇ ਦੇ ਲੋਕਾਂ ਦੀਆਂ, ਲੰਬੇ ਸਮੇਂ ਤੋਂ ਉਨ੍ਹਾਂ ਸਨਮੁੱਖ ਆ ਰਹੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨਾ ਤੇ ਹਲਕੇ ਦੇ ਲੋਕਾਂ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਰਹਿ ਕੇ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਭਾਈ ਵਾਲ ਬਣਨਾ। ਜਿਸ ਲਈ ਉਹ ਦਿਨ-ਰਾਤ ਯਤਨਸ਼ੀਲ ਹਨ। ਉਨ੍ਹਾਂ ਪਿਛਲੇ ਚਾਰ ਸਾਲਾਂ ਵਿੱਚ ਸਰਕਾਰ ਵੱਲੋਂ ਕੀਤੇ ਹੋਏ ਕੰਮਾਂ ਦੀ ਗੱਲ ਕਰਦਿਆਂ ਹੋਇਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਿਸਾਨਾਂ ਤੋਂ ਪੰਜਾਬ ਵਾਸੀਆਂ ਨੂੰ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ ਤੇ ਹਰ ਘਰ ਦਾ ਜ਼ੀਰੋ ਬਿੱਲ ਆ ਰਿਹਾ ਹੈ। ਸਰਕਾਰੀ ਨੌਕਰੀਆਂ ਬਿਨਾਂ ਰਿਸ਼ਵਤ ਲਏ ਦਿੱਤੇ ਪੂਰੀ ਪਾਰਦਰਸ਼ਤਾ ਨਾਲ ਦਿੱਤੀਆਂ ਗਈਆਂ। ਪੰਜਾਬ ਵਿੱਚ ਮੁਹੱਲਾ ਕਲੀਨਿਕ ਖੋਲ੍ਹ ਕੇ, ਮਾਹਿਰ ਡਾਕਟਰਾਂ ਦੁਆਰਾ ਪੰਜਾਬ ਵਾਸੀਆਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੋਚ ਹੈ ਕਿ ਪੰਜਾਬ ਦੇ ਨੌਜਵਾਨ, ਅੰਤਰ ਰਾਸ਼ਟਰੀ ਪੱਧਰ 'ਤੇ ਪ੍ਰਸਿੱਧੀ ਖੱਟਣ, ਇਸ ਲਈ ਪਿੰਡ ਪਿੰਡ ਵਿੱਚ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ।ਇਸ ਮੌਕੇ ਨਗਰ ਦੇ ਸਰਪੰਚ ਗੁਰਦੀਪ ਸਿੰਘ ਖਹਿਰਾ, ਯੂਥ ਆਗੂ ਸੁਖਮਨ ਖਹਿਰਾ, ਚੇਅਰਮੈਨ ਹਰਭਜਨ ਸਿੰਘ, ਪੰਚ ਸਤਨਾਮ ਸਿੰਘ, ਹਰਪਾਲ ਸਿੰਘ ਜੇਈ, ਏਜੰਸੀ ਗੁਰਪਾਲ ਸਿੰਘ, ਕੁਲਵਿੰਦਰ ਸਿੰਘ ਬੌਬੀ, ਸਰਪੰਚ ਗੁਰਮੀਤ ਸਿੰਘ, ਕੁਲਦੀਪ ਸਿੰਘ ਪੱਡਾ, ਰਣਜੋਧ ਸਿੰਘ, ਲਖਵਿੰਦਰ ਸਿੰਘ, ਭੁਪਿੰਦਰ ਸਿੰਘ ਨੰਬਰਦਾਰ, ਸੁਖਰਾਜ ਸਿੰਘ ਲਾਲੀ, ਸਤਪਾਲ ਸਿੰਘ, ਮਨਜੀਤ ਸਿੰਘ, ਕੋਮਲ, ਸਤਨਾਮ ਸਿੰਘ ਤੇ ਹੋਰ ਅਨੇਕਾਂ ਮੋਹਤਬਰ ਹਾਜ਼ਰ ਸਨ।



# 'ਦੋ ਰਾਤਾਂ ਪ੍ਰਭੂ ਨਾਲ ਬਾਤਾਂ' ਪ੍ਰੋਗਰਾਮ 11 ਤੇ 12 ਨੂੰ

ਗੜ੍ਹਸ਼ੰਕਰ, 9 ਮਈ (ਅਜਮੇਰ ਸਿੰਘ ਭਨੋਟ): ਗੜ੍ਹਸ਼ੰਕਰ ਵਿਖੇ ਪਿਛਲੇ ਚਾਰ ਸਾਲਾਂ ਤੋਂ ਸ੍ਰੀ ਹਨੂੰਮਾਨ ਚਾਲੀਸਾ ਪਾਠ ਸਨਾਤਨ ਧਰਮ ਦੇ ਸੇਵਕ ਸ੍ਰੀ ਹਨੂੰਮਾਨ ਚਾਲੀਸਾ ਪਾਠ ਸੰਮਤੀ ਵੱਲੋਂ ਕਰਵਾਇਆ ਜਾ ਰਿਹਾ ਹੈ, ਜਿੱਥੇ ਗੜ੍ਹਸ਼ੰਕਰ ਨਿਵਾਸੀ ਹਰ ਸਪਤਾਹਿਕ ਹਨੂੰਮਾਨ ਚਾਲੀਸਾ ਪਾਠ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ, ਉਥੇ ਹੀ ਇਸ ਵਾਰ ਹਨੂੰਮਾਨ ਚਾਲੀਸਾ ਪਾਠ ਨੂੰ 200 ਹਫਤਾ ਹੋਣ ਜਾ ਰਿਹਾ ਹੈ, ਜਿਸ ਦੇ ਸਬੰਧ ਵਿੱਚ 11 ਤੇ 12 ਮਈ ਨੂੰ ਦੋ ਰਾਤਾਂ ਪ੍ਰਭੂ ਨਾਲ ਬਾਤਾਂ ਪ੍ਰੋਗਰਾਮ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ।ਇਸ ਧਾਰਮਿਕ ਪ੍ਰੋਗਰਾਮ ਵਿੱਚ 11 ਮਈ ਨੂੰ ਸ੍ਰੀ ਸਾਗਰ ਕੋਹਲੀ ਸ਼ਾਹਬਾਦ ਮਾਰਕੰਡਾ ਵਾਲੇ ਪ੍ਰਭੂ ਨਾਲ ਭਗਤਾਂ ਨੂੰ ਜੋੜਨਗੇ ਤੇ ਦੂਸਰੀ ਰਾਤ 12 ਮਈ ਦਿਨ ਮੰਗਲਵਾਰ ਨੂੰ ਬਾਬਾ ਸ੍ਰੀ ਹਰੀ ਦਾਸੀ ਬਰਸਾਨਾ ਵਾਲੇ ਪ੍ਰਭੂ ਦਾ ਗੁਣਗਾਨ ਕਰਨਗੇ, ਇਹ ਸਾਰਾ ਪ੍ਰੋਗਰਾਮ ਬਾਬਾ ਵਿਸ਼ਵਕਰਮਾ ਮੰਦਰ ਸ੍ਰੀ ਅਨੰਦਪੁਰ ਸਾਹਿਬ ਰੋਡ ਗੜ੍ਹਸ਼ੰਕਰ ਵਿਖੇ ਕਰਵਾਇਆ ਜਾਵੇਗਾ। ਸ੍ਰੀ ਹਨੂੰਮਾਨ ਚਾਲੀਸਾ ਪਾਠ ਸੰਮਤੀ ਵੱਲੋਂ ਇਲਾਕੇ ਦੇ ਪ੍ਰਭੂ ਭਗਤਾਂ ਨੂੰ ਬੇਨਤੀ ਹੈ ਕਿ ਇਸ ਪ੍ਰਭੂ ਭਗਤੀ ਪ੍ਰੋਗਰਾਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਕਿਉਂਕਿ ਸ੍ਰੀ ਹਨੂੰਮਾਨ ਚਾਲੀਸਾ ਪਾਠ ਸੰਮਤੀ ਹਮੇਸ਼ਾ ਹੀ ਪ੍ਰਭੂ ਭਗਤਾਂ ਨੂੰ ਭਗਵਾਨ ਦੇ ਨਾਲ ਜੋੜਦੀ ਹੈ ਤੇ ਜੋੜਦੀ ਰਹੇਗੀ।



# ਸਿਹਤ ਵਿਭਾਗ ਸਿਵਲ ਹਸਪਤਾਲ ਦੀਆਂ ਟੀਮਾਂ ਨੇ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਸਬੰਧੀ ਜਾਗਰੂਕ ਕੀਤਾ



ਦਸੂਹਾ, 9 ਮਈ (ਰਾਜਿੰਦਰ ਸਿੰਘ ਦਸੂਹਾ): ਸਿਵਲ ਸਰਜਨ ਹੁਸ਼ਿਆਰਪੁਰ ਡਾ. ਮੰਦੀਪ ਕਮਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਸੀਨੀਅਰ ਮੈਡੀਕਲ ਅਫਸਰ ਡਾ. ਮਨਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਦੀ ਯੋਗ ਅਗਵਾਈ ਹੇਠ ਐਂਟੀ ਡੇਂਗੂ ਮੁਹਿੰਮ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਤਹਿਤ ਕੰਮ ਕਰ ਰਹੀਆਂ ਸਿਹਤ ਵਿਭਾਗ ਸਿਵਲ ਹਸਪਤਾਲ ਦਸੂਹਾ ਦੀਆਂ ਟੀਮਾਂ ਵੱਲੋਂ ਘਰ ਘਰ ਜਾ ਕੇ ਲੋਕਾਂ ਨੂੰ ਡੇਂਗੂ ਸਬੰਧੀ ਜਾਗਰੂਕ ਕੀਤਾ ਗਿਆ।ਇਸ ਦੌਰਾਨ ਸਿਹਤ ਡਿਪਟੀ ਡਾਇਰੈਕਟਰ ਡੈਂਟਲ ਹੁਸ਼ਿਆਰਪੁਰ ਡਾ.ਕਪਿਲ ਡੋਗਰਾ ਵੱਲੋਂ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਤਹਿਤ ਕੰਮ ਕਰ ਰਹੀਆਂ ਸਿਹਤ ਵਿਭਾਗ ਸਿਵਲ ਹਸਪਤਾਲ ਦਸੂਹਾ ਦੀਆਂ ਟੀਮਾਂ ਦੀ ਚੈਕਿੰਗ ਕੀਤੀ ਗਈ।ਇਸ ਮੌਕੇ ਹੈਲਥ ਇੰਸਪੈਕਟਰ ਰਜੇਸ਼ ਕੁਮਾਰ ਨੇ ਦੱਸਿਆ ਕਿ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਦੌਰਾਨ ਆਪਣੇ ਦਫਤਰਾਂ ਵਿੱਚ ਗਮਲੇ, ਕੂਲਰਾਂ, ਟਾਇਰਾਂ, ਕਬਾੜ, ਫਰਿਜ ਦੀਆਂ ਟਰੇਆਂ ਆਦਿ ਵਿੱਚ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ ਹੈ ਤਾਂ ਜੋ ਡੇਂਗੂ ਦਾ ਲਾਰਵਾ ਪੈਦਾ ਨਾ ਹੋ ਸਕੇ।ਇਸ ਮੌਕੇ ਹੈਲਥ ਇੰਸਪੈਕਟਰ ਰਜੇਸ਼ ਕੁਮਾਰ ਸਿਹਤ ਕਰਮਚਾਰੀ ਗੁਰਨਾਮ ਸਿੰਘ ਹਾਜ਼ਰ ਹੋਏ।

# ਵਿਜੇ ਸੋਨੀ ਮੋਹਲੋਵਾਲੀ ਨੇ 'ਚਲੋ ਅੰਮ੍ਰਿਤਸਰ' ਮੁਹਿੰਮ ਦੀ ਸ਼ੁਰੂਆਤ 'ਚ ਹਿੱਸਾ ਲਿਆ

ਡੇਰਾ ਬਾਬਾ ਨਾਨਕ, 9 ਮਈ (ਹੈਪੀ ਕੋਟਲੀ): ਸ੍ਰੀ ਅੰਮ੍ਰਿਤਸਰ ਸਾਹਿਬ ਦੇ 450ਵੇਂ ਸਥਾਪਨਾ ਦਿਵਸ ਤੋਂ ਪਹਿਲਾਂ ਚਲੋ ਅੰਮ੍ਰਿਤਸਰ ਮੁਹਿੰਮ ਤਹਿਤ ਪੰਜਾਬ ਭਰ ਦੀਆਂ ਮਹਿਲਾਵਾਂ ਨੇ ਇਕੱਠੇ ਹੋ ਕੇ ਭਗਤਾਂਵਾਲਾ ਲੈਂਡਫਿਲ ਹਟਾਉਣ ਤੇ ਪਵਿੱਤਰ ਸ਼ਹਿਰ ਵਿੱਚ ਸਥਾਈ ਸਾਫ਼ ਸਫ਼ਾਈ ਦੀ ਮੰਗ ਰੱਖੀ।ਅੰਮ੍ਰਿਤਸਰ ਸਾਲ 2027 ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਆਪਣਾ 450ਵਾਂ ਸਥਾਪਨਾ ਦਿਵਸ ਮਨਾਉਣ ਜਾ ਰਿਹਾ ਹੈ। ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਸੰਨ 1577 ਵਿੱਚ ਵਸਾਇਆ ਗਿਆ, ਇਹ ਪਵਿੱਤਰ ਸ਼ਹਿਰ, ਜੋ ਸ੍ਰੀ ਦਰਬਾਰ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਕਰਕੇ ਪੂਰੀ ਦੁਨੀਆਂ ਵਿੱਚ ਜਾਣਿਆ ਜਾਂਦਾ ਹੈ, ਅੱਜ ਗੰਭੀਰ ਕੂੜਾ ਤੇ ਸਫ਼ਾਈ ਸੰਕਟ ਨਾਲ ਜੂਝ ਰਿਹਾ ਹੈ। ਸ਼ਹਿਰ ਦੇ ਅੰਦਰੂਨੀ ਬਾਜ਼ਾਰਾਂ ਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਕੂੜੇ ਦੇ ਢੇਰ ਆਮ ਦ੍ਰਿਸ਼ ਬਣ ਚੁੱਕੇ ਹਨ, ਜਦਕਿ ਭਗਤਾਂਵਾਲਾ ਲੈਂਡਫਿਲ ਸ਼ਹਿਰ ਦੀ ਸੁੰਦਰਤਾ, ਵਿਰਾਸਤ ਤੇ ਵਾਤਾਵਰਨ ਨੂੰ ਲਗਾਤਾਰ ਨੁਕਸਾਨ ਪਹੁੰਚਾ ਰਿਹਾ ਹੈ। ਇਸ ਦਾ ਪ੍ਰਭਾਵ ਸ੍ਰੀ ਦਰਬਾਰ ਸਾਹਿਬ ਦੇ ਆਲੇ-ਦੁਆਲੇ ਦੇ ਵਾਤਾਵਰਨ 'ਤੇ ਵੀ ਪੈ ਰਿਹਾ ਹੈ।ਸ੍ਰੀ ਅੰਮ੍ਰਿਤਸਰ ਸਾਹਿਬ ਦੇ 450ਵੇਂ ਸਥਾਪਨਾ ਦਿਵਸ ਦੇ ਮੱਦੇਨਜ਼ਰ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਮਹਿਲਾਵਾਂ ਚਲੋ ਅੰਮ੍ਰਿਤਸਰ ਮੁਹਿੰਮ ਤਹਿਤ ਇਕੱਠੀਆਂ ਹੋਈਆਂ ਹਨ ਤਾਂ ਜੋ ਪਵਿੱਤਰ ਸ਼ਹਿਰ ਲਈ ਤੁਰੰਤ ਤੇ ਸਥਾਈ ਵਾਤਾਵਰਨਕ ਸੁਧਾਰ ਦੀ ਮੰਗ ਕੀਤੀ ਜਾ ਸਕੇ ਤੇ ਭਗਤਾਂਵਾਲਾ ਲੈਂਡਫਿਲ ਹਟਾਇਆ ਜਾ ਸਕੇ। ਵੱਤਰੁੱਖ ਫਾਊਂਡੇਸ਼ਨ ਦੀ ਸੰਸਥਾਪਕ ਸਮੀਤਾ ਕੌਰ ਦੀ ਅਗਵਾਈ ਹੇਠ ਇਸ ਮੁਹਿੰਮ ਵਿੱਚ ਇੰਦੂ ਅਰੋੜਾ, ਸਵਰਨਜੀਤ ਕੌਰ, ਡਾ. ਅੰਮ੍ਰਿਤਾ ਰਾਣਾ, ਡਾ. ਸਿਮਰਪ੍ਰੀਤ ਸੰਧੂ, ਭੂਸ਼ਨ ਮਲਿਕ, ਰਿਤੂ ਮਲਹੋਤਰਾ, ਦਮਨਜੀਤ ਕੌਰ ਤੇ ਸ਼ਵੇਤਾ ਮਹਿਰਾ ਸ਼ਾਮਲ ਹਨ।**ਇਸ ਸਮਾਗਮ ਦੇ ਮੁੱਖ ਮਹਿਮਾਨ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਕੁਲਦੀਪ ਸਿੰਘ ਗੜਗੱਜ ਨੇ ਕਿਹਾ:** ਸਾਡੇ ਪਵਿੱਤਰ ਅਸਥਾਨਾਂ ਨੂੰ ਕੂੜੇ ਦੇ ਢੇਰਾਂ ਹੇਠ ਦਬਣ ਨਹੀਂ ਦਿੱਤਾ ਜਾ ਸਕਦਾ। ਇਹ ਹਰ ਵਿਅਕਤੀ ਦੀ ਨੈਤਿਕ ਜ਼ਿੰਮੇਵਾਰੀ ਹੈ ਕਿ ਉਹ ਸਮਝੇ ਕਿ ਸੇਵਾ, ਸਿਦਕ ਤੇ ਸਿੱਖੀ ਇਕੱਠੇ ਚੱਲਦੇ ਹਨ। 450ਵੇਂ ਸਥਾਪਨਾ ਦਿਵਸ ਤੋਂ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ, ਖ਼ਾਸ ਕਰਕੇ ਪੁਰਾਣੇ ਸ਼ਹਿਰ ਨੂੰ ਸਾਫ਼ ਤੇ ਸੰਭਾਲਿਆ ਹੋਇਆ ਬਣਾਉਣ ਲਈ ਸਾਰਿਆਂ ਨੂੰ ਮਿਲ ਕੇ ਯਤਨ ਕਰਨੇ ਪੈਣਗੇ। **ਵੱਤਰੁੱਖ ਫਾਊਂਡੇਸ਼ਨ ਦੀ ਸੰਸਥਾਪਕ ਸਮੀਤਾ ਕੌਰ ਨੇ ਕਿਹਾ:** ਦੁਨੀਆਂ ਦੇ ਸਭ ਤੋਂ ਪਵਿੱਤਰ ਅਸਥਾਨਾਂ ਵਿੱਚੋਂ ਇੱਕ ਹੋਣ ਦੇ ਬਾਵਜੂਦ, ਅੱਜ ਇੱਥੇ ਦਿਖਾਈ ਦੇ ਰਹੀ ਲਾਪ੍ਰਵਾਹੀ ਸਾਡੀ ਸਮਾਜਿਕ ਗਿਰਾਵਟ ਨੂੰ ਦਰਸਾਉਂਦੀ ਹੈ। ਠੋਸ ਕਚਰਾ ਪ੍ਰਬੰਧਨ ਦੇ ਨਿਯਮ ਪ੍ਰਯੋਗਯੋਗ ਤੇ ਅਮਲਯੋਗ ਹਨ, ਪਰ ਉਨ੍ਹਾਂ ਦੀ ਲਾਗੂ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਸ੍ਰੀ ਦਰਬਾਰ ਸਾਹਿਬ ਬਰਾਬਰੀ, ਅਧਿਆਤਮਿਕਤਾ ਤੇ ਲੰਗਰ ਸੇਵਾ ਦਾ ਪ੍ਰਤੀਕ ਹੈ, ਪਰ ਅਸੀਂ ਇਸਦੇ ਆਲੇ-ਦੁਆਲੇ ਦੀ ਪਵਿੱਤਰਤਾ ਤੇ ਮਰਿਯਾਦਾ ਨੂੰ ਕਾਇਮ ਰੱਖਣ ਵਿੱਚ ਅਸਫਲ ਰਹੇ ਹਾਂ।



# ਦੂਨ ਇੰਟਰਨੈਸ਼ਨਲ ਸਕੂਲ 'ਚ ਮਦਰਜ਼ ਐਂਡ ਫਾਦਰਜ਼ ਡੇਅ ਮਨਾਇਆ



ਗੁਰਦਾਸਪੁਰ, 9 ਮਈ (ਜਸਵਿੰਦਰ ਸਿੰਘ): ਦੂਨ ਇੰਟਰਨੈਸ਼ਨਲ ਸਕੂਲ, ਗੁਰਦਾਸਪੁਰ ਵਿੱਚ ਮਦਰਜ਼ ਤੇ ਫਾਦਰਜ਼ ਡੇਅ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ, ਜਿੱਥੇ ਨਰਸਰੀ, ਐਲ.ਕੇ.ਜੀ. ਤੇ ਯੂ.ਕੇ.ਜੀ. ਜਮਾਤਾਂ ਦੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਲਈ ਰੰਗਾਰੰਗ ਪ੍ਰੋਗਰਾਮ, ਕਲਾ ਪ੍ਰਦਰਸ਼ਨੀਆਂ ਤੇ ਖੇਡ ਮੁਕਾਬਲੇ ਆਯੋਜਿਤ ਕੀਤੇ ਗਏ। ਇਸ ਯਾਦਗਾਰੀ ਮੌਕੇ 'ਤੇ ਐਸ.ਡੀ.ਐਮ. ਗੁਰਦਾਸਪੁਰ ਡਾ. ਅਨੁਪ੍ਰੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਕੂਲ ਦੀ ਚੇਅਰਮੈਨ ਪਰਮਜੀਤ ਕੌਰ, ਡਾਇਰੈਕਟਰ ਗਗਨਦੀਪ ਸਿੰਘ, ਡਾ. ਮਨਦੀਪ ਕੌਰ ਤੇ ਪ੍ਰਿੰਸੀਪਲ ਊਸ਼ਾ ਸ਼ਰਮਾ ਨੇ ਬੱਚਿਆਂ ਤੇ ਮਾਪਿਆਂ ਨੂੰ ਮਦਰਜ਼ ਤੇ ਫਾਦਰਜ਼ ਡੇਅ ਦੀਆਂ ਦਿਲੋਂ ਵਧਾਈਆਂ ਦਿੱਤੀਆਂ।ਬੱਚਿਆਂ ਨੇ ਆਪਣੇ ਮਾਪਿਆਂ ਨਾਲ ਗੀਤਾਂ ਉੱਤੇ ਮਨਮੋਹਕ ਨਾਚ ਪੇਸ਼ ਕਰਕੇ ਇਸ ਦਿਨ ਨੂੰ ਯਾਦਗਾਰੀ ਬਣਾਇਆ। ਵਿਸ਼ੇਸ਼ ਗਤੀਵਿਧੀਆਂ ਦੇ ਤਹਿਤ ਸਕੂਲ ਵਿੱਚ 'ਰੈਂਪ ਵਾਕ ਆਫ ਫਾਦਰਜ਼', 'ਟਗ ਆਫ ਵਾਰ ਆਫ ਫਾਦਰਜ਼', ਫੁੱਲ ਸਜਾਵਟ, ਬੈਸਟ ਆਊਟ ਆਫ ਵੇਸਟ ਤੇ ਮਾਤਾਵਾਂ ਲਈ ਪੇਪਰ ਕੁਇਲਿੰਗ ਵਰਗੇ ਕਈ ਖੇਡ ਤੇ ਰਚਨਾਤਮਕ ਮੁਕਾਬਲੇ ਕਰਵਾਏ ਗਏ। ਇਸ ਦੌਰਾਨ ਸਕੂਲ ਵੱਲੋਂ ਮਾਵਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਆਏ ਹੋਏ ਮਾਪਿਆਂ ਦੀ ਰਿਫਰੈਸ਼ਮੈਂਟ ਲਈ ਸਕੂਲ ਦੀ ਬਾਰ੍ਹਵੀਂ ਜਮਾਤ ਦੇ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਕਾਫੀ, ਸੈਂਡਵਿਚ, ਫਰੂਟ ਚਾਟ ਦਾ ਬੰਦੋਬਸਤ ਕੀਤਾ।

# ਲਾਰੈਂਸ ਇੰਟਰਨੈਸ਼ਨਲ ਸਕੂਲ ਵਿਖੇ ਸੈਮੀਨਾਰ ਮੌਕੇ ਡਾ. ਜਸਵਿੰਦਰ ਸਿੰਘ ਵੱਲੋਂ ਸ਼ਿਰਕਤ

ਕਲਾਨੌਰ, 9 ਮਈ (ਇਕਬਾਲ ਵਾਲੀਆ/ਕਮਲਜੀਤ ਸਿੰਘ): ਲਾਰੈਂਸ ਇੰਟਰਨੈਸ਼ਨਲ ਸਕੂਲ, ਤਾਰਾਗੜ੍ਹ (ਡੇਰਾ ਬਾਬਾ ਨਾਨਕ ਰੋਡ) ਬਟਾਲਾ ਵਿਖੇ ਮੈਥ ਤੇ ਸਾਇੰਸ ਵਿਸ਼ਿਆਂ ਨਾਲ ਸਬੰਧਤ ਇੱਕ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦੇ ਸੰਚਾਲਕ ਡਾ. ਜਸਵਿੰਦਰ ਸਿੰਘ ਸਨ। ਡਾ. ਜਸਵਿੰਦਰ ਸਿੰਘ ਦੀ ਸ਼ਖਸੀਅਤ ਨੂੰ ਕਿਸੇ ਪਹਿਚਾਣ ਦੀ ਲੋੜ ਨਹੀਂ ਹੈ। ਡਾ. ਜਸਵਿੰਦਰ ਸਿੰਘ ਵਿਦਿਆਰਥੀਆਂ ਨੂੰ ਬੜੇ ਹੀ ਰੌਚਕ ਢੰਗ ਨਾਲ ਔਖੇ ਵਿਸ਼ਿਆਂ ਨੂੰ ਆਸਾਨ ਤਰੀਕੇ ਨਾਲ ਸਮਝਾਉਣ ਵਿੱਚ ਮਾਹਿਰ ਹਨ। ਵਿਦਿਆਰਥੀਆਂ ਦੇ ਉਹ ਵਿਸ਼ੇ ਜਿਵੇਂ ਮੈਥ ਤੇ ਸਾਇੰਸ ਜਿਨ੍ਹਾਂ ਤੋਂ ਵਿਦਿਆਰਥੀ ਆਮ ਤੌਰ 'ਤੇ ਦੂਰ ਹੀ ਭੱਜਦੇ ਹਨ, ਡਾਕਟਰ ਸਾਹਿਬ ਵੱਲੋਂ ਇਨ੍ਹਾਂ ਵਿਸ਼ਿਆਂ ਨੂੰ ਬਹੁਤ ਹੀ ਸੌਖੇ ਤੇ ਆਸਾਨ ਤਰੀਕੇ ਦੇ ਨਾਲ ਕਿਵੇਂ ਸਮਝਿਆ ਜਾ ਸਕਦਾ ਹੈ।ਇਹ ਸਾਰਾ ਕੁਝ ਬੱਚਿਆਂ ਨੂੰ ਸਮਝਾਇਆ ਗਿਆ। ਉਨ੍ਹਾਂ ਦੁਆਰਾ ਇਹ ਦੱਸਿਆ ਗਿਆ ਕਿ ਸਾਇੰਸ ਤੇ ਮੈਥ ਵਿਸ਼ੇ ਸਾਡੀ ਜ਼ਿੰਦਗੀ ਦਾ ਇੱਕ ਅਟੁੱਟ ਹਿੱਸਾ ਹਨ। ਅਸੀਂ ਆਪਣੀ ਜ਼ਿੰਦਗੀ ਦੇ ਵਿੱਚ ਵਿਚਰਦੇ ਹੋਏ ਇਨ੍ਹਾਂ ਨੂੰ ਅਣਦੇਖਿਆ ਕਰ ਦਿੰਦੇ ਹਾਂ। ਪਰ ਜੇਕਰ ਇਨ੍ਹਾਂ ਵਿਸ਼ਿਆਂ ਨੂੰ ਬਾਰੀਕੀ ਨਾਲ ਸਮਝਿਆ ਜਾਵੇ ਤਾਂ ਇਹ ਵਿਸ਼ੇ ਸਾਨੂੰ ਬਹੁਤ ਆਸਾਨ ਤੇ ਸਰਲ ਨਜ਼ਰ ਆਉਣਗੇ। ਉਨ੍ਹਾਂ ਦੇ ਸੈਮੀਨਾਰ ਪ੍ਰਤੀ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਨਜ਼ਰ ਆਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਉਪਮਾ ਮਹਾਜਨ ਨੇ ਡਾ. ਜਸਵਿੰਦਰ ਸਿੰਘ ਸਵਾਗਤ ਕਰਦੇ ਹੋਏ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਚੇਅਰਮੈਨ ਬਲਜਿੰਦਰ ਸਿੰਘ ਬੈਂਸ ਮੱਲਿਆਂਵਾਲ, ਵਾਈਸ ਚੇਅਰਮੈਨ ਕੁਲਦੀਪ ਸਿੰਘ ਬੈਂਸ, ਡਾਇਰੈਕਟਰ ਐਡਵਾਈਜ਼ਰ ਗੁਰਜੀਤ ਸਿੰਘ ਬੈਂਸ, ਡਾਇਰੈਕਟਰ ਡਾ. ਗੁਰਿੰਦਰ ਕੌਰ ਮਾਨ ਤੇ ਪ੍ਰਿੰਸੀਪਲ ਡਾ. ਉਪਮਾ ਮਹਾਜਨ ਵੱਲੋਂ ਡਾ. ਜਸਵਿੰਦਰ ਸਿੰਘ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।



# 14 ਸਾਲਾ ਬੱਚੀਆਂ ਲਈ ਐਚ.ਪੀ.ਵੀ. ਟੀਕਾਕਰਨ ਬਹੁਤ ਜ਼ਰੂਰੀ: ਡਾ. ਸੁਦੇਸ਼ ਰਾਜਨ

ਗੜ੍ਹਦੀਵਾਲਾ, 9 ਮਈ (ਗੌਰਵ): ਪੰਜਾਬ ਸਰਕਾਰ ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਸੁਦੇਸ਼ ਰਾਜਨ ਮੈਡੀਕਲ ਸਪੈਸ਼ਲਿਸਟ ਦੀ ਪ੍ਰਧਾਨਗੀ ਹੇਠ ਸੀ.ਐਚ.ਸੀ. ਭੂੰਗਾ ਵਿਖੇ 14 ਸਾਲ ਦੀਆਂ ਬੱਚੀਆਂ ਨੂੰ ਐਚ.ਪੀ.ਵੀ. (ਹਿਊਮਨ ਪੈਪੀਲੋਮਾ ਵਾਇਰਸ) ਟੀਕਾਕਰਨ ਕੀਤਾ ਗਿਆ। ਇਸ ਮੌਕੇ ਡਾ. ਸੁਦੇਸ਼ ਰਾਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੁਹਿੰਮ ਤਹਿਤ 14 ਸਾਲ ਦੀਆਂ ਬੱਚੀਆਂ ਜਿਨ੍ਹਾਂ ਦੀ ਉਮਰ ਅਜੇ 15 ਸਾਲ ਨਹੀਂ ਹੋਈ ਹੈ, ਨੂੰ ਐਚ.ਪੀ.ਵੀ. ਟੀਕਾ ਲਗਾਇਆ ਗਿਆ ਤਾਂ ਜੋ ਔਰਤਾਂ ਵਿੱਚ ਸਰਵਾਈਕਲ ਕੈਂਸਰ ਤੋਂ ਬਚਾਅ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਸਰਵਾਈਕਲ ਕੈਂਸਰ ਔਰਤਾਂ ਵਿੱਚ ਇੱਕ ਗੰਭੀਰ ਬਿਮਾਰੀ ਹੈ ਤੇ ਇਸ ਤੋਂ ਬਚਾਅ ਲਈ ਟੀਕਾਕਰਨ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਹੈ। ਸਰਵਾਈਕਲ ਕੈਂਸਰ ਭਾਰਤੀ ਔਰਤਾਂ ਵਿੱਚ ਛਾਤੀ ਦੇ ਕੈਂਸਰ ਤੋਂ ਬਾਅਦ ਦੂਜੇ ਨੰਬਰ 'ਤੇ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 2030 ਤੱਕ ਸਰਵਾਈਕਲ ਕੈਂਸਰ ਨੂੰ ਖ਼ਤਮ ਕਰਨ ਦਾ ਟੀਚਾ ਰੱਖਿਆ ਗਿਆ ਹੈ, ਜਿਸ ਨੂੰ ਹਾਸਲ ਕਰਨ ਲਈ ਇਹ ਮੁਹਿੰਮ ਇੱਕ ਮਹੱਤਵਪੂਰਨ ਕਦਮ ਹੈ। ਇਸ ਮੁਹਿੰਮ ਦੌਰਾਨ ਸਿਹਤ ਸੰਸਥਾਵਾਂ ਰਾਹੀਂ ਨਿਸ਼ੁਲਕ ਟੀਕਾਕਰਨ ਕੀਤਾ ਜਾ ਰਿਹਾ ਹੈ ਤੇ ਇਸਦਾ ਰਿਕਾਰਡ ਯੂ-ਵਿਨ ਰਾਹੀਂ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਲਈ ਜਾਣਕਾਰੀ ਮੂਲਕ ਮੁਹਿੰਮਾਂ ਵੀ ਚਲਾਈਆਂ ਜਾ ਰਹੀਆਂ ਹਨ, ਤਾਂ ਜੋ ਮਾਪੇ ਆਪਣੀਆਂ ਧੀਆਂ ਨੂੰ ਨਿਸ਼ਚਿੰਤ ਹੋ ਕੇ ਟੀਕਾ ਲਗਵਾ ਸਕਣ। ਇਸ ਮੌਕੇ ਡਾ. ਅਭਿਤੋਜ ਸਿੰਘ, ਜਸਤਿੰਦਰ ਸਿੰਘ ਬੀ.ਈ.ਈ., ਪਰਦੀਪ ਕੌਰ, ਮੋਨਿਕਾ, ਸਾਹਿਲ ਕੁਮਾਰ, ਆਸ਼ਾ ਵਰਕਰ ਤੇ ਆਮ ਲੋਕ ਹਾਜ਼ਰ ਸਨ।





# ਮਾਝਾ-ਦੁਆਬਾ

ਆਸ ਪਾਸ



## ਰੈੱਡ ਕਰਾਸ ਸੁਸਾਇਟੀ ਵੱਲੋਂ ਸਰਬੱਤ ਦਾ ਭਲਾ ਟਰੱਸਟ ਸਨਮਾਨਿਤ




ਅੰਮ੍ਰਿਤਸਰ, 9 ਮਈ (ਗੁਰਦਿਆਲ ਸਿੰਘ/ਬਬਲੂ ਮਹਾਜਨ)- ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਰੈੱਡ ਕਰਾਸ ਸੁਸਾਇਟੀ ਦਲਵਿੰਦਰਜੀਤ ਸਿੰਘ ਦੀ ਅਗਵਾਈ ਅਤੇ ਕਾਰਜਕਾਰੀ ਸੈਕਟਰੀ ਰੈੱਡ ਕਰਾਸ ਸੈਮਸਨ ਮਸੀਹ ਦੀ ਦੇਖ-ਰੇਖ ਹੇਠ ਰੈੱਡ ਕਰਾਸ ਭਵਨ ਅੰਮ੍ਰਿਤਸਰ ਵਿਖੇ ਮਨਾਏ ਗਏ ਵਿਸ਼ਵ ਰੈੱਡ ਕਰਾਸ ਦਿਵਸ ਮੌਕੇ ਡਾ.ਐਸ.ਪੀ.ਸਿੰਘ ਉਬਰਾਏ ਦੀ ਸਰਪ੍ਰਸਤੀ ਹੇਠ ਚੱਲਣ ਵਾਲੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਟਰੱਸਟ ਵੱਲੋਂ ਇਹ ਸਨਮਾਨ ਟਰੱਸਟ ਦੇ ਅਹੁਦੇਦਾਰ ਮਨਪ੍ਰੀਤ ਸਿੰਘ ਸੰਧੂ ਵੱਲੋਂ ਪ੍ਰਾਪਤ ਕੀਤਾ ਗਿਆ। ਇਸ ਸਮਾਗਮ 'ਚ ਬਤੌਰ ਮੁੱਖ ਮਹਿਮਾਨ ਪਹੁੰਚੇ ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਅਤੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ ਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਆਨਰੇਰੀ ਸਕੱਤਰ ਪ੍ਰਗਤੀ ਸੇਠੀ (ਪੀ.ਸੀ.ਐੱਸ.), ਕਾਰਜਕਾਰੀ ਸੈਕਟਰੀ ਸੈਮਸਨ ਮਸੀਹ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਸ਼ਰਮਾ ਨੇ ਆਪਣੇ ਸੰਬੋਧਨ ਵਿਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ.ਐਸ.ਪੀ.ਸਿੰਘ ਵੱਲੋਂ ਬਿਨ੍ਹਾਂ ਕਿਸੇ ਭੇਦ ਭਾਵ ਤੋਂ ਮਨੁੱਖਤਾ ਦੀ ਭਲਾਈ ਲਈ ਨਿਰੰਤਰ ਨਿਭਾਏ ਜਾ ਰਹੇ ਸੇਵਾ ਕਾਰਜਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਟਰੱਸਟ ਵੱਲੋਂ ਹੜ੍ਹਾਂ ਦੌਰਾਨ ਵੀ ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਨੂੰ ਵੱਡਾ ਸਹਿਯੋਗ ਦਿੰਦਿਆਂ ਜਿੱਥੇ ਸ਼ੁਰੂਆਤੀ ਦਿਨਾਂ 'ਚ ਵੱਡੇ ਪੱਧਰ ਤੇ ਰਾਸ਼ਨ ਦੀਆਂ ਕਿੱਟਾਂ, ਪਸ਼ੂਆਂ ਲਈ ਮੱਕੀ ਦਾ ਆਚਾਰ, ਕੰਬਲ,ਫੌਗ ਮਸ਼ੀਨਾਂ, ਮੱਛਰਦਾਨੀਆਂ ਅਤੇ ਤਰਪਾਲਾਂ ਆਦਿ ਸਮਾਨ ਵੰਡਿਆ ਗਿਆ ਸੀ ਉੱਥੇ ਹੀ ਹੜ੍ਹਾਂ ਤੋਂ ਬਾਅਦ ਹੜ੍ਹ ਪ੍ਰਭਾਵਿਤ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹਾਂ ਲਈ ਪ੍ਰਤੀ ਪਰਿਵਾਰ 1 ਲੱਖ ਰੁਪਏ ਦੀ ਵੱਡੀ ਆਰਥਿਕ ਮਦਦ ਕਰ ਕੇ ਇੱਕ ਨਿਵੇਕਲੀ ਮਿਸਾਲ ਪੇਸ਼ ਕੀਤੀ ਹੈ।

## ਸ੍ਰੀ ਦਰਬਾਰ ਸਾਹਿਬ ਨੂੰ ਜਾਣ ਵਾਲੀਆਂ ਚਾਰ ਰੇਡੀਅਲ ਸੜਕਾਂ 'ਤੇ ਨਿਰਮਾਣ ਕਾਰਜ ਅਗਲੇ ਹਫ਼ਤੇ ਸ਼ੁਰੂ ਹੋਵੇਗਾ: ਡਾ. ਅਜੇ ਗੁਪਤਾ

### ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਪ੍ਰੋਜੈਕਟਾਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ

ਅੰਮ੍ਰਿਤਸਰ, 9 ਮਈ (ਗੁਰਦਿਆਲ ਸਿੰਘ/ਬਬਲੂ ਮਹਾਜਨ): ਕੇਂਦਰੀ ਵਿਧਾਨ ਸਭਾ ਹਲਕੇ ਦੀ ਨੁਮਾਇੰਦਗੀ ਕਰਨ ਵਾਲੇ ਵਿਧਾਇਕ ਡਾ. ਅਜੇ ਗੁਪਤਾ ਨੇ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਨਗਰ ਨਿਗਮ ਅਧਿਕਾਰੀਆਂ ਨਾਲ ਹਲਕੇ ਵਿੱਚ ਵਿਕਾਸ ਪ੍ਰੋਜੈਕਟਾਂ ਸਬੰਧੀ ਮੀਟਿੰਗ ਕੀਤੀ। ਮੀਟਿੰਗ ਦੌਰਾਨ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਅਤੇ ਆਉਣ ਵਾਲੇ ਦਿਨਾਂ ਵਿੱਚ ਸ਼ੁਰੂ ਹੋਣ ਵਾਲੇ ਪ੍ਰੋਜੈਕਟਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਇਕ ਡਾ. ਗੁਪਤਾ ਨੇ ਮੀਡੀਆ ਨੂੰ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਨੂੰ ਜਾਣ ਵਾਲੀਆਂ ਚਾਰ ਰੇਡੀਅਲ ਸੜਕਾਂ 'ਤੇ ਨਿਰਮਾਣ ਕਾਰਜ ਅਗਲੇ ਹਫ਼ਤੇ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਚਾਰ ਸੜਕਾਂ ਨੂੰ ਪੂਰੀ ਤਰ੍ਹਾਂ ਨਵੀਨੀਕਰਨ ਅਤੇ ਵਿਰਾਸਤੀ ਦਿੱਖ ਦੇ ਨਾਲ ਸੁਧਾਰਿਆ ਜਾਵੇਗਾ। ਉਨ੍ਹਾਂ ਅੱਗੇ ਕਿਹਾ



ਕਿ ਇਨ੍ਹਾਂ ਚਾਰ ਸੜਕਾਂ 'ਤੇ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਣ ਲਈ ਰੋਜ਼ਾਨਾ ਲਗਭਗ 100,000 ਸ਼ਰਧਾਲੂ ਯਾਤਰਾ ਕਰਦੇ ਹਨ।ਵਿਧਾਇਕ ਡਾ. ਅਜੇ ਗੁਪਤਾ ਨੇ ਨਗਰ ਨਿਗਮ ਕਮਿਸ਼ਨਰ ਅਤੇ ਨਗਰ ਨਿਗਮ ਅਧਿਕਾਰੀਆਂ ਨੂੰ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕੈਰੋ ਮਾਰਕੀਟ ਪਾਰਕਿੰਗ ਕੰਪਲੈਕਸ ਦਾ ਕੰਮ ਤੇਜ਼ੀ ਨਾਲ ਪੂਰਾ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਪਾਰਕਿੰਗ ਦੀ ਸਹੂਲਤ ਹੋ ਸਕੇ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਇਲਾਕਿਆਂ ਵਿੱਚ ਪਾਰਕਿੰਗ ਦੀ ਸਮੱਸਿਆ ਕਾਰਨ ਆਵਾਜਾਈ ਵਿੱਚ ਵਿਘਨ ਪੈ ਰਿਹਾ ਹੈ।ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਰੰਗਲਾ ਪੰਜਾਬ ਪ੍ਰੋਜੈਕਟ ਤਹਿਤ ਕੇਂਦਰੀ ਵਿਧਾਨ ਸਭਾ ਹਲਕੇ ਲਈ 10 ਕਰੋੜ ਦੇ ਵਿਕਾਸ ਕਾਰਜਾਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਇਨ੍ਹਾਂ ਵਿਕਾਸ ਕਾਰਜਾਂ ਲਈ ਅਨੁਮਾਨ ਜਲਦੀ ਤਿਆਰ ਕੀਤੇ ਜਾਣੇ ਚਾਹੀਦੇ ਹਨ, ਅਤੇ ਅਗਲੇ ਹਫ਼ਤੇ ਟੈਂਡਰ ਜਾਰੀ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਰਾਜਾਂ ਨੂੰ ਪੂੰਜੀ ਨਿਵੇਸ਼ ਲਈ ਵਿਸ਼ੇਸ਼ ਸਹਾਇਤਾ ਤਹਿਤ ਕੇਂਦਰੀ ਵਿਧਾਨ ਸਭਾ ਹਲਕੇ ਲਈ ਲਗਭਗ 23 ਕਰੋੜ ਦੇ ਵਿਕਾਸ ਕਾਰਜਾਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਇਨ੍ਹਾਂ ਵਿਕਾਸ ਕਾਰਜਾਂ ਲਈ ਟੈਂਡਰ ਪ੍ਰਕਿਰਿਆ ਵੀ ਜਲਦੀ ਤੋਂ ਜਲਦੀ ਸ਼ੁਰੂ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਵਿੱਚ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਸੁਧਾਰਿਆ ਸੀਵਰੇਜ ਸਿਸਟਮ, ਨਿਯਮਤ ਪਾਣੀ ਸਪਲਾਈ, ਸੜਕ ਨਿਰਮਾਣ, ਬਿਹਤਰ ਸਟਰੀਟ ਲਾਈਟਿੰਗ, ਸਾਫ਼ ਵਾਤਾਵਰਣ ਅਤੇ ਪਾਰਕਾਂ ਦਾ ਨਵੀਨੀਕਰਨ ਸ਼ਾਮਲ ਹੈ।ਮੀਟਿੰਗ ਵਿੱਚ ਸੁਪਰਡੈਂਟ ਇੰਜੀਨੀਅਰ ਸੰਦੀਪ ਸਿੰਘ, ਕਾਰਜਕਾਰੀ ਇੰਜੀਨੀਅਰ ਮਨਜੀਤ ਸਿੰਘ, ਐਮਐਚਓ ਡਾ. ਯੋਗੇਸ਼ ਅਰੋੜਾ, ਸਕੱਤਰ ਸੁਸ਼ਾਂਤ ਭਾਟੀਆ, ਅਧਿਕਾਰੀ ਮੌਜੂਦ ਸਨ।

## ਆਪਰੇਸ਼ਨ ਸਿੰਦੂਰ ਦੀ ਸਫਲਤਾ ਦੀ ਯਾਦ ਵਿੱਚ ਪਹਿਲੀ ਵਰ੍ਹੇਗੰਢ ਮਨਾਈ






ਅੰਮ੍ਰਿਤਸਰ, 9 ਮਈ (ਗੁਰਦਿਆਲ ਸਿੰਘ): ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ, ਰਾਮ ਤੀਰਥ, ਅੰਮ੍ਰਿਤਸਰ ਵਿਖੇ ਕਰਵਾਏ ਜਾ ਰਹੇ ਸੰਯੁਕਤ ਸਾਲਾਨਾ ਸਿਖਲਾਈ ਕੈਂਪ -03 (ਸੀਏਟੀਸੀ-03) ਦੌਰਾਨ ਕਰਨਲ ਪਰਮਜੀਤ ਸਿੰਘ ਰਿਆੜ 24 ਪੰਜਾਬ ਬਟਾਲੀਅਨ ਐਨਸੀਸੀ ਦੁਆਰਾ ਓਪੀ ਸਿੰਦੂਰ ਦੀ ਪਹਿਲੀ ਵਰ੍ਹੇਗੰਢ ਮਨਾਉਣ ਲਈ ਇੱਕ ਦੇਸ਼ ਭਗਤੀ ਪਰੇਡ ਕੀਤੀ ਗਈ। ਅੰਮ੍ਰਿਤਸਰ, ਤਰਨ ਤਾਰਨ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਦੇ ਲਗਭਗ 500 ਕੈਡਿਟਾਂ ਨੇ ਇਸ ਵਿੱਚ ਹਿੱਸਾ ਲਿਆ। ਕੈਡਿਟਾਂ ਨਵਪ੍ਰੀਤ ਕੌਰ, ਮਹਿਕ ਮਹਿਤਾ ਅਤੇ ਸ਼ਵਿਲਾ ਭਗਤ ਨੇ ਓਪੀ ਸਿੰਦੂਰ ਦੇ ਮੁੱਖ ਪਹਿਲੂਆਂ ਨੂੰ ਪੇਸ਼ ਕੀਤਾ। ਉਨ੍ਹਾਂ ਨੇ ਸਾਡੇ ਠੱਗ ਗੁਆਂਢੀ ਦੇਸ਼ ਯਾਨੀ ਪਾਕਿਸਤਾਨ ਦੀ ਭੂਮਿਕਾ ਨੂੰ ਉਜਾਗਰ ਕੀਤਾ ਅਤੇ ਗੱਠਜੋੜ ਨਾਲ ਇਸ ਦੇ ਸਬੰਧਾਂ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਉਜਾਗਰ ਕੀਤਾ ਕਿ ਕਿਵੇਂ ਆਪਰੇਸ਼ਨ ਸਿੰਦੂਰ ਭਾਰਤ ਦੇ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ, ਰਣਨੀਤਕ ਬਾਰੀਕੀ ਅਤੇ ਅੱਤਵਾਦ ਵਿਰੁੱਧਅਟੱਲ ਇਰਾਦੇ ਅਤੇ ਸਾਡੇ ਦੇਸ਼ ਦੀ ਪ੍ਰਭੂਸੱਤਾ ਅਤੇ ਅਖੰਡਤਾ ਦੀ ਰੱਖਿਆ ਲਈ ਇੱਕ ਦ੍ਰਿੜ ਇਰਾਦੇ ਦਾ ਪ੍ਰਮਾਣ ਹੈ। ਕਰਨਲ ਪੀਐਸ ਰਿਆੜ, ਕਮਾਂਡਿੰਗ ਅਫ਼ਸਰ, 24 ਪੰਜਾਬ ਬਟਾਲੀਅਨ ਐਨਸੀਸੀ ਨੇ ਸਾਡਾ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਇਆ।

## ਸੁਨੀਲ ਮੱਟੂ ਦੀ ਪ੍ਰੇਰਨਾ ਸਦਕਾ ਦਰਜਨਾਂ ਪਰਿਵਾਰ ਅਕਾਲੀ ਦਲ 'ਚ ਹੋਏ ਸ਼ਾਮਲ

ਮਜੀਠਾ, 9 ਮਈ (ਅਸ਼ਵਨੀ ਨਈਅਰ) - ਮਜੀਠਾ ਹਲਕਾ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵਕਤ ਭਾਰੀ ਬਲ ਮਿਲਿਆ ਜਦੋਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਅਗਵਾਈ ਵਿੱਚ ਬਲਾਕ ਸੰਮਤੀ ਮੈਂਬਰ ਸੁਨੀਲ ਮੱਟੂ ਸ਼ਾਮਨਗਰ ਦੀ ਪ੍ਰੇਰਨਾ ਸਦਕਾ ਪਿੰਡ ਕਲੇਰ ਮਾਂਗਟ ਦੇ ਅਵਤਾਰ ਸਿੰਘ ਸਾਬਕਾ ਪੰਚ, ਸੁੱਖਵਿੰਦਰ ਸਿੰਘ ਬੱਬੂ, ਗੁਰਦੇਵ ਸਿੰਘ ਮਿੱਠੂ ਸਮੇਤ ਕਈ ਆਗੂਆਂ ਨੇ ਆਪਣੇ ਪ੍ਰੀਵਾਰਾਂ ਸਮੇਤ ਆਮ ਆਦਮੀ ਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਅਕਾਲੀ ਦਲ ਦੀ ਬਾਂਹ ਫੜ੍ਹ ਲਈ। ਜਿਨ੍ਹਾਂ ਨੇ ਉਤਸ਼ਾਹ ਨਾਲ ਮਜੀਠੀਆ ਦੇ ਹੱਕ 'ਚ ਨਾਹਰੇ ਲਾਕੇ ਪਾਰਟੀ ਲੀਡਰਸ਼ਿਪ ਪ੍ਰਤੀ ਵਫਾਦਾਰੀ ਦਾ ਐਲਾਨ ਕੀਤਾ। ਇਸ ਮੌਕੇ ਬਿਕਰਮ ਸਿੰਘ ਮਜੀਠੀਆ ਨੇ ਸ਼ਾਮਲ ਪ੍ਰੀਵਾਰਾਂ ਨੂੰ ਜੀ ਆਇਆਂ ਆਖਿਆ ਤੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਝੂਠੇ ਵਾਅਦੇ ਕੀਤੇ ਸਨ। ਧੀਆਂ-ਭੈਣਾਂ ਲਈ ਹਜ਼ਾਰਾਂ ਰੁਪਏ ਦੇਣ,



2500 ਰੁਪਏ ਪੈਨਸ਼ਨ, ਆਟਾ-ਦਾਲ ਨਾਲ ਘਿਉ-ਖੰਡ ਤੇ ਹੋਰ ਲਾਭਾਂ ਦੀਆਂ ਗੱਲਾਂ ਕੀਤੀਆਂ ਸਨ, ਪਰ ਚਾਰ ਸਾਲਾਂ ਵਿੱਚ ਇੱਕ ਵੀ ਵਾਅਦਾ ਗਵਾਰਾ ਨਹੀਂ ਹੋਇਆ। ਉਲਟਾ ਸਰਕਾਰ ਇਨ੍ਹਾਂ ਵਾਅਦਿਆਂ ਤੋਂ ਭੱਜ ਰਹੀ ਹੈ।ਮਜੀਠੀਆ ਨੇ ਭਗਵੰਤ ਮਾਨ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਆਪ ਨੇ ਪੰਜਾਬ ਦੇ ਖਜ਼ਾਨੇ ਦੀ ਲੁੱਟ ਕੀਤੀ ਹੈ। ਖਣਨ, ਸ਼ਰਾਬ, ਉਦਯੋਗਿਕ ਵਿਕਾਸ ਤੇ ਜ਼ਮੀਨਾਂ ਦੀਆਂ ਡੀਲਾਂ ਵਿੱਚ ਕਰੋੜਾਂ ਰੁਪਏ ਖਾ ਲਏ ਗਏ। ਉਨ੍ਹਾਂ ਚੰਡੀਗੜ੍ਹ ਵਾਲੀ ਘਟਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਲੱਖਾਂ-ਕਰੋੜਾਂ ਰੁਪਏ ਦੇ ਬੈਗ ਸੁੱਟੇ ਗਏ, ਜੋ ਆਮ ਆਦਮੀ ਦੀ ਕਮਾਈ ਨਹੀਂ ਲੁੱਟ ਦਾ ਧੰਨ ਸੀ। ਉਨ੍ਹਾਂ ਕਿਹਾ ਕਿ ਆਪ ਨੇ ਆਮ ਘਰਾਂ ਦੇ ਨੌਜਵਾਨਾਂ ਦਾ ਨਾਮ ਲੈ ਕੇ ਆਪਣੀ ਲੁੱਟ ਛੁਪਾਈ, ਪਰ ਹਕੀਕਤ ਵਿੱਚ ਵੱਡੇ ਧਨਾਢਾਂ ਨੂੰ ਫਾਇਦਾ ਪਹੁੰਚਾਇਆ ਗਿਆ। ਇਸ ਮੌਕੇ ਇਲਾਵਾ ਜੋਧ ਸਿੰਘ ਸਮਰਾ, ਕੁਲਵੰਤ ਸਿੰਘ ਠੇਕੇਦਾਰ, ਅੰਮ੍ਰਿਤਪਾਲ ਸਿੰਘ ਕਲੇਰ, ਜਗਤਾਰ ਸਿੰਘ ਕਲੇਰ, ਲਖਵਿੰਦਰ ਸਿੰਘ, ਪਲਵਿੰਦਰ ਸਿੰਘ, ਹੈਪੀ ਕਲੇਰ, ਲਵਜੀਤ ਸੰਧੂ ਸ਼ਾਮ ਨਗਰ, ਦਿਆਲ ਸਿੰਘ ਫੌਜੀ, ਸਾਜਨ ਸਿੱਧੂ, ਸੁਖਜਿੰਦਰ ਸਿੰਘ ਸੁੱਖ ਆਦਿ ਹਾਜ਼ਰ ਸਨ।

## ਤਰਨ ਤਾਰਨ ਪੁਲਿਸ ਵੱਲੋਂ ਨਾਇਜ਼ੇਰੀਅਨ ਮਹਿਲਾ ਅਤੇ ਟੈਕਸੀ ਡਰਾਈਵਰ ਤੋਂ 3 ਕਿਲੋ 69 ਗ੍ਰਾਮ ਹੈਰੋਇਨ ਬਰਾਮਦ



ਤਰਨ ਤਾਰਨ, 9 ਮਈ (ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ): ਮਾਨਯੋਗ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਮਾਨ ਜੀ ਵੱਲੋਂ ਮਾੜੇ ਅੰਸਰਾਂ ਖਿਲਾਫ ਚਲਾਈ ਗਈ ਮੁਹਿੰਮ ਦੌਰਾਨ ਪੰਜਾਬ ਪੁਲਿਸ ਵੱਲੋਂ ਗੈਂਗਸਟਰਾਂ ਅਤੇ ਨਸ਼ਿਆਂ ਖਿਲਾਫ ਜ਼ੀਰੋ ਟੋਲਰੈਂਸ ਵਰਤਦੇ ਹੋਏ ਡੀਜੀਪੀ ਪੰਜਾਬ ਗੌਰਵ ਯਾਦਵ ਆਈ ਪੀ ਐਸ ਜੀ ਵੱਲੋਂ ਨਸ਼ਾ ਤਸਕਰਾਂ ਤੇ ਮਾੜੇ ਅਨਸਰਾਂ ਨੂੰ ਫੜਨ ਲਈ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਸ੍ਰੀ ਸੁਨੇਹਦੀਪ ਸ਼ਰਮਾ ਆਈ ਪੀ ਐਸ ਡੀ ਆਈ ਜੀ ਫਿਰੋਜ਼ਪੁਰ ਰੇਂਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਸੁਰੇਂਦਰ ਲਾਂਬਾ ਆਈ ਪੀ ਐਸ ਐਸ ਐਸ ਪੀ ਤਰਨ ਤਾਰਨ ਜੀ ਦੀ ਅਗਵਾਈ ਵਿੱਚ ਸ੍ਰੀ ਰਿਪੂਤਾਪਨ ਸਿੰਘ ਪੀ ਪੀ ਐਸ ਐਸ ਪੀ (ਡੀ) ਤਰਨ ਤਰਨ ਅਤੇ ਸ੍ਰੀ ਸ਼ਿਵਦਰਸ਼ਨ ਸਿੰਘ ਪੀ ਪੀ ਐਸ ਡੀ ਐਸ ਪੀ (ਡੀ) ਤਰਨ ਤਾਰਨ ਵੱਲੋਂ ਨਸ਼ਾ ਤਸਕਰਾਂ ਤੇ ਮਾੜੇ ਅੰਸਰਾਂ ਤੇ ਕਾਬੂ ਪਾਉਣ ਲਈ ਵੱਖ-ਵੱਖ ਟੀਮਾਂ ਤਿਆਰ ਕੀਤੀਆਂ ਗਈਆਂ ਸਨ ਜਿਸ ਤਹਿਤ ਇੰਸਪੈਕਟਰ ਰੁਪਿੰਦਰਪਾਲ ਸਿੰਘ ਇਨਚਾਰਜ ਸੀਆਈਏ ਸਟਾਫ ਤਰਨ ਤਾਰਨ ਅਤੇ ਉਹਨਾਂ ਦੀ ਟੀਮ ਇਲਾਕੇ ਵਿੱਚ ਸੀ ਕਿ ਤਕਨੀਕੀ ਇੰਟੈਲੀਜੈਂਸ ਅਤੇ ਹਿਊਮਨ ਇੰਟੈਲੀਜੈਂਸ ਰਾਹੀਂ ਇਹ ਪਤਾ ਲੱਗਾ ਕਿ ਇੱਕ ਨਾਈਜ਼ੇਰੀਅਨ ਮਹਿਲਾ ਬੇਲਾ ਪੁੱਤਰੀ ਤਾਵੋ ਵਾਸੀ ਡੈਲਟਾ ਸਟੇਟ ਜੋਬਾ ਨਾਈਜ਼ੇਰੀਆ ਅਫਰੀਕਾ ਹਾਲ ਵਾਸੀ ਜੀਆ ਮੈਮੋਰੀਅਲ ਪਬਲਿਕ ਸਕੂਲ ਜੀਆ ਦਿੱਲੀ ਨੰਗਲੋਈ ਜੋ ਕਿ ਪਾਕਿਸਤਾਨ ਦੇ ਸਮੱਗਲਰਾਂ ਨਾਲ ਤਾਲਮੇਲ ਕਰਕੇ ਭਾਰਤ ਪਾਕਿਸਤਾਨ ਬਾਰਡਰ ਤੋਂ ਵੱਖ-ਵੱਖ ਤਰੀਕੇ ਨਾਲ ਹੈਰੋਇਨ ਦੀਆਂ ਖੇਪ ਮੰਗਵਾ ਕੇ ਇੰਡੀਆ ਤੇ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਸਪਲਾਈ ਕਰਦੀ ਹੈ ਜੋ ਅੱਜ ਇਹ ਇੱਕ ਕਾਰ ਨੰਬਰ 0526 ਮਾਰਕਾ ਵੈਗਨਾਰ ਰੰਗ ਗਰੇ ਟੈਕਸੀ 'ਤੇ ਹੈਰੋਇਨ ਦੀ ਸਪਲਾਈ ਕਰਨ ਲਈ ਜ਼ਿਲ੍ਹਾ ਤਰਨ ਤਰਨ ਦੇ ਅੰਮ੍ਰਿਤਸਰ ਬਠਿੰਡਾ ਹਾਈਵੇ ਨੇੜੇ ਗੋਇੰਦਵਾਲ ਬਾਈਪਾਸ ਨਜਦੀਕ ਵੱਡੀ ਮਾਤਰਾ ਵਿੱਚ ਹੈਰੋਇਨ ਦੀ ਖੇਪ ਨੂੰ ਸਪਲਾਈ ਕਰਨ ਲਈ ਕਿਸੇ ਦੀ ਉਡੀਕ ਕਰ ਰਹੀ ਹੈ। ਜਿਸ 'ਤੇ ਤਰਨ ਤਾਰਨ ਪੁਲਿਸ ਦੀ ਸੀ ਆਈ ਏ ਸਟਾਫ ਦੀ ਟੀਮ ਨੇ ਤਕਨੀਕੀ ਇੰਟੈਲੀਜਸ ਰਾਹੀਂ ਨਾਈਜ਼ੇਰੀਅਨ ਮਹਿਲਾ ਬੇਲਾ ਉਕਤ ਨੂੰ ਡੀ ਐਸ ਪੀ (ਡੀ) ਤਰਨ ਤਾਰਨ ਦੀ ਹਾਜ਼ਰੀ ਵਿੱਚ ਕਾਬੂ ਕਰਕੇ ਤਲਾਸ਼ੀ ਦੌਰਾਨ ਪਾਸੋਂ ਕੁੱਲ 3 ਕਿਲੋ 69 ਗ੍ਰਾਮ ਹੈਰੋਇਨ ਬਰਾਮਦ ਕੀਤੀ

## ਕਾਂਗਰਸ ਨੂੰ ਵੱਡਾ ਝਟਕਾ, ਇੰਟਕ ਪ੍ਰਧਾਨ ਗੁਲਜ਼ਾਰ ਸਿੰਘ ਖਾਸਾ ਅਕਾਲੀ ਦਲ ਵਾਰਿਸ ਪੰਜਾਬ 'ਚ ਸ਼ਾਮਿਲ



ਅੰਮ੍ਰਿਤਸਰ, 9 ਮਈ (ਬਬਲੂ ਮਹਾਜਨ) : ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇੱਕ ਅਹਿਮ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਦੌਰਾਨ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਾ ਜਦੋਂ ਜ਼ਿਲ੍ਹਾ ਦਿਹਾਤੀ ਅੰਮ੍ਰਿਤਸਰ ਦੇ ਮੌਜੂਦਾ ਇੰਟਕ ਪ੍ਰਧਾਨ ਸ੍ਰ. ਗੁਲਜ਼ਾਰ ਸਿੰਘ ਖਾਸਾ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ। ਇਹ ਸ਼ਮੂਲੀਅਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਸਤਿਕਾਰਯੋਗ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪੰਜਾਬ ਦੀ ਜਵਾਨੀ, ਕਿਸਾਨੀ ਅੱਜ ਰਵਾਇਤੀ ਪਾਰਟੀਆਂ ਤੋਂ ਤੰਗ ਆ ਚੁੱਕੀ ਹੈ ਅਤੇ ਇਸ ਕਰਕੇ ਲੋਕ ਹੁਣ ਅਸਲ ਪੰਥਕ ਤੇ ਪੰਜਾਬ-ਪੱਖੀ ਆਪਣੀ ਖੇਤਰੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਇੱਕ ਸਿਆਸੀ ਪਾਰਟੀ ਨਹੀਂ, ਸਗੋਂ ਪੰਜਾਬ ਦੇ ਹੱਕਾਂ, ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ ਨੌਜਵਾਨਾਂ ਦੇ ਭਵਿੱਖ ਦੀ ਲੜਾਈ ਲੜ ਰਹੀ ਇੱਕ ਸੋਚ ਹੈ। ਇਸੇ ਕਰਕੇ ਹਰ ਵਰਗ ਦੇ ਲੋਕ ਤੇ ਵੱਖ-ਵੱਖ ਪਾਰਟੀਆਂ ਦੇ ਆਗੂ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਗੁਲਜ਼ਾਰ ਸਿੰਘ ਖਾਸਾ ਨੇ ਕਿਹਾ ਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਨਿਡਰ ਅਤੇ ਪੰਜਾਬ-ਪੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜੇ ਹਨ ਅਤੇ ਹੁਣ ਪੂਰੀ ਇਮਾਨਦਾਰੀ ਨਾਲ ਪਾਰਟੀ ਦੀ ਮਜ਼ਬੂਤੀ ਅਤੇ ਪੰਜਾਬ ਦੇ ਭਲੇ ਲਈ ਕੰਮ ਕਰਨਗੇ। ਇਸ ਪ੍ਰੈਸ ਕਾਨਫਰੰਸ ਦੌਰਾਨ ਮੌਜੂਦ ਰਹੇ ਮੁੱਖ ਆਗੂਆਂ ਵਿੱਚ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਐਡਵੋਕੇਟ ਕਰਮਵੀਰ ਸਿੰਘ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜੁਗਰਾਜ ਸਿੰਘ ਮਹਿਤਾ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਹਰਕਮਲਪ੍ਰੀਤ ਸਿੰਘ, ਭਾਈ ਰਘਬੀਰ ਸਿੰਘ, ਬਾਬਾ ਬਿਬੇਕ ਸਿੰਘ ਜੀ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਕੁਲਵਿੰਦਰ ਸਿੰਘ ਵਡਾਲੀ, ਜਸਕਰਨ ਸਿੰਘ ਲੋਪੋਕੇ, ਜੁਗਰਾਜ ਸਿੰਘ ਭੰਗਵਾਂ, ਗੁਰਵਿੰਦਰ ਸਿੰਘ ਲੋਪੋਕੇ, ਭਾਈ ਹਰਪ੍ਰੀਤ ਸਿੰਘ ਸਿੰਘ, ਭਾਈ ਬਲਵੰਤ ਸਿੰਘ ਡੇਹਰੀਵਾਲ ਹਾਜ਼ਰ ਸਨ ਅਤੇ ਸ਼ਾਮਿਲ ਹੋਏ ਸ੍ਰ. ਗੁਲਜ਼ਾਰ ਸਿੰਘ ਦੇ ਨਾਲ ਸ਼ਾਮਿਲ ਹੋਏ ਸੁਤਨਾਮ ਸਿੰਘ ਖੁਰਮਣੀਆਂ, ਗਿਆਨੀ ਅਰਜਨ ਸਿੰਘ ਖਾਸਾ, ਪਰਮਜੀਤ ਸਿੰਘ ਖਾਸਾ, ਮੁਖਤਿਆਰ ਸਿੰਘ ਚੱਕਮੁਕੰਦ, ਸਕੱਤਰ ਸਿੰਘ ਚੱਕਮੁਕੰਦ ਅਤੇ ਜਗਜੀਤ ਸਿੰਘ ਖਾਸਾ ਵੀ ਮੌਜੂਦ ਸਨ।

## ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਨਵੇਂ ਕਾਰ ਸੇਵਾ ਦਫ਼ਤਰ ਦਾ ਉਦਘਾਟਨ, ਭਾਈ ਮਨਦੀਪ ਸਿੰਘ ਭੋਲੂ ਨੂੰ ਦਿੱਤਾ ਦਫ਼ਤਰ ਦਾ ਪ੍ਰਬੰਧ

ਅੰਮ੍ਰਿਤਸਰ, 9 ਮਈ (ਬਬਲੂ ਮਹਾਜਨ):ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਚੱਲ ਰਹੀਆਂ ਕਾਰ ਸੇਵਾਵਾਂ ਨੂੰ ਹੋਰ ਸੁਚੱਜੇ ਢੰਗ ਨਾਲ ਚਲਾਉਣ ਅਤੇ ਸੰਗਤਾਂ ਨੂੰ ਸਹੂਲਤਾਂ ਪ੍ਰਦਾਨ ਕਰਨ ਦੇ ਮੰਤਵ ਨਾਲ ਬੀਬੀ ਕੌਲ ਜੀ ਭਲਾਈ ਕੇਂਦਰ ਵਿਖੇ ਨਵੇਂ ਬਣਾਏ ਗਏ ਕਾਰ ਸੇਵਾ ਦਫਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਬਾਬਾ ਹਰਮਿੰਦਰ ਸਿੰਘ ਜੀ ਵੱਲੋਂ ਅਰਦਾਸ ਉਪਰੰਤ ਦਫਤਰ ਦੀ ਸ਼ੁਰੂਆਤ ਕੀਤੀ ਗਈ।ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਸੇਵਾਦਾਰ ਹਾਜ਼ਰ ਰਹੇ। ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਨੇ ਕਿਹਾ ਕਿ ਕਾਰ ਸੇਵਾ ਸਿੱਖ ਪੰਥ ਦੀ ਮਹਾਨ ਪਰੰਪਰਾ ਹੈ ਅਤੇ ਗੁਰੂ ਘਰਾਂ ਦੀ ਸੇਵਾ ਕਰਨਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਉਨ੍ਹਾਂ ਕਿਹਾ ਕਿ ਨਵੇਂ ਕਾਰ ਸੇਵਾ ਦਫਤਰ ਦੇ ਰਾਹੀਂ ਵੱਖ-ਵੱਖ ਧਾਰਮਿਕ ਅਸਥਾਨਾਂ 'ਤੇ ਚੱਲ ਰਹੀਆਂ ਸੇਵਾਵਾਂ ਦੀ ਜਾਣਕਾਰੀ ਇੱਕ ਥਾਂ 'ਤੇ ਮਿਲ ਸਕੇਗੀ ਅਤੇ ਸੰਗਤਾਂ ਨੂੰ ਸੇਵਾ ਨਾਲ ਜੋੜਨ ਵਿੱਚ ਵੀ ਆਸਾਨੀ ਰਹੇਗੀ।ਉਨ੍ਹਾਂ ਦੱਸਿਆ ਕਿ ਇਸ ਦਫਤਰ ਦਾ ਮਕਸਦ ਕਾਰ ਸੇਵਾਵਾਂ ਨਾਲ ਸਬੰਧਤ ਪ੍ਰਬੰਧਾਂ ਨੂੰ ਸੁਚਾਰੂ ਬਣਾਉਣਾ ਅਤੇ ਸੇਵਾਦਾਰਾਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣਾ ਹੈ। ਇਸ ਮੌਕੇ ਸਰਦਾਰ ਮਨਦੀਪ ਸਿੰਘ ਭੋਲੂ ਨੂੰ ਕਾਰ ਸੇਵਾ ਦਫਤਰ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਉਨ੍ਹਾਂ ਨੂੰ ਕਾਰ ਸੇਵਾ ਨਾਲ ਸਬੰਧਤ ਜਾਣਕਾਰੀ ਸੰਗਤਾਂ ਤੱਕ ਪਹੁੰਚਾਉਣ



ਅਤੇ ਸੇਵਾਵਾਂ ਦੇ ਪ੍ਰਬੰਧਾਂ ਦੀ ਜ਼ਿੰਮੇਵਾਰੀ ਸੌਂਪੀ ਗਈ।ਭਾਈ ਮਨਦੀਪ ਸਿੰਘ ਭੋਲੂ ਨੇ ਜਾਣਕਾਰੀ ਦਿੰਦੇ ਦੱਸਿਆ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਵੱਲੋਂ ਗੁ: ਜਨਮ ਅਸਥਾਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਪਹੂਵਿੰਡ ਸਾਹਿਬ ਪਾਰਕਿੰਗ ਦੀ ਸੇਵਾ ਗੁ: ਅਨੰਦ ਕਾਰਜ ਅਸਥਾਨ ਬੀਬੀ ਵੀਰੋ ਜੀ (ਝਬਾਲ) ਵਿਖੇ ਗੁਰਦੁਆਰਾ ਕੰਪਲੈਕਸ ਵੱਡਾ ਕਰਨ ਲਈ ਸੇਵਾ ਗੁ: ਤਪ ਅਸਥਾਨ ਦੀਵਾਨ ਹਾਲ ਦੀ ਸੇਵਾ ਧੰਨ ਭਾਈ ਤਾਰੂ ਸਿੰਘ ਜੀ ਸ਼ਹੀਦ ਪੂਹਲਾ ਸਾਹਿਬ ਗੁ: ਜਨਮ ਅਸਥਾਨ ਧੰਨ ਭਾਈ ਤਾਰੂ ਸਿੰਘ ਜੀ ਸ਼ਹੀਦ ਪੂਹਲਾ ਸਾਹਿਬ ਦੀਵਾਨ ਹਾਲ ਗੁ: ਸ੍ਰੀ ਬਿਬੇਕਸਰ ਸਾਹਿਬ ਵਿਖੇ ਪਰਿਕਰਮਾ ਦੇ ਪੱਥਰ ਦੀ ਸੇਵਾ ਅਤੇ ਗੁਰਦੁਆਰਾ ਲੋਹਗੜ੍ਹ ਸਾਹਿਬ ਵਿਖੇ ਗ੍ਰੰਥੀ ਸਿੰਘਾਂ ਦੀ ਰਹਿਣ ਦੇ ਲਈ ਫਲੈਟ ਤਿਆਰ ਕੀਤੇ ਅਤੇ ਗੁ: ਸ਼ਹੀਦ ਗੰਜ ਸਾਹਿਬ ਜੀ (ਸ਼ਹੀਦਾਂ ਸਾਹਿਬ ਸ਼ੈੱਡ ਦੀ ਸੇਵਾ) ਸ੍ਰੀ ਅੰਮ੍ਰਿਤਸਰ ਸਾਹਿਬ ਗੁ: ਸ੍ਰੀ ਕੌਲਸਰ ਸਾਹਿਬ ਜੀ ਸਰੋਵਰ ਦੇ ਪੇਂਟ ਦੀ ਸੇਵਾ ਗੁ: ਸਮਾਧਾਂ ਬਾਬਾ ਨੌਧ ਸਿੰਘ ਜੀ ਅਸੀਸਾਂ (ਸੰਤ ਬਾਬਾ ਜੋਗਾ ਸਿੰਘ) ਜੀ ਸ਼ੈਡ ਅਤੇ ਛਬੀਲ ਦੀ ਸੇਵਾ ਗੁ: ਟਾਹਲਾ ਸਾਹਿਬ ਜੀ ਅਸੀਸਾਂ ਸੰਤ ਬਾਬਾ ਦਰਸ਼ਨ ਸਿੰਘ ਜੀ ਵਿਖੇ ਸੜਕ ਅਤੇ ਸ਼ੈੱਡ ਦੀ ਸੇਵਾ ਕਿ ਇਸ ਜ਼ਿੰਮੇਵਾਰੀ ਲਈ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੂਰੀ ਨਿਸ਼ਠਾ ਅਤੇ ਸੇਵਾ ਭਾਵਨਾ ਨਾਲ ਆਪਣੀ ਡਿਊਟੀ ਨਿਭਾਉਣਗੇ। ਸਮਾਗਮ ਦੇ ਅੰਤ ਵਿੱਚ ਸੰਗਤਾਂ ਨੇ ਗੁਰੂ ਘਰਾਂ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ 'ਤੇ ਹਰਿਮੰਦਰ ਸਾਹਿਬ ਦੇ ਮੈਨੇਜਰ ਬਿਕਰਮ ਸਿੰਘ ਜੈ ਸਿੰਘ ਅਮਰਜੀਤ ਸਿੰਘ ਸਿਲਕੀ ਰਵਿੰਦਰ ਸਿੰਘ ਬੰਟੀ ਗੁਰਪਾਲ ਸਿੰਘ ਉਸਤਾਦ ਜੀ ਹਰਪ੍ਰੀਤ ਸਿੰਘ ਪ੍ਰੀਤ ਗੁਰਪ੍ਰੀਤ ਸਿੰਘ ਢੱਲ ਸਤਨਾਮ ਸਿੰਘ ਸੱਤਾ ਚਮਕੌਰ ਸਿੰਘ ਹਰਵਿੰਦਰ ਸਿੰਘ ਡੀਸੀ ਕਰਨਵੀਰ ਸਿੰਘ ਸੁਖਵਿੰਦਰ ਸਿੰਘ ਕੇਪੀ ਪਾਲ ਸਿੰਘ ਬਲਜੀਤ ਸਿੰਘ ਅਮਰੀਕ ਸਿੰਘ ਜੋਧਾ ਸਿੰਘ ਅਤੇ ਹੋਰ ਸਟਾਫ ਹਾਜ਼ਰ ਸਨ

## ਸਵੈ ਜਨਗਣਨਾ ਮੁਹਿੰਮ ਜ਼ੋਰਾਂ 'ਤੇ

ਅੰਮ੍ਰਿਤਸਰ, 9 ਮਈ (ਬਬਲੂ ਮਹਾਜਨ): 30 ਅਪ੍ਰੈਲ ਤੋਂ ਸ਼ੁਰੂ ਹੋਈ ਸਵੈ-ਗਣਨਾ ਦੀ ਰਾਸ਼ਟਰੀ ਮੁਹਿੰਮ ਅੰਮ੍ਰਿਤਸਰ ਸ਼ਹਿਰ ਵਿੱਚ ਬਹੁਤ ਹੀ ਉਤਸ਼ਾਹ ਨਾਲ ਜਾਰੀ ਹੈ। ਅੱਜ ਇੱਕ ਵਿਸ਼ੇਸ਼ ਪਹਿਲ ਕਰਦਿਆਂ ਸੈਂਸਸ ਦੇ ਮਾਸਟਰ ਟ੍ਰੇਨਰ ਰਜਵਿੰਦਰ ਸਿੰਘ ਨੇ ਸ਼ਹਿਰ ਦੇ ਵਿਧਾਇਕ ਅਤੇ ਪੁਲਿਸ ਕਮਿਸ਼ਨਰ ਦੀ ਅਗਵਾਈ ਵਿੱਚ ਉਨ੍ਹਾਂ ਨੂੰ ਖੁਦ ਸਵੈ-ਗਣਨਾ ਕਰਨ ਵਿੱਚ ਮੱਦਦ ਕੀਤੀ। ਇਸ ਮੌਕੇ ਅਧਿਕਾਰੀਆਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 14 ਮਈ ਤੱਕ ਇਹ ਜ਼ਰੂਰੀ ਕੰਮ ਪੂਰਾ ਕਰਨ।ਮਾਸਟਰ ਟ੍ਰੇਨਰ ਵਲੋਂ ਵੱਡੇ ਅਗਵਾਨਾਂ ਦੀ ਮੱਦਦ ਰਜਵਿੰਦਰ ਸਿੰਘ ਨੇ ਖੁਦ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਅਤੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ (ਅੰਮ੍ਰਿਤਸਰ ਪੱਛਮੀ) ਨੂੰ ਅਧਿਕਾਰਤ ਵੈੱਬਸਾਈਟ 'ਤੇ ਜਾ ਕੇ ਉਨ੍ਹਾਂ ਦੇ ਪਰਿਵਾਰ ਦੀ ਵਿਸਤ੍ਰਿਤ ਜਾਣਕਾਰੀ ਭਰਨ ਲਈ ਗਾਈਡ ਕੀਤਾ। ਇਹ ਪੂਰੀ ਪ੍ਰਕਿਰਿਆ ਓ.ਟੀ.ਪੀ., ਮੋਬਾਈਲ ਨੰਬਰ ਅਤੇ ਪਰਿਵਾਰਕ ਵੇਰਵਿਆਂ ਨਾਲ ਮੁਕੰਮਲ ਕੀਤੀ ਗਈ, ਇਸ ਮੌਕੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ, ਆਪਣੀ ਗਣਨਾ ਆਪ ਜਿਵੇਂ ਆਸਾਨ ਕੰਮ ਨੂੰ ਸਭ ਤੋਂ ਪਹਿਲਾਂ ਅਪਣਾ ਕੇ ਅਸੀਂ ਸਰਕਾਰੀ ਗਣਨਾਕਾਰਾਂ ਦਾ ਕੰਮ ਸੌਖਾ ਕਰ ਸਕਦੇ ਹਾਂ। ਉਨ੍ਹਾਂ ਨਾਲ ਪੁਲਿਸ ਵਿਭਾਗ ਦੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਹ ਕੰਮ ਸਮੇਂ ਸਿਰ ਕਰਨ ਦੇ ਨਿਰਦੇਸ਼ ਵੀ ਦਿੱਤੇ।

## ਵਿਦਾਇਗੀ ਪਾਰਟੀ ਕਰਵਾਈ




ਜਲੰਧਰ, 9 ਮਈ (ਸੰਦੀਪ ਕੌਲ): ਗੁਰੂ ਨਾਨਕ ਕਾਲਜ ਆਫ਼ ਐਜੂਕੇਸ਼ਨ, ਜਲੰਧਰ ਦੇ ਬੀ.ਐੱਡ ਸਮੈਸਟਰ ਦੂਜਾ ਦੇ ਵਿਦਿਆਰਥੀਆਂ ਨੇ ਸੀਨੀਅਰ ਵਿਦਿਆਰਥੀਆਂ ਨੂੰ ਵਿਦਾਇਗੀ ਦੇਣ ਲਈ ਕਾਲਜ ਵਿੱਚ -ਯਾਦਾਂ ਦਾ ਕਾਰਵਾ' ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ, ਜੋ ਕਿ ਵਿਦਿਆਰਥੀਆਂ ਦੇ ਕਾਲਜ ਦੇ ਸਫ਼ਰ ਅਤੇ ਉਹਨਾਂ ਦੀਆਂ ਮਿੱਠੀਆਂ ਯਾਦਾਂ ਨੂੰ ਸਮਰਪਿਤ ਸੀ। ਜੂਨੀਅਰ ਵਿਦਿਆਰਥੀਆਂ ਵੱਲੋਂ ਸੀਨੀਅਰ ਵਿਦਿਆਰਥੀਆਂ ਦੇ ਸਨਮਾਨ ਵਿੱਚ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਪ੍ਰੋਗਰਾਮ ਦੌਰਾਨ ਸਾਹਿਲ ਅਤੇ ਹਰਦੀਪ ਕੌਰ ਨੇ ਆਪਣੇ ਡਾਂਸ ਪ੍ਰਦਰਸ਼ਨ ਨਾਲ ਸੱਭ ਦਾ ਮਨ ਮੋਹ ਲਿਆ। ਸਿਮਰਨ ਅਤੇ ਰਜਿੰਦਰ ਕੌਰ ਨੇ ਬਹੁਤ ਹੀ ਭਾਵੁਕ ਅਤੇ ਸੁਰੀਲਾ ਗੀਤ ਗਾਇਆ, ਜਿਸ ਨੇ ਕਾਲਜ ਦੀਆਂ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰ ਦਿੱਤਾ। ਵਿਦਿਆਰਥੀਆਂ ਵੱਲੋਂ ਵੱਖ-ਵੱਖ ਗਰੁੱਪ ਡਾਂਸ ਪੇਸ਼ ਕੀਤੇ ਗਏ। ਪ੍ਰੋਗਰਾਮ ਦੇ ਖਿੱਚ ਦਾ ਮੁੱਖ ਕੇਂਦਰ ਰੈਂਪ ਵਾਕ, ਕੈਟ ਵਾਕ, ਜਾਣ-ਪਛਾਣ ਅਤੇ ਸਵਾਲ-ਜਵਾਬ ਰਾਊਂਡ ਸੀ। ਪ੍ਰੋਗਰਾਮ ਨੂੰ ਮਨੋਰੰਜਕ ਅਤੇ ਵਧੀਆ ਬਣਾਉਣ ਲਈ ਅਨੇਕ ਪ੍ਰਕਾਰ ਦੀਆਂ ਕਿਰਿਆਵਾਂ ਕਰਵਾਈਆਂ ਗਈਆਂ। ਕੈਟ ਵਾਕ ਰਾਹੀਂ ਵਿਦਿਆਰਥੀਆਂ ਨੇ ਆਪਣੀ ਸੁੰਦਰਤਾ ਅਤੇ ਆਤਮ ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਬਾਅਦ ਸਵਾਲ-ਜੁਆਬ ਦਾ ਦੌਰ ਚੱਲਿਆ, ਜਿਸ ਵਿੱਚ ਜੱਜਾਂ ਨੇ ਵਿਦਿਆਥੀਆਂ ਦੀ ਹਾਜ਼ਰ ਜਵਾਬੀ ਨੂੰ ਪਰਖਿਆ। 'ਗੈਸ ਦਾ ਮੂਵੀ ਨੇਮ' ਖੇਡ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਫਿਲਮੀ ਗਿਆਨ ਦੀ ਪਰਖ ਹੋਈ, ਜਿਸ ਵਿੱਚ ਸੱਭ ਨੇ ਉਤਸ਼ਾਹ ਨਾਲ ਹਿੱਸਾ ਲਿਆ। ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸੰਗੀਤ ਦੀ ਧੁਨੀ ਤੇ 'ਮਿਊਜ਼ੀਕਲ ਚੇਅਰਜ਼' ਖੇਡ ਵੀ ਖੇਡੀ।

## ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਮਨਾਇਆ ਗਿਆ ਮਾਂ ਦਿਵਸ



ਅੰਮ੍ਰਿਤਸਰ, 9 ਮਈ (ਬਬਲੂ ਮਹਾਜਨ):ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਖੇ ਕਾਲਜ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਮਾਂ ਦਿਵਸ ਬਹੁਤ ਹੀ ਉਤਸ਼ਾਹ ਅਤੇ ਭਾਵੁਕਤਾ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮਾਂ ਦੀ ਮਹੱਤਤਾ ਅਤੇ ਸਮਾਜ ਵਿੱਚ ਉਸ ਦੇ ਅਹਿਮ ਸਥਾਨ ਤੋਂ ਜਾਣੂੰ ਕਰਵਾਉਣਾ ਸੀ।ਸਮਾਗਮ ਦੌਰਾਨ ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਬਹੁਤ ਹੀ ਭਾਵਪੂਰਕ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਮਾਂ ਰੱਬ ਦਾ ਦੂਜਾ ਰੂਪ ਹੈ ਅਤੇ ਉਹ ਇੱਕ ਅਜਿਹੀ ਸ਼ਖ਼ਸੀਅਤ ਹੈ ਜਿਸ ਦੀ ਬਦੌਲਤ ਅਸੀਂ ਇਸ ਸੁੰਦਰ ਦੁਨੀਆਂ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਅੱਗੇ ਕਿਹਾ ਕਿ ਮਾਂ ਆਪ ਤਕਲੀਫ਼ਾਂ ਸਹਿ ਕੇ ਆਪਣੇ ਬੱਚਿਆਂ ਦੀਆਂ ਖੁਸ਼ੀਆਂ ਲਈ ਹਮੇਸ਼ਾ ਤਤਪਰ ਰਹਿੰਦੀ ਹੈ, ਇਸ ਲਈ ਹਰ ਬੱਚੇ ਦਾ ਇਹ ਫ਼ਰਜ਼ ਬਣਦਾ ਹੈ ਕਿ ਉਹ ਆਪਣੀ ਮਾਂ ਦਾ ਦਿਲੋਂ ਸਤਿਕਾਰ ਕਰੇ ਅਤੇ ਉਨ੍ਹਾਂ ਦੀਆਂ ਭਾਵਨਾਵਾਂ ਦੀ ਕਦਰ ਕਰੇ।ਇਸ ਮੌਕੇ ਵਿਦਿਆਰਥੀਆਂ ਦੇ ਅੰਦਰੂਨੀ ਹੁਨਰ ਨੂੰ ਉਭਾਰਨ ਲਈ ਮਾਂ ਨਾਲ ਸਬੰਧਤ ਕਾਰਡ ਮੇਕਿੰਗ ਅਤੇ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਬਹੁਤ ਵੱਡੀ ਗਿਣਤੀ ਵਿੱਚ ਹਿੱਸਾ ਲੈਂਦਿਆਂ ਆਪਣੀਆਂ ਕਲਾਕ੍ਰਿਤੀਆਂ ਅਤੇ ਕਵਿਤਾਵਾਂ ਰਾਹੀਂ ਮਾਂ ਪ੍ਰਤੀ ਆਪਣਾ ਪਿਆਰ ਪ੍ਰਗਟਾਇਆ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਮਾਂ ਦੀ ਮਮਤਾ 'ਤੇ ਅਧਾਰਿਤ ਗੀਤਾਂ ਦੀ ਪੇਸ਼ਕਾਰੀ ਵੀ ਕੀਤੀ ਗਈ, ਜਿਸ ਨੇ ਮਾਹੌਲ ਨੂੰ ਬਹੁਤ ਹੀ ਭਾਵੁਕ ਬਣਾ ਦਿੱਤਾ।ਇਨ੍ਹਾਂ ਮੁਕਾਬਲਿਆਂ ਵਿੱਚ ਜੱਜ ਦੀ ਭੂਮਿਕਾ ਪ੍ਰੋ. ਨਵਜੋਤ ਕੌਰ ਅਤੇ ਪ੍ਰੋ. ਮਨਦੀਪ ਕੌਰ (ਇਤਿਹਾਸ ਵਿਭਾਗ) ਨੇ ਨਿਭਾਈ।ਜੇਤੂ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ, ਰਜਿਸਟਰਾਰ ਪ੍ਰੋ. ਜਤਿੰਦਰ ਕੌਰ, ਪ੍ਰੋ. ਮਨਦੀਪ ਕੌਰ (ਪੰਜਾਬੀ ਵਿਭਾਗ) ਅਤੇ ਸਮੂਹ ਸਟਾਫ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।

## ਵਿਸ਼ਾਲ ਪੱਧਰ 'ਤੇ ਮਨਾਈ ਜਾਵੇਗੀ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ : ਐਡਵੋਕੇਟ ਧਾਮੀ

### ਸ਼ਤਾਬਦੀ ਸਬੰਧੀ ਸਮਾਗਮਾਂ ਦੀ ਰੂਪ ਰੇਖਾ ਉਲੀਕਣ ਲਈ ਸਬ-ਕਮੇਟੀ ਦੀ ਹੋਈ ਇਕੱਤਰਤਾ

ਅੰਮ੍ਰਿਤਸਰ, 9 ਮਈ (ਗੁਰਦਿਆਲ ਸਿੰਘ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਲਈ ਅੱਜ ਸਬ-ਕਮੇਟੀ ਦੀ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ। ਇਕੱਤਰਤਾ 'ਚ 20 ਫ਼ਰਵਰੀ 2027 ਨੂੰ ਆ ਰਹੇ ਭਗਤ ਰਵਿਦਾਸ ਜੀ ਦੇ 650 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਕੀਤੇ ਜਾਣ ਵਾਲੇ ਧਾਰਮਿਕ ਸਮਾਗਮ, ਸੈਮੀਨਾਰ, ਕੀਰਤਨ ਦਰਬਾਰ ਅਤੇ ਉਨ੍ਹਾਂ ਦੇ ਜਨਮ ਅਸਥਾਨ ਤੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਕੱਤਰਤਾ ਮਗਰੋਂ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ਼ਤਾਬਦੀ ਨੂੰ ਸਮਰਪਿਤ ਭਗਤ ਰਵਿਦਾਸ



ਜੀ ਦੇ ਜੀਵਨ, ਫਸਲਫੇ ਅਤੇ ਗੁਰਬਾਣੀ ਸਬੰਧੀ 6 ਸੈਮੀਨਾਰ ਕਰਵਾਉਣ ਅਤੇ ਵੱਖ-ਵੱਖ ਅਸਥਾਨਾਂ 'ਤੇ 8 ਕੀਰਤਨ ਦਰਬਾਰ ਕਰਵਾਏ ਜਾਣ ਦਾ ਫੈਸਲਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਭਗਤ ਰਵਿਦਾਸ ਜੀ ਦੇ ਜਨਮ ਅਸਥਾਨ ਗੋਵਰਧਨਪੁਰ (ਵਾਰਾਨਸੀ) ਤੋਂ ਵਿਸ਼ੇਸ਼ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਪੰਜਾਬ ਪੁੱਜੇਗਾ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੇ ਜੀਵਨ, ਇਤਿਹਾਸ ਬਾਰੇ ਵੱਖ-ਵੱਖ ਭਾਸ਼ਾਵਾਂ ਵਿਚ ਕਿਤਾਬਚੇ ਵੀ ਛਾਪੇ ਜਾਣਗੇ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਸਮਾਗਮਾਂ ਦੀ ਰੂਪ ਰੇਖਾ ਤਿਆਰ ਕਰਨ ਦੇ ਨਾਲ-ਨਾਲ ਮਹਾਂਪੁਰਸ਼ਾਂ ਅਤੇ ਭਾਈਚਾਰੇ ਦੇ ਲੋਕਾਂ ਨਾਲ ਤਾਲਮੇਲ ਕਰਨ ਲਈ ਸ਼੍ਰੋਮਣੀ ਕਮੇਟੀ ਮੈਂਬਰਾਂ 'ਤੇ ਅਧਾਰਿਤ ਸਬ-ਕਮੇਟੀਆਂ ਵੀ ਬਣਾ ਦਿੱਤੀਆਂ ਗਈਆਂ ਹਨ। ਇਨ੍ਹਾਂ ਕਮੇਟੀਆਂ ਦੇ ਨੁਮਾਇੰਦੇ ਵੱਖ-ਵੱਖ ਮਹਾਂਪੁਰਖਾਂ ਨਾਲ ਰਾਬਤਾ ਕਰਨਗੇ, ਜਿਸ ਮਗਰੋਂ 25 ਮਈ ਨੂੰ ਇਨ੍ਹਾਂ ਨਾਲ ਮੀਟਿੰਗ ਕਰਕੇ ਸਮਾਗਮਾਂ ਦੀ ਸਫਲਤਾ ਸਬੰਧੀ ਰਾਏ ਲਈ ਜਾਵੇਗੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਹ ਵੀ ਦੱਸਿਆ ਕਿ ਵੱਖ-ਵੱਖ ਪ੍ਰੀਖਿਆਵਾਂ ਦੌਰਾਨ ਸਿੱਖ ਵਿਦਿਆਰਥੀਆਂ ਦੇ ਕਕਾਰ ਉਤਾਰੇ ਜਾਣ ਦੇ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਦੇ ਇਤਰਾਜ਼ ਮਗਰੋਂ ਨੈਸ਼ਨਲ ਟੈਸਟਿੰਗ ਏਜੰਸੀ ਵੱਲੋਂ ਅਜਿਹੀਆਂ ਘਟਨਾਵਾਂ ਦੀ ਮੁਆਫ਼ੀ ਮੰਗਦਿਆਂ ਭਵਿੱਖ ਵਿਚ ਅਜਿਹਾ ਨਾ ਹੋਣ ਸਬੰਧੀ ਪੱਤਰ ਭੇਜਿਆ ਗਿਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਸਿੱਖ ਭਾਵਨਾਵਾਂ ਨਾਲ ਜੁੜਿਆ ਹੋਇਆ ਮਾਮਲਾ ਹੈ, ਅੱਗੇ ਤੋਂ ਕਿਸੇ ਵੀ ਸਿੱਖ ਵਿਦਿਆਰਥੀਆਂ ਨਾਲ ਅਜਿਹਾ ਨਾ ਹੋਵੇ ਇਸ ਲਈ ਸਬੰਧਤ ਏਜੰਸੀ ਨੂੰ ਪਬਲਿਕ ਨੋਟਿਸ ਰਾਹੀਂ ਸਪੱਸ਼ਟ ਕਰਨ ਲਈ ਆਖਿਆ ਗਿਆ ਹੈ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਗੁਰਚਰਨ ਸਿੰਘ ਗਰੇਵਾਲ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਕੇਵਲ ਸਿੰਘ ਬਾਦਲ, ਬਾਬਾ ਬੂਟਾ ਸਿੰਘ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਹਰਪਾਲ ਸਿੰਘ ਜੱਲ੍ਹਾ, ਸ. ਅਵਤਾਰ ਸਿੰਘ ਰਿਆ, ਸ. ਗੁਰਨਾਮ ਸਿੰਘ ਜੱਸਲ, ਓਐਸਡੀ ਸ. ਸਤਬੀਰ ਸਿੰਘ, ਸਮੇਤ ਹੋਰ ਹਾਜ਼ਰ ਸਨ।

## ਬੇਅਦਬੀ ਕਾਨੂੰਨ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਰਕਾਰ 'ਚ ਟਕਰਾਅ

ਅੰਮ੍ਰਿਤਸਰ 9 ਮਈ ਗੁਰਦਿਆਲ ਸਿੰਘ। ਸ੍ਰੀ ਅਕਾਲ ਤਖਤ ਦੇ ਜਥੇਦਾਰ ਭਾਈ ਕੁਲਦੀਪ ਸਿੰਘ ਗੱੜਗਜ ਵੱਲੋਂ 8 ਮਈ ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਤਲਬ ਕਰਨ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਅਕਾਲ ਤਖਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਮੀਡੀਆ ਵਿੱਚ ਬਿਆਨਬਾਜ਼ੀ ਕਰਨ ਇੱਕ ਦੂਜੇ ਤੋਂ ਅੱਗੇ। ਸ਼੍ਰੀ ਅਕਾਲ ਤਖਤ ਜਥੇਦਾਰ ਕੁਲਦੀਪ ਸਿੰਘ ਗੱੜਗਜ ਨੇ ਕਿਆ ਹੈ ਕਿ ਜੇ 15 ਦਿਨਾਂ ਵਿੱਚ ਬੇਅਦਬੀ ਬਾਰੇ ਕਾਨੂੰਨ ਵਿੱਚ ਸੋਧ ਨਾ ਕੀਤੀ ਗਈ ਤਾਂ ਅਕਾਲ ਤਖਤ ਸਾਹਿਬ ਤੇ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਬੁਲਾ ਕੇ ਸਖਤ ਕਾਰਵਾਈ ਕੀਤੀ ਜਾਊਗੀ ਨਾ ਕਦੇ ਸਿੱਖਾਂ ਨੇ ਇਦਾ ਦਾ ਕਾਨੂੰਨ ਮੰਨਿਆ ਨਾ ਮੰਨਣਗੇ। ਇਸ ਦੇ ਉਲਟ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਭਾਵੇਂ ਜਿੰਨੀਆਂ ਮਰਜ਼ੀ ਇੱਕਤਰਤਾਂ ਕਰ ਲੈਣ 20 ਦਿਨ ਬਾਅਦ ਵੀ ਇਹ ਕਾਨੂੰਨ ਨਹੀਂ ਬਦਲਿਆ ਜਾਊਗਾ ਬੇਅਦਬੀ ਕਰਨ ਵਾਲੇ ਨੂੰ ਸਖਤ ਸਜਾਵਾਂ ਦਿੱਤੀਆਂ ਜਾਣਗੀਆਂ ਕਾਨੂੰਨ ਸੰਗਤਾਂ ਨੂੰ ਤਾਂ ਮਨਜ਼ੂਰ ਹੈ ਪਰ ਇਹਨਾਂ ਦੇ ਆਕਾਵਾਂ ਨੂੰ ਇੱਹ ਕਾਨੂੰਨ ਮਨਜ਼ੂਰ ਨਹੀਂ ਹੈ। ਅਕਾਲ ਤਖਤ ਦੇ ਜਥੇਦਾਰ ਨੇ ਕਿਹਾ ਕਿ ਇੱਹ ਕਾਨੂੰਨ ਸਿੱਖਾਂ ਨੂੰ ਸਿੱਖੀ ਨਾਲੋਂ ਤੋੜਨ ਵਾਲਾ ਕਾਨੂੰਨ ਹੈ ਜਿੰਨਾ ਚਿਰ ਕਾਨੂੰਨ ਬਾਰੇ ਸ਼ਾਹਮਤੀ ਨਹੀਂ ਹੁੰਦੀ ਉਹਨਾਂ ਚਿਰ ਇਸ ਤੇ ਰੋਕ ਲਾਈ ਜਾਵੇ ਜਥੇਦਾਰ ਨੇ ਕਿਹਾ ਕਿ ਐਸਜੀਪੀਸੀ ਦੀ ਮਨਜ਼ੂਰੀ ਤੋਂ ਬਿਨਾਂ ਸਿੱਖਾਂ ਤੇ ਕੋਈ ਕਾਨੂੰਨ ਨਹੀਂ ਬਣ ਸਕਦਾ। ਤਾਂ ਮੁੱਖ ਮੰਤਰੀ ਸਰਦਾਰ ਮਾਨ ਨੇ ਕਿਹਾ ਇੱਸ ਨੂੰ ਪੰਜਾਬ ਵਿਧਾਨ ਸਭਾ ਦੀ ਬਹੁਮਤ ਨਾਲ ਪਾਸ ਹੋਇਆ ਤੇ ਲਾਗੂ ਹੋਇਆ ਜਿਨਾਂ ਨੇ ਬੇਅਦਬੀਆਂ ਕਰਵਾਈਆਂ ਹਨ ਉਹਨਾਂ ਨੂੰ ਡਰ ਪੈ ਗਿਆ ਹੈ ਇਸ ਕਰਕੇ ਇਹ ਕਾਨੂੰਨ ਬਾਦਲ ਪਰਿਵਾਰ ਨੂੰ ਮਨਜ਼ੂਰ ਨਹੀਂ ਆ । ਉਹਨਾਂ ਕਿਹਾ ਕਿ ਬੇਅਦਬੀਆਂ ਨੂੰ ਰੋਕਣ ਵਾਸਤੇ ਕਾਨੂੰਨ ਬਣਾਇਆ ਗਿਆ ਹੈ ਇਹ ਲਾਗੂ ਹੋ ਚੁੱਕਿਆ ਹੁਣ ਨਾ ਸੋਧ ਹੋਣੀ ਨਾ ਵਾਪਸ ਲਿਆ ਜਾਵੇਗਾ ਸਰਦਾਰ ਮਾਨ ਨੇ ਕਿਹਾ ਅਕਾਲੀ ਦਲ ਬਾਦਲ ਅਤੇ ਕਾਂਗਰਸ ਨੇ ਰਲ ਕੇ ਹਾਈ ਕੋਰਟ ਵਿੱਚ ਇਸ ਕਾਨੂੰਨ ਨੂੰ ਵਾਪਸ ਲੈਣ ਵਾਸਤੇ ਰਿਟ ਪਾਈ ਸੀ ਪਰ ਬੜੀ ਖੁਸ਼ੀ ਦੀ ਗੱਲ ਹੈ ਹਾਈ ਕੋਰਟ ਨੇ ਇਹ ਰਿਟ ਖਾਰਜ ਕਰਕੇ ਰਿਟ ਪਾਉਣ ਵਾਲਿਆਂ ਨੂੰ 10 ਹਜ਼ਾਰ ਜੁਰਮਾਨਾ ਕਰਤਾ ਹੈ।

## ਨਵੇਂ ਸੋਧ ਕਾਨੂੰਨ ਕਾਰਨ ਸੂਬੇ 'ਚ ਮੁੜ

ਮੱਥਾ ਟੇਕਣ ਤੋਂ ਬਾਅਦ ਯਾਤਰਾ ਹੁਣ ਸਮਾਪਤ ਹੋ ਗਈ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਯਾਤਰਾ ਦੌਰਾਨ ਲੋਕਾਂ ਵੱਲੋਂ ਦਿਖਾਏ ਗਏ ਪਿਆਰ ਨੇ ਸਰਕਾਰ ਨੂੰ ਹੋਰ ਵੀ ਜ਼ਿਆਦਾ ਹਲੀਮੀ, ਲੋਕਾਂ ਦੀਆਂ ਇੱਛਾਵਾਂ ਪ੍ਰਤੀ ਜ਼ਿੰਮੇਵਾਰੀ ਅਤੇ ਉਨ੍ਹਾਂ ਦੇ ਹੁਕਮਾਂ ਪ੍ਰਤੀ ਜਵਾਬਦੇਹੀ ਨਾਲ ਭਰ ਦਿੱਤਾ ਹੈ। ਉਨ੍ਹਾਂ ਕਿਹਾ, "ਪੰਜਾਬੀ ਆਪਣੀ ਸਰਕਾਰ ਵੱਲੋਂ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਲਾਗੂ ਕਰਨ ਤੋਂ ਬਹੁਤ ਖੁਸ ਹਨ, ਜਿਸ ਵਿੱਚ ਬੇਅਦਬੀ ਦੇ ਵਿਰੁੱਧ ਸਖਤ ਸਜਾ ਦੀ ਵਿਵਸਥਾ ਹੈ।"

ਪਿੰਡ-ਪਿੰਡ ਜਾ ਕੇ ਕਾਨੂੰਨ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦੀ ਅਪੀਲ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਘਿਨਾਉਣੇ ਅਪਰਾਧ ਵਿੱਚ ਸਾਮਲ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਨਾਲ ਹੁਣ ਕਰੜੇ ਹੱਥੀਂ ਨਜਿੱਠਿਆ ਜਾਵੇਗਾ ਅਤੇ ਸਖ਼ਤ ਸਜ਼ਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦਾ ਬੇਅਦਬੀ ਨੂੰ ਰੋਕਣ ਲਈ ਕਾਨੂੰਨ ਬਣਾਉਣ ਦਾ ਨਾ ਤਾਂ ਇਰਾਦਾ ਸੀ ਅਤੇ ਨਾ ਹੀ ਇੱਛਾ ਸਕਤੀ, ਜਿਸ ਕਾਰਨ ਉਨ੍ਹਾਂ ਦੇ ਸਾਸਨਕਾਲ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਾਰ-ਵਾਰ ਹੁੰਦੀ ਰਹੀ। ਉਨ੍ਹਾਂ ਕਿਹਾ, "ਹੁਣ ਪੰਜਾਬ ਸਰਕਾਰ ਵੱਲੋਂ ਪਾਸ ਕੀਤਾ ਗਿਆ ਇਹ ਇਤਿਹਾਸਕ ਐਕਟ ਇਸ ਨਾ-ਮੁਆਫੀਯੋਗ ਅਪਰਾਧ ਨੂੰ ਖਤਮ ਕਰ ਦੇਵੇਗਾ, ਕਿਉਂਕਿ ਕੋਈ ਵੀ ਦੁਬਾਰਾ ਅਜਿਹੀਆਂ ਕਾਰਵਾਈਆਂ ਕਰਨ ਦੀ ਹਿੰਮਤ ਨਹੀਂ ਕਰੇਗਾ।"

ਅਕਾਲੀ ਲੀਡਰਸ਼ਿਪ 'ਤੇ ਤਿੱਖਾ ਹਮਲਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਭਰ ਵਿੱਚ ਬੇਅਦਬੀ ਦੀਆਂ ਘਟਨਾਵਾਂ ਦਾ ਵਿਰੋਧ ਕਰਨ ਲਈ ਇਕੱਠੇ ਹੋਏ ਨਿਰਦੋਸ ਲੋਕਾਂ 'ਤੇ ਗੋਲੀਬਾਰੀ ਕਰਨ ਦੇ ਹੁਕਮ ਦਿੱਤੇ ਹਨ। ਉਨ੍ਹਾਂ ਟਿੱਪਣੀ ਕੀਤੀ ਕਿ ਅਕਾਲੀਆਂ 'ਤੇ "ਪੀੜ੍ਹੀਆਂ ਦੀ ਨਸਲਕੁਸੀ" ਦਾ ਮੁਕੱਦਮਾ ਦਰਜ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਨਸ਼ਿਆਂ ਦੇ ਕਾਰੋਬਾਰ ਨੂੰ ਉਨ੍ਹਾਂ ਦੇ ਸਾਸਨ ਦੌਰਾਨ ਸਰਪ੍ਰਸਤੀ ਦਿੱਤੀ ਗਈ ਸੀ ਅਤੇ ਉਨ੍ਹਾਂ ਦੇ ਲੰਬੇ ਕੁਸਾਸਨ ਦੌਰਾਨ ਇਹ ਵਧਿਆ-ਫੁੱਲਿਆ ਸੀ। ਉਨ੍ਹਾਂ ਕਿਹਾ, "ਉਨ੍ਹਾਂ ਆਗੂਆਂ ਦੇ ਹੱਥ ਲੱਖਾਂ ਨੌਜਵਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ ਜੋ ਸਰਕਾਰੀ ਵਾਹਨਾਂ ਰਾਹੀਂ ਵੀ ਸੂਬੇ ਵਿੱਚ ਸਪਲਾਈ ਕੀਤੇ ਜਾਂਦੇ ਨਸ਼ਿਆਂ ਦਾ ਸ਼ਿਕਾਰ ਹੋ ਗਏ ਸਨ।"

ਮੁੱਖ ਮੰਤਰੀ ਨੇ ਕਿਹਾ, "ਇਹ ਪਾਪ ਮੁਆਫ ਕਰਨ ਯੋਗ ਨਹੀਂ ਹਨ ਅਤੇ ਪੰਜਾਬੀ ਇਨ੍ਹਾਂ ਨੂੰ ਕਦੇ ਵੀ ਮੁਆਫ ਨਹੀਂ ਕਰਨਗੇ।" ਉਨ੍ਹਾਂ ਕਿਹਾ ਕਿ ਅਕਾਲੀ ਲੀਡਰਸ਼ਿਪ ਨੇ ਗੁਰਬਾਣੀ ਦੇ ਨਾਮ 'ਤੇ ਵਾਰ-ਵਾਰ ਵੋਟਾਂ ਮੰਗਣ ਦੇ ਬਾਵਜੂਦ ਬੇਅਦਬੀ ਦੀਆਂ ਘਟਨਾਵਾਂ ਰਾਹੀਂ ਪੰਜਾਬੀਆਂ ਦੇ ਹਿਰਦਿਆਂ ਨੂੰ ਗਹਿਰੀ ਠੇਸ ਪਹੁੰਚਾਈ ਹੈ।

ਅਕਾਲੀ ਸਾਸਨ ਦੌਰਾਨ ਵਿਕਾਸ ਬਾਰੇ ਸਾਬਕਾ ਉਪ ਮੁੱਖ ਮੰਤਰੀ ਦੇ ਦਾਅਵਿਆਂ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਬੇਅਦਬੀ ਦੀਆਂ ਘਟਨਾਵਾਂ ਦੁਖਾਂਤ ਨੂੰ ਆਸਾਨੀ ਨਾਲ ਨਜਰਅੰਦਾਜ ਕਰ ਦਿੱਤਾ ਜਿੱਥੇ ਮਾਸੂਮ ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ। ਉਨ੍ਹਾਂ ਕਿਹਾ ਕਿ ਅਕਾਲੀ ਆਗੂਆਂ ਨੇ ਆਪਣੇ ਜਾਲਮ ਸਾਸਨ ਦੌਰਾਨ ਪੰਜਾਬ ਨੂੰ ਬੇਰਹਿਮੀ ਨਾਲ ਲੁੱਟਿਆ ਅਤੇ ਆਮ ਲੋਕਾਂ 'ਤੇ ਜੁਲਮ ਢਾਹੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀਆਂ ਨੇ ਪੰਜਾਬ ਵਿੱਚ ਮਾਫੀਏ ਨੂੰ ਸਰਪ੍ਰਸਤੀ ਦਿੱਤੀ ਅਤੇ ਨਸ਼ਿਆਂ ਅਤੇ ਭ੍ਰਿਸਟਾਚਾਰ ਰਾਹੀਂ ਪੀੜ੍ਹੀਆਂ ਬਰਬਾਦ ਕੀਤੀਆਂ। ਸੁਖਬੀਰ ਬਾਦਲ 'ਤੇ ਚੁਟਕੀ ਲੈਂਦਿਆਂ ਉਨ੍ਹਾਂ ਕਿਹਾ, "ਅਕਾਲੀਆਂ ਦਾ ਲੋਕਾਂ ਨਾਲ ਸੰਪਰਕ ਪੂਰੀ ਤਰ੍ਹਾਂ ਟੁੱਟ ਗਿਆ ਹੈ ਅਤੇ ਹੁਣ ਰੈਲੀਆਂ ਵਿੱਚ ਭੀੜ ਜੁਟਾਉਣ ਲਈ ਭਾੜੇ ਉਤੇ ਲਿਆਂਦੇ ਵਰਕਰਾਂ 'ਤੇ ਨਿਰਭਰ ਹੋ ਗਏ ਹਨ। ਹਰ ਅਕਾਲੀ ਰੈਲੀ ਵਿੱਚ ਉਹੀ ਭੀੜ ਦੇਖੀ ਜਾ ਸਕਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਜਿਹੜੇ ਲੋਕ ਕਦੇ ਦਾਅਵਾ ਕਰਦੇ ਸਨ ਕਿ ਉਹ 25 ਸਾਲ ਪੰਜਾਬ 'ਤੇ ਰਾਜ ਕਰਨਗੇ, ਹੁਣ ਉਨ੍ਹਾਂ ਨੂੰ ਸੂਬੇ ਦੇ ਸੂਝਵਾਨ ਤੇ ਬਹਾਦਰ ਲੋਕਾਂ ਨੇ ਰਾਜਨੀਤਿਕ ਤੌਰ 'ਤੇ ਰੱਦ ਕਰ ਦਿੱਤਾ ਹੈ।"

ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਮੌਕਾਪ੍ਰਸਤ ਆਗੂਆਂ ਨੇ ਆਪਣੀ ਸਹੂਲਤ ਅਤੇ ਸਿਆਸੀ ਹਿੱਤਾਂ ਮੁਤਾਬਕ ਗਿਰਗਿਟ ਵਾਂਗ ਰੰਗ ਬਦਲੇ। ਉਨ੍ਹਾਂ ਦੱਸਿਆ ਕਿ ਬੇਅਦਬੀ ਲਈ ਜ਼ਿੰਮੇਵਾਰ ਲੋਕ ਇੱਕ ਵਾਰ ਸ੍ਰੀ ਅਕਾਲ ਤਖਤ ਸਾਹਿਬ 'ਤੇ ਪੇਸ ਹੋਏ ਸਨ ਅਤੇ ਉਨ੍ਹਾਂ ਨੇ ਆਪਣੇ ਜੁਰਮ ਜਨਤਕ ਤੌਰ 'ਤੇ ਕਬੂਲੇ ਸਨ ਪਰ ਬਾਅਦ ਵਿੱਚ ਜਦੋਂ ਇਹ ਉਨ੍ਹਾਂ ਦੇ ਸਿਆਸੀ ਮਨਸੂਬਿਆਂ ਦੇ ਫਿੱਟ ਨਹੀਂ ਬੈਠਾ ਤਾਂ ਉਨ੍ਹਾਂ ਨੇ ਪੂਰੀ ਤਰ੍ਹਾਂ ਪਲਟੀ ਮਾਰ ਲਈ। ਉਨ੍ਹਾਂ ਕਿਹਾ, "ਪੰਜਾਬ ਇਨ੍ਹਾਂ ਆਗੂਆਂ ਦੇ ਅਸਲੀ ਚਿਹਰੇ ਨੂੰ ਚੰਗੀ ਤਰ੍ਹਾਂ ਪਛਾਣਦਾ ਹੈ, ਜਿਨ੍ਹਾਂ ਨੇ ਵਾਰ-ਵਾਰ ਆਪਣੀਆਂ ਸੌੜੀਆਂ ਸਿਆਸੀ ਚਾਲਾਂ ਰਾਹੀਂ ਲੋਕਾਂ ਨੂੰ ਗੁੰਮਰਾਹ ਕੀਤਾ।"

ਮੁੱਖ ਮੰਤਰੀ ਨੇ ਕਿਹਾ ਕਿ ਉਹੀ ਲੋਕ ਜਿਨ੍ਹਾਂ ਨੂੰ ਕਦੇ ਅਜੇਤੂ ਮੰਨਿਆ ਜਾਂਦਾ ਸੀ, ਪਰ ਅੱਜ ਉਨ੍ਹਾਂ ਨੂੰ ਆਪਣੀ ਪਾਰਟੀ ਲਈ ਕਮੇਟੀ ਬਣਾਉਣ ਵਾਸਤੇ ਪੰਜ ਮੈਂਬਰ ਵੀ ਨਹੀਂ ਮਿਲ ਰਹੇ। ਉਨ੍ਹਾਂ ਪੰਜਾਬੀਆਂ ਨੂੰ ਯਾਦ ਦਿਵਾਇਆ ਕਿ ਇਨ੍ਹਾਂ ਆਗੂਆਂ ਨੇ ਗੈਂਗਸਟਰਾਂ ਨੂੰ ਸਰਪ੍ਰਸਤੀ ਦਿੱਤੀ ਅਤੇ ਨਸਾ ਤਸਕਰਾਂ ਨੂੰ ਸ਼ਰਨ ਦਿੱਤੀ ਜਿਨ੍ਹਾਂ ਨੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਸੁੱਟ ਦਿੱਤਾ। ਉਨ੍ਹਾਂ ਕਿਹਾ, "ਲੋਕਾਂ ਨੇ ਉਨ੍ਹਾਂ 'ਤੇ ਵਾਰ-ਵਾਰ ਭਰੋਸਾ ਕੀਤਾ ਪਰ ਉਨ੍ਹਾਂ ਨੇ ਹਰ ਵਾਰ ਪੰਜਾਬ ਅਤੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀਆਂ ਨੇ ਆਪਣੇ ਨਿੱਜੀ ਸਿਆਸੀ ਹਿੱਤਾਂ ਦੀ ਪੂਰਤੀ ਲਈ ਧਰਮ ਦੀ ਦੁਰਵਰਤੋਂ ਕੀਤੀ ਅਤੇ ਇਸ ਲਈ ਲੋਕਾਂ ਉਨ੍ਹਾਂ ਨੂੰ ਕਦੇ ਵੀ ਮੁਆਫ ਨਹੀਂ ਕਰਨਗੇ। ਉਨ੍ਹਾਂ ਕਿਹਾ, "ਆਪ ਸਰਕਾਰ ਖੁਸਕਿਸਮਤ ਹੈ ਕਿ ਉਨ੍ਹਾਂ ਨੂੰ ਇਸ ਇਤਿਹਾਸਕ ਕਾਨੂੰਨ ਨੂੰ ਲਾਗੂ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ ਜਿਸ ਨਾਲ ਭਵਿੱਖ ਵਿੱਚ ਬੇਅਦਬੀ ਦੀਆਂ ਘਟਨਾਵਾਂ ਨੂੰ ਸਥਾਈ ਤੌਰ 'ਤੇ ਰੋਕਿਆ ਜਾ ਸਕੇਗਾ।" ਉਨ੍ਹਾਂ ਬੇਅਦਬੀ ਦੀਆਂ ਘਟਨਾਵਾਂ ਨੂੰ ਪੰਜਾਬ ਵਿੱਚ ਸਾਂਤੀ ਅਤੇ ਭਾਈਚਾਰਕ ਸਾਂਝ ਨੂੰ ਭੰਗ ਕਰਨ ਦੇ ਉਦੇਸ ਨਾਲ ਰਚੀ ਗਹਿਰੀ ਸਾਜ਼ਿਸ ਦੱਸਿਆ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਕਾਨੂੰਨ ਵਿੱਚ ਬੇਅਦਬੀ ਦੀਆਂ ਘਟਨਾਵਾਂ ਵਿੱਚ ਦੋਸੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਲਈ ਮਿਸਾਲੀ ਸਜਾ ਦੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਭਵਿੱਖ ਵਿੱਚ ਇੱਕ ਸਕਤੀਸਾਲੀ ਰੋਕਥਾਮ ਵਜੋਂ ਕੰਮ ਕਰੇਗਾ। ਉਨ੍ਹਾਂ ਕਿਹਾ, "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਲਈ ਪਿਤਾ ਵਾਂਗ ਹਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਣਾ ਸਾਡਾ ਪਵਿੱਤਰ ਫਰਜ ਹੈ।" ਉਨ੍ਹਾਂ ਕਿਹਾ ਕਿ ਦੁਨੀਆ ਭਰ ਦੇ ਸਿੱਖ ਇਸ ਇਤਿਹਾਸਕ ਕਾਨੂੰਨ ਦੇ ਲਾਗੂ ਹੋਣ 'ਤੇ ਬੇਹੱਦ ਖੁਸ ਹਨ ਅਤੇ ਸਰਕਾਰ ਦਾ ਧੰਨਵਾਦ ਕਰ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਸੁਕਰਾਨਾ ਯਾਤਰਾ' ਦਾ ਇੱਕੋ ਇੱਕ ਉਦੇਸ ਇਸ ਵਿਸ਼ੇਸ਼ ਕਾਨੂੰਨ ਨੂੰ ਲਾਗੂ ਕਰਨ ਲਈ ਸਰਕਾਰ ਨੂੰ ਹਿੰਮਤ ਅਤੇ ਤਾਕਤ ਦੇਣ ਲਈ ਵਾਹਿਗੁਰੂ ਦਾ ਸ਼ੁਕਰਾਨਾ ਕਰਨਾ ਹੈ। ਵਧਦੀ ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਜੋ ਆਗੂ ਗਰਮੀ ਦੇਖ ਕੇ ਹੀ ਆਪਣੇ ਘਰਾਂ ਤੋਂ ਬਾਹਰ ਨਿਕਲਦੇ ਹਨ ਉਨ੍ਹਾਂ ਦੇ ਉਲਟ ਉਹ ਹਮੇਸ਼ਾ ਲੋਕਾਂ ਦੀ ਭਲਾਈ ਲਈ ਉਨ੍ਹਾਂ ਨਾਲ ਵਿਚਰਦੇ ਹਨ।

ਕਾਨੂੰਨ ਦੇ ਹੋ ਰਹੇ ਵਿਰੋਧ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਮੰਦਭਾਗਾ ਹੈ ਕਿ ਹੁਣ ਵੀ ਕੁਝ ਲੋਕ ਕਾਨੂੰਨ ਦਾ ਵਿਰੋਧ ਕਰ ਰਹੇ ਹਨ। ਅਕਾਲੀ ਦਲ ਅਤੇ ਕਾਂਗਰਸ, ਦੋਵਾਂ ਨੇ ਕਾਨੂੰਨ ਨੂੰ ਰੱਦ ਕਰਨ ਲਈ ਹਾਈ ਕੋਰਟ ਤੱਕ ਪਹੁੰਚ ਕੀਤੀ ਸੀ। ਉਨ੍ਹਾਂ ਕਿਹਾ ਕਿ ਪਰ ਹਾਈ ਕੋਰਟ ਨੇ ਨਾ ਸਿਰਫ ਪਟੀਸਨ ਨੂੰ ਖਾਰਜ ਕਰ ਦਿੱਤਾ ਸਗੋਂ ਉਨ੍ਹਾਂ 'ਤੇ 10,000 ਰੁਪਏ ਦਾ ਜੁਰਮਾਨਾ ਵੀ ਲਗਾਇਆ ਅਤੇ ਉਨ੍ਹਾਂ ਨੂੰ ਬਾਹਰ ਦਾ ਰਸਤਾ ਦਿਖਾ ਦਿੱਤਾ।" ਉਨ੍ਹਾਂ ਕਿਹਾ ਕਿ ਕਾਨੂੰਨ ਦਾ ਵਿਰੋਧ ਕਰਨ ਵਾਲਿਆਂ ਨੂੰ ਡਰ ਸੀ ਕਿ ਇਸ ਨਾਲ ਬੇਅਦਬੀ ਦੀਆਂ ਘਟਨਾਵਾਂ ਵਿੱਚ ਉਨ੍ਹਾਂ ਦੀ ਸਮੂਲੀਅਤ ਬੇਨਕਾਬ ਹੋ ਸਕਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਨੇ ਬਾਬਾ ਨਾਨਕ ਦੇ ਨਾਮ 'ਤੇ ਇਨ੍ਹਾਂ ਪਾਰਟੀਆਂ 'ਤੇ ਭਰੋਸਾ ਕੀਤਾ ਸੀ ਪਰ ਇਸ ਦੀ ਬਜਾਏ ਉਨ੍ਹਾਂ ਨੇ ਪਵਿੱਤਰ ਗ੍ਰੰਥਾਂ ਨੂੰ ਸੜਕਾਂ ਅਤੇ ਕੂੜੇ ਦੇ ਢੇਰਾਂ 'ਤੇ ਸੁੱਟ ਕੇ ਗੁਰਬਾਣੀ ਦਾ ਨਿਰਾਦਰ ਕੀਤਾ। ਉਨ੍ਹਾਂ ਕਿਹਾ ਕਿ ਸਾਂਤਮਈ ਇਕੱਠਾਂ 'ਤੇ ਗੋਲੀਆਂ ਚਲਾਈਆਂ ਗਈਆਂ ਅਤੇ ਸਿੱਖਾਂ ਨੂੰ ਸਹੀਦ ਕੀਤਾ ਗਿਆ ਫਿਰ ਵੀ ਬਹਾਨਾ ਬਣਾਇਆ ਗਿਆ ਕਿ ਪੁਲਿਸ ਇਹ ਪਛਾਣ ਨਹੀਂ ਕਰ ਸਕੀ ਕਿ ਗੋਲੀਆਂ ਕਿਸਨੇ ਚਲਾਈਆਂ ਸਨ। ਉਨ੍ਹਾਂ ਅੱਗੇ ਕਿਹਾ, "ਇਸ ਸਭ ਦੇ ਬਾਵਜੂਦ ਉਹ ਲੋਕਾਂ ਵਿਚਕਾਰ ਬੇਸਰਮੀ ਨਾਲ ਘੁੰਮ ਰਹੇ ਹਨ।"

ਸੁਖਬੀਰ ਬਾਦਲ 'ਤੇ ਇੱਕ ਹੋਰ ਚੁਟਕੀ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਅਜੇ ਵੀ ਮਾਣ ਨਾਲ ਕਹਿੰਦੇ ਹਨ ਕਿ "ਮੇਰੀ ਵਾਰੀ ਆਉਣ ਦਿਓ" ਪਰ ਭੁੱਲ ਜਾਂਦੇ ਹਨ ਕਿ ਅਕਾਲੀ ਦਲ ਨੂੰ ਪਹਿਲਾਂ ਹੀ ਪੰਜ ਵਾਰ ਸੂਬੇ ਦੇ ਲੋਕ ਸੱਤਾ ਦੇ ਚੁੱਕੇ ਹਨ ਅਤੇ ਪੰਜਾਬੀਆਂ ਨੇ ਉਨ੍ਹਾਂ ਦੇ ਸਾਰੇ ਮਾੜੇ ਕੰਮ ਦੇਖੇ ਹਨ। ਉਨ੍ਹਾਂ ਕਿਹਾ, "ਹੁਣ ਜੇਕਰ ਉਨ੍ਹਾਂ ਦੀ ਕੋਈ ਵਾਰੀ ਆਵੇਗੀ ਤਾਂ ਉਹ ਜੇਲ੍ਹ ਜਾਣ ਦੀ ਵਾਰੀ ਹੋਵੇਗੀ, ਕਿਉਂਕਿ ਪੰਜਾਬੀ ਆਪਣੇ ਨਾਲ ਹੋਏ ਅਨਿਆਂ ਲਈ ਇਨਸਾਫ ਚਾਹੁੰਦੇ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਲੋਕਾਂ ਦਾ ਰਿਣੀ ਹਾਂ ਕਿਉਂਕਿ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਅਜਿਹਾ ਕਾਨੂੰਨ ਬਣਾਉਣ ਲਈ ਅਰਦਾਸ ਕੀਤੀ ਸੀ। ਯਾਤਰਾ ਦੌਰਾਨ ਲੋਕਾਂ ਵੱਲੋਂ ਮਿਲਿਆ ਭਰਵਾਂ ਹੁੰਗਾਰਾ, ਪਿਆਰ ਅਤੇ ਉਤਸਾਹ ਇਹ ਦਰਸਾਉਂਦਾ ਹੈ ਕਿ ਪੁਰਾਣੇ ਜਖਮ ਆਖਰਕਾਰ ਠੀਕ ਹੋਣੇ ਸੁਰੂ ਹੋ ਗਏ ਹਨ ਅਤੇ ਪੰਜਾਬੀ ਆਪਣੇ ਦਿਲਾਂ ਵਿੱਚ ਦੁਬਾਰਾ ਸਾਂਤੀ ਮਹਿਸੂਸ ਕਰ ਰਹੇ ਹਨ।" ਉਨ੍ਹਾਂ ਅੱਗੇ ਕਿਹਾ ਕਿ ਕੁਝ ਵਿਅਕਤੀ ਅਜੇ ਵੀ ਕਾਨੂੰਨ ਦਾ ਵਿਰੋਧ ਕਰ ਰਹੇ ਹਨ। ਕਿਉਂਕਿ ਉਹ ਖੁਦ ਕਿਤੇ ਨਾ ਕਿਤੇ ਇਨ੍ਹਾਂ ਕੰਮਾਂ ਵਿੱਚ ਸ਼ਾਮਲ ਸਨ। ਉਨ੍ਹਾਂ ਕਿਹਾ, "ਇਸ ਕਾਨੂੰਨ ਦਾ ਵਿਰੋਧ ਕਰਨ ਵਾਲਾ ਕੋਈ ਵੀ ਵਿਅਕਤੀ ਅਸਲ ਵਿੱਚ ਗੁਰੂ ਦਾ ਦੋਖੀ ਸਮਝਿਆ ਜਾਵੇਗਾ, ਕਿਉਂਕਿ ਅਜਿਹੇ ਲੋਕ ਅਸਲ ਵਿੱਚ ਗੁਰੂ ਨੂੰ ਪਿਆਰ ਨਹੀਂ ਕਰਦੇ ਅਤੇ ਉਨ੍ਹਾਂ ਦੇ ਦਿਲਾਂ ਵਿੱਚ ਬੇਈਮਾਨੀ ਹੈ।"

ਮੁੱਖ ਮੰਤਰੀ ਨੇ ਸਪੱਸਟ ਕੀਤਾ ਕਿ ਕਾਨੂੰਨ ਵਾਪਸ ਲੈਣ ਦਾ ਕੋਈ ਸਵਾਲ ਹੀ ਪੈਦਾ ਨਹੀਂ ਹੁੰਦਾ ਕਿਉਂਕਿ ਸਾਰੇ ਨਿਯਮ ਅਤੇ ਕਾਨੂੰਨ ਸੰਤ ਸਮਾਜ, ਉੱਘੇ ਸਿੱਖ ਵਕੀਲਾਂ ਅਤੇ ਦੇਸ ਭਰ ਦੇ ਸੇਵਾ-ਮੁਕਤ ਜੱਜਾਂ ਨਾਲ ਸਲਾਹ-ਮਸਵਰਾ ਕਰਨ ਤੋਂ ਬਾਅਦ ਬਣਾਏ ਗਏ ਹਨ। ਉਨ੍ਹਾਂ ਨੇ ਯਾਤਰਾ ਦੌਰਾਨ ਉਨ੍ਹਾਂ ਦਾ ਸਨਮਾਨ ਕਰਨ ਲਈ ਸੰਗਤ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਰਸਤੇ ਵਿੱਚ ਭਾਰੀ ਇਕੱਠ ਹੋਣ ਕਾਰਨ ਹੋਈ ਦੇਰੀ ਦੇ ਚਲਦਿਆਂ ਬਹੁਤ ਸਾਰੇ ਲੋਕਾਂ ਨੂੰ ਘੰਟਿਆਂ ਤੱਕ ਇੰਤਜਾਰ ਕਰਨਾ ਪਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ ਦੇਰ ਰਾਤ ਤੱਕ ਤੇਜ ਗਰਮੀ ਵਿੱਚ ਖੜ੍ਹੇ ਰਹੇ ਜਿਸ ਲਈ ਉਹ ਉਨ੍ਹਾਂ ਦੇ ਤਹਿ ਦਿਲੋਂ ਧੰਨਵਾਦੀ ਹਨ।

ਪੰਜਾਬ ਵਿੱਚ ਈਡੀ ਦੀਆਂ ਕਾਰਵਾਈਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਨੂੰ ਪਿਆਰ ਨਹੀਂ ਕਰਦੀ ਅਤੇ ਪੰਜਾਬ ਨਾਲ ਗੁੱਸੇ ਵਾਲਾ ਵਤੀਰਾ ਅਪਨਾ ਰਹੀ ਹੈ, ਕਿਉਂਕਿ ਉਸ ਨੂੰ ਖੇਤੀ ਕਾਨੂੰਨ ਵਾਪਸ ਲੈਣ ਲਈ ਮਜਬੂਰ ਕੀਤਾ ਗਿਆ ਸੀ। ਉਨ੍ਹਾਂ ਅੱਗੇ ਕਿਹਾ, "ਪ੍ਰਧਾਨ ਮੰਤਰੀ ਮੋਦੀ ਨੇ ਕਾਨੂੰਨ ਵਾਪਸ ਲੈਣ ਨੂੰ ਆਪਣੀ ਨਿੱਜੀ ਹਾਰ ਸਮਝਿਆ, ਜਿਸ ਕਾਰਨ ਹੁਣ ਸੂਬੇ ਵਿੱਚ ਅਜਿਹੀਆਂ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।"

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨਾਲ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ, ਬੀਬੀਐਮਬੀ, ਐਸਵਾਈਐਲ, ਹਰੀਕੇ ਨਹਿਰ, ਗਣਤੰਤਰ ਦਿਵਸ ਦੀਆਂ ਝਾਕੀਆਂ, ਆਰਡੀਐਫ ਫੰਡ ਅਤੇ ਸਰਹੱਦੀ ਖੇਤਰ ਦੀਆਂ ਗ੍ਰਾਂਟਾਂ ਸਮੇਤ ਕਈ ਮੁੱਦਿਆਂ 'ਤੇ ਕੇਂਦਰ ਵੱਲੋਂ ਵਾਰ-ਵਾਰ ਬੇਇਨਸਾਫੀ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਵਿਤਕਰੇ ਦੇ ਬਾਵਜੂਦ, ਪੰਜਾਬ ਨੇ ਦੇਸ ਦਾ ਢਿੱਡ ਭਰਨਾ ਜਾਰੀ ਰੱਖਿਆ ਹੈ ਅਤੇ ਇਸ ਸਾਲ ਵੀ ਕੇਂਦਰੀ ਪੂਲ ਵਿੱਚ ਉਮੀਦ ਨਾਲੋਂ ਵੱਧ ਕਣਕ ਦਾ ਯੋਗਦਾਨ ਪਾਇਆ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਤਿਹਾਸਕ ਤੁਲਨਾ ਕਰਦਿਆਂ ਟਿੱਪਣੀ ਕੀਤੀ ਕਿ ਜਿਸ ਤਰ੍ਹਾਂ ਪੰਜਾਬ ਵਿੱਚ ਜਿਵੇਂ ਰਾਜਾ ਪੋਰਸ ਨੇ ਸਿਕੰਦਰ ਦੇ ਜੇਤੂ ਸਫਰ ਨੂੰ ਰੋਕਿਆ ਸੀ, ਉਸੇ ਤਰ੍ਹਾਂ ਜੇਕਰ ਉਨ੍ਹਾਂ ਦਾ ਪੰਜਾਬ ਵਿਰੁੱਧ ਬੇਇਨਸਾਫੀ ਅਤੇ ਜੁਲਮ ਜਾਰੀ ਰਿਹਾ ਪੰਜਾਬੀ ਵੀ ਭਾਜਪਾ ਦੇ "ਜੇਤੂ ਰੱਥ" ਨੂੰ ਰੋਕ ਦੇਣਗੇ,

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਜਪਾ ਨੂੰ ਸੂਬੇ ਵਿੱਚ ਫੁੱਟ ਪਾਉਣ ਦੀਆਂ ਕੋਸ਼ਿਸ਼ਾਂ ਵਿਰੁੱਧ ਚੇਤਾਵਨੀ ਦਿੰਦਿਆਂ ਕਿਹਾ, "ਪੰਜਾਬ ਵਿੱਚ ਹਰ ਬੀਜ ਉੱਗ ਸਕਦਾ ਹੈ, ਸਿਵਾਏ ਨਫਰਤ ਦੇ ਬੀਜ ਦੇ।" ਉਨ੍ਹਾਂ ਕਿਹਾ, "ਫੁੱਟ ਪਾਉਣੀ, ਦੰਗੇ, ਹਿੰਸਾ ਅਤੇ ਗੋਲੀਬਾਰੀ ਕਰਨਾ ਭਾਜਪਾ ਦਾ ਸਿਆਸੀ ਸੱਭਿਆਚਾਰ ਬਣ ਗਿਆ ਹੈ, ਪਰ ਪੰਜਾਬ ਕਦੇ ਵੀ ਫੁੱਟ ਪਾਉਣ ਅਤੇ ਭਾਈਚਾਰਕ ਸਾਂਝ ਨੂੰ ਢਾਹ ਲਾਉਣ ਵਰਗੀਆਂ ਸੌੜੀਆਂ ਚਾਲਾਂ ਨੂੰ ਸਫਲ ਨਹੀਂ ਹੋਣ ਦੇਵੇਗਾ। ਕਿਉਂਕਿ ਪੰਜਾਬੀ ਇਸ ਫਿਰਕੂ ਪਾਰਟੀ ਦੇ ਅਸਲ ਚਰਿੱਤਰ ਤੋਂ ਭਲੀ-ਭਾਂਤ ਜਾਣੂੰ ਹਨ।"

ਮੁੱਖ ਮੰਤਰੀ ਨੇ ਅੱਗੇ ਟਿੱਪਣੀ ਕੀਤੀ ਕਿ ਕੁਝ ਲੋਕ ਦਾਅਵਾ ਕਰਦੇ ਹਨ ਕਿ ਆਈਐਸਆਈ ਪੰਜਾਬ ਦੇ ਮਾਹੌਲ ਨੂੰ ਵਿਗਾੜਨ ਦੀ ਕੋਸ਼ਿਸ ਕਰ ਰਹੀ ਹੈ, ਪਰ ਉਨ੍ਹਾਂ ਤੰਜ ਕੱਸਦਿਆਂ ਕਿਹਾ,"ਭਾਜਪਾ ਖੁਦ ਆਈਐਸਆਈ ਵਾਂਗ ਵਿਵਹਾਰ ਕਰ ਰਹੀ ਹੈ।" ਉਨ੍ਹਾਂ ਅੱਗੇ ਕਿਹਾ ਕਿ ਭਾਵੇਂ ਹਰਿਆਣਾ, ਮਨੀਪੁਰ, ਬੰਗਾਲ, ਮਹਾਰਾਸ਼ਟਰ, ਬਿਹਾਰ ਜਾਂ ਗੁਜਰਾਤ ਦੀ ਗੱਲ ਕਰੀਏ, ਪਰ ਭਾਜਪਾ ਦਾ ਰਿਕਾਰਡ ਉਹੀ ਰਿਹਾ। ਉਨ੍ਹਾਂ ਕਿਹਾ, "ਉਹ ਫਿਰਕੂ ਹਿੰਸਾ ਭੜਕਾਉਂਦੇ ਹਨ, ਦੰਗੇ ਕਰਵਾਉਂਦੇ ਹਨ ਅਤੇ ਫਿਰ ਲੋਕਾਂ ਦੇ ਖੂਨ ਨਾਲ ਹੋਲੀ ਖੇਡਦੇ ਹਨ।" ਉਨ੍ਹਾਂ ਅੱਗੇ ਕਿਹਾ ਕਿ ਅਜਿਹੀ ਸਿਆਸਤ ਪੰਜਾਬ ਵਿੱਚ ਕਦੇ ਵੀ ਨਹੀਂ ਚਲੇਗੀ ਕਿਉਂਕਿ ਸੂਬਾ ਪਹਿਲਾਂ ਹੀ ਅਨੇਕਾਂ ਦੁਖਾਂਤ ਝੱਲ ਚੁੱਕਾ ਹੈ।

ਐਕਸ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ: "ਅੱਜ ਸ਼ਹੀਦਾਂ ਦੀ ਪਾਵਨ ਧਰਤੀ, ਫ਼ਤਿਹਗੜ੍ਹ ਸਾਹਿਬ ਵਿਖੇ ਮੱਥਾ ਟੇਕ ਕੇ ਸਾਡੀ ਚਾਰ ਦਿਨਾਂ ਦੀ 'ਸੁਕਰਾਨਾ ਯਾਤਰਾ' ਸਮਾਪਤ ਹੋਈ। ਇਹ ਯਾਤਰਾ ਸ੍ਰੀ ਅਨੰਦਪੁਰ ਸਾਹਿਬ ਤੋਂ ਸੁਰੂ ਹੋ ਕੇ ਵੱਖ-ਵੱਖ ਪਾਵਨ ਅਸਥਾਨਾਂ ਵਿੱਚੋਂ ਲੰਘੀ, ਇਸ ਦੌਰਾਨ ਅਸੀਂ ਉਸ ਵਾਹਿਗੁਰੂ ਦਾ ਧੰਨਵਾਦ ਕੀਤਾ ਜਿਸਨੇ ਸਾਨੂੰ ਬੇਅਦਬੀ ਵਿਰੁੱਧ ਸਖਤ ਕਾਨੂੰਨ ਬਣਾਉਣ ਦਾ ਬਲ ਬਖ਼ਸ਼ਿਆ। ਅਤਿ ਦੀ ਗਰਮੀ ਦੇ ਬਾਵਜੂਦ ਸਾਡੇ ਨਾਲ ਖੜ੍ਹੇ ਹੋਣ ਲਈ ਸੰਗਤ ਦਾ ਦਿਲੋਂ ਧੰਨਵਾਦ।"

ਮੁੱਖ ਮੰਤਰੀ ਨੇ ਕਿਹਾ, "'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2026' ਨੂੰ ਹੁਣ ਰਾਜਪਾਲ ਦੀ ਸਹਿਮਤੀ ਮਿਲ ਗਈ ਹੈ। ਸਿੱਖ ਵਿਦਵਾਨਾਂ ਅਤੇ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸਵਰੇ ਤੋਂ ਬਾਅਦ ਤਿਆਰ ਕੀਤਾ ਗਿਆ, ਇਸ ਸਖਤ ਕਾਨੂੰਨ ਨਾਲ ਕੋਈ ਵੀ ਦੋਸੀ ਹੁਣ ਸਜਾ ਤੋਂ ਨਹੀਂ ਬਚ ਸਕੇਗਾ। ਕਾਨੂੰਨ ਨੂੰ ਵਾਪਸ ਲਏ ਜਾਣ ਦੀਆਂ ਅਫਵਾਹਾਂ ਪੂਰੀ ਤਰ੍ਹਾਂ ਝੂਠੀਆਂ ਹਨ। ਇਸ ਦਾ ਵਿਰੋਧ ਕਰਨ ਵਾਲੇ ਅਸਲ ਵਿੱਚ ਗੁਰੂ ਸਾਹਿਬ ਵਿਰੁੱਧ ਕੰਮ ਕਰ ਰਹੇ ਹਨ।"

ਪੋਸਟ ਦੇ ਅੰਤ ਵਿੱਚ ਉਨ੍ਹਾਂ ਲਿਖਿਆ, "ਕੇਂਦਰ ਨੇ ਚੰਡੀਗੜ੍ਹ, ਐਸਵਾਈਐਲ, ਬੀਬੀਐਮਬੀ ਅਤੇ ਸਾਡੀਆਂ ਝਾਕੀਆਂ ਵਰਗੇ ਮੁੱਦਿਆਂ 'ਤੇ ਪੰਜਾਬ ਨਾਲ ਮਤਰੇਈ ਮਾਂ ਵਰਗਾ ਰਵੱਈਆ ਅਪਣਾਇਆ ਹੈ ਅਤੇ ਇਸ ਦੇ ਨਾਲ ਹੀ ਈਡੀ ਅਤੇ ਸੀਬੀਆਈ ਵਰਗੀਆਂ ਏਜੰਸੀਆਂ ਰਾਹੀਂ ਲੋਕਤੰਤਰ ਨੂੰ ਕਮਜੋਰ ਕੀਤਾ ਹੈ। ਪਰ ਇਹ ਯਾਦ ਰੱਖੋ: ਪੰਜਾਬ ਦੀ ਧਰਤੀ 'ਤੇ ਹਰ ਬੀਜ ਉੱਗ ਸਕਦਾ ਹੈ, ਸਿਵਾਏ ਨਫਰਤ ਦੇ ਬੀਜ ਦੇ। "ਤੁਹਾਡਾ ਲੋਕ ਸੇਵਕ" ਹਮੇਸਾ ਪੰਜਾਬ ਦੇ ਮਾਣ, ਸ਼ਾਨ ਅਤੇ ਹੱਕਾਂ ਦੀ ਰਾਖੀ ਲਈ ਮਜਬੂਤੀ ਨਾਲ ਖੜ੍ਹਾ ਰਹੇਗਾ।"

ਸ੍ਰੀ ਫ਼ਤਿਹਗੜ੍ਹ ਸਾਹਿਬ ਦੀ ਆਪਣੀ ਯਾਤਰਾ ਦੌਰਾਨ ਇੱਕ ਹੋਰ ਪੋਸਟ ਵਿੱਚ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ: "'ਸੁਕਰਾਨਾ ਯਾਤਰਾ' ਦੌਰਾਨ ਅੱਜ ਮੈਨੂੰ ਸ੍ਰੀ ਫ਼ਤਿਹਗੜ੍ਹ ਸਾਹਿਬ ਦੀ ਪਾਵਨ ਧਰਤੀ 'ਤੇ ਨਤਮਸਤਕ ਹੋਣ ਦਾ ਮੌਕਾ ਮਿਲਿਆ, ਜੋ ਵਿਸ਼ਵ ਦੇ ਇਤਿਹਾਸ ਵਿੱਚ ਸਭ ਤੋਂ ਮਹਾਨ ਕੁਰਬਾਨੀਆਂ ਦਾ ਗਵਾਹ ਹੈ। ਇਹ ਉਹੀ ਸਥਾਨ ਹੈ ਜਿੱਥੇ ਮਾਤਾ ਗੁਜਰੀ ਜੀ ਨੇ ਠੰਢੇ ਬੁਰਜ ਵਿੱਚ ਬੈਠ ਕੇ ਛੋਟੇ ਸਾਹਿਬਜਾਦਿਆਂ ਬਾਬਾ ਜੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ ਨੂੰ ਸੱਚ ਦੇ ਮਾਰਗ 'ਤੇ ਡਟ ਕੇ ਖੜ੍ਹਨ ਦੀ ਤਾਕਤ ਦਿੱਤੀ ਸੀ।"

ਉਨ੍ਹਾਂ ਅੱਗੇ ਲਿਖਿਆ, "ਉਨ੍ਹਾਂ ਛੋਟੇ ਸਾਹਿਬਜ਼ਾਦਿਆਂ ਨੇ ਆਪਣੇ-ਆਪ ਨੂੰ ਕੰਧਾਂ ਵਿੱਚ ਜਿੰਦਾ ਚਿਣਵਾਏ ਜਾਣਾ ਸਵੀਕਾਰ ਕਰ ਲਿਆ, ਪਰ ਜੁਲਮ ਅੱਗੇ ਝੁਕਣ ਤੋਂ ਸਾਫ਼ ਇਨਕਾਰ ਕਰ ਦਿੱਤਾ। ਉਸ ਬੇਮਿਸਾਲ ਵਿਰਾਸਤ ਤੋਂ ਪ੍ਰੇਰਿਤ ਹੋ ਕੇ, ਸਾਡੀ ਸਰਕਾਰ ਨੇ ਪੰਜਾਬ ਵਿੱਚ ਬੇਅਦਬੀ ਦੀ ਬੁਰਾਈ ਨੂੰ ਜੜ੍ਹੋਂ ਖਤਮ ਕਰਨ ਲਈ ਇੱਕ ਸਖਤ ਕਾਨੂੰਨ ਬਣਾਇਆ ਹੈ।"

ਪੋਸਟ ਦੇ ਅੰਤ ਵਿੱਚ ਉਨ੍ਹਾਂ ਲਿਖਿਆ,"ਜਿਸ ਧਰਤੀ 'ਤੇ ਸਾਹਿਬਜ਼ਾਦਿਆਂ ਨੇ ਵਿਸ਼ਵਾਸ ਅਤੇ ਧਰਮ ਦੀ ਰਾਖੀ ਲਈ ਆਪਣੇ ਆਪ ਨੂੰ ਕੁਰਬਾਨ ਕਰ ਦਿੱਤਾ, ਉਸ ਪਾਵਨ ਧਰਤੀ 'ਤੇ ਗੁਰੂ ਸਾਹਿਬ ਦਾ ਨਿਰਾਦਰ ਕਰਨ ਵਾਲਿਆਂ ਨੂੰ ਮੁਆਫ ਕਰਨਾ ਸਭ ਤੋਂ ਵੱਡਾ ਪਾਪ ਹੋਵੇਗਾ। ਅਸੀਂ ਇੰਨਾ ਸਖਤ ਕਾਨੂੰਨ ਲਿਆਏ ਹਾਂ ਕਿ ਕੋਈ ਵੀ ਪੰਜਾਬ ਦੀ ਭਾਈਚਾਰਕ ਸਾਂਝ ਜਾਂ ਕਿਸੇ ਧਾਰਮਿਕ ਗ੍ਰੰਥ 'ਤੇ ਬੁਰੀ ਨਜਰ ਪਾਉਣ ਦੀ ਹਿੰਮਤ ਨਹੀਂ ਕਰੇਗਾ।"

*ਪੰਜਾਬ ਭਰ ਵਿੱਚ 'ਸੁਕਰਾਨਾ ਯਾਤਰਾ' ਦੌਰਾਨ ਮਿਲਿਆ ਭਾਰੀ ਜਨਤਕ ਹੁੰਗਾਰਾ*

ਚਾਰ ਦਿਨਾਂ ਦੀ 'ਸੁਕਰਾਨਾ ਯਾਤਰਾ' ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਗਭਗ ਸਮੁੱਚੇ ਰਾਜ ਵਿੱਚ ਯਾਤਰਾ ਕੀਤੀ ਅਤੇ ਹਰੇਕ ਸਥਾਨ 'ਤੇ ਉਨ੍ਹਾਂ ਨੂੰ ਲੋਕਾਂ ਤੋਂ ਭਰਵਾਂ ਹੁੰਗਾਰਾ ਮਿਲਿਆ। ਇਸ ਯਾਤਰਾ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੰਗਤ ਅਤੇ ਸਥਾਨਕ ਵਾਸੀਆਂ ਦੁਆਰਾ ਨਿੱਘਾ ਸਵਾਗਤ ਕੀਤਾ ਗਿਆ, ਹਜਾਰਾਂ ਲੋਕ ਪੂਰੀ ਉਤਸ਼ਾਹ ਅਤੇ ਸਰਧਾ ਨਾਲ ਸਵਾਗਤ ਕਰਨ ਲਈ ਸੜਕਾਂ ਦੇ ਕਿਨਾਰੇ ਇਕੱਠੇ ਹੋਏ ਸਨ ਅਤੇ ਸੂਬਾ ਵਾਸੀਆਂ ਵੱਲੋਂ ਵੱਖ-ਵੱਖ ਥਾਵਾਂ 'ਤੇ ਉਨ੍ਹਾਂ ਦੇ ਹਾਰ ਪਾਏ ਗਏ, ਸਿਰੋਪੇ ਬਖਸ਼ਿਸ਼ ਕੀਤੇ ਗਏ ਅਤੇ ਫੁੱਲਾਂ ਦੀ ਵਰਖਾ ਕੀਤੀ ਗਈ।

ਇਹ ਯਾਤਰਾ ਸ੍ਰੀ ਅਨੰਦਪੁਰ ਸਾਹਿਬ ਤੋਂ ਸੁਰੂ ਹੋ ਕੇ ਪਹਿਲੇ ਦਿਨ ਭਰਤਗੜ੍ਹ, ਰੋਪੜ, ਬਲਾਚੌਰ, ਬੰਗਾ ਅਤੇ ਫਗਵਾੜਾ ਵਿੱਚੋਂ ਗੁਜ਼ਰੀ। ਦੂਜੇ ਦਿਨ ਯਾਤਰਾ ਜਲੰਧਰ ਤੋਂ ਆਦਮਪੁਰ, ਕਰਤਾਰਪੁਰ, ਬਾਬਾ ਬਕਾਲਾ, ਰਈਆ, ਜੰਡਿਆਲਾ, ਅੰਮ੍ਰਿਤਸਰ ਦੱਖਣੀ, ਪੂਰਬੀ ਅਤੇ ਮੱਧ, ਪੱਟੀ, ਜੀਰਾ, ਫਿਰੋਜਪੁਰ ਦਿਹਾਤੀ, ਫਰੀਦਕੋਟ ਅਤੇ ਕੋਟਕਪੂਰਾ ਤੋਂ ਹੁੰਦੀ ਹੋਈ ਭੁੱਚੋ ਮੰਡੀ ਤੋਂ ਬਠਿੰਡਾ ਪਹੁੰਚੀ। ਤੀਜੇ ਦਿਨ ਇਹ ਯਾਤਰਾ ਬਠਿੰਡਾ, ਕੋਟਸਮੀਰ, ਤਲਵੰਡੀ ਸਾਬੋ, ਸਰਦੂਲਗੜ੍ਹ, ਮਾਨਸਾ ਅਤੇ ਬਰਨਾਲਾ ਤੋਂ ਹੁੰਦੀ ਹੋਈ ਗੁਰਦੁਆਰਾ ਮਸਤੂਆਣਾ ਸਾਹਿਬ ਵਿਖੇ ਸਮਾਪਤ ਹੋਈ। ਅੱਜ ਇਹ ਯਾਤਰਾ ਸੰਗਰੂਰ ਤੋਂ ਸਮਾਣਾ, ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ, ਪਟਿਆਲਾ ਦਿਹਾਤੀ ਤੋਂ ਹੁੰਦੀ ਹੋਈ ਸ੍ਰੀ ਫ਼ਤਿਹਗੜ੍ਹ ਸਾਹਿਬ ਵਿਖੇ ਸਮਾਪਤ ਹੋਈ।

# ਸਫ਼ਾ ਦੋ ਦੀ ਬਾਕੀ

## ਕੈਬਨਿਟ ਮੰਤਰੀ ਸੰਜੀਵ ਅਰੋੜਾ

ਲਾਂਡਰਿੰਗ ਦੇ ਮਾਮਲੇ ਦਾ ਪਤਾ ਲਗਾਇਆ ਹੈ। ਫਰਜ਼ੀ ਆਈ.ਟੀ.ਸੀ. ਦਾ ਦਾਅਵਾ ਕਰਨ ਅਤੇ ਨਿਰਯਾਤ ਕ੍ਰੈਡਿਟ 'ਤੇ ਜੀ.ਐਸ.ਟੀ. ਰਿਫੰਡ ਅਤੇ ਡਿਊਟੀ ਡਰਾਅ ਬੈਕ ਪ੍ਰਾਪਤ ਕਰਨ ਲਈ ਦਿੱਲੀ ਦੀਆਂ ਗੈਰ-ਮੌਜੂਦ ਫਰਮਾਂ ਤੋਂ ਕਈ ਫਰਜ਼ੀ ਜੀ.ਐਸ.ਟੀ. ਖਰੀਦ ਬਿੱਲ ਪ੍ਰਾਪਤ ਕੀਤੇ ਗਏ ਹਨ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਨੁਕਸਾਨ ਹੋਇਆ ਹੈ ਅਤੇ ਨਿੱਜੀ ਮੁਨਾਫਾ ਕਮਾਇਆ ਗਿਆ ਹੈ।:

## ਭਾਜਪਾ ਪੰਜਾਬ 'ਚ ਵੀ ਅਪਣਾ ਰਹੀ ਹੈ 'ਬੰਗਾਲ

ਪੰਜਾਬ ਵਿੱਚ ਆਮ ਆਦਮੀ ਪਾਰਟੀ ਨਾਲ ਜੁੜੇ ਲੋਕਾਂ ਦੇ ਟਿਕਾਣਿਆਂ 'ਤੇ ਹੋਈ ਈ.ਡੀ. ਦੀ ਕਾਰਵਾਈ 'ਤੇ ਬੋਲਦਿਆਂ ਸੰਧਵਾਂ ਨੇ ਕਿਹਾ ਕਿ ਜਿੱਥੇ ਭਾਜਪਾ ਵੋਟਾਂ ਨਾਲ ਨਹੀਂ ਜਿੱਤ ਸਕਦੀ, ਉੱਥੇ ਉਹ ਏਜੰਸੀਆਂ ਨੂੰ ਭੇਜ ਦਿੰਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਦੇ ਲੋਕ ਇਨ੍ਹਾਂ ਹੱਥਕੰਡਿਆਂ ਤੋਂ ਡਰਨ ਵਾਲੇ ਨਹੀਂ ਹਨ ਅਤੇ ਸੂਬਾ ਸਰਕਾਰ ਕੇਂਦਰ ਦੀ ਅਜਿਹੀ 'ਗੈਰ-ਸੰਵਿਧਾਨਕ' ਦਖ਼ਲਅੰਦਾਜ਼ੀ ਦਾ ਡਟ ਕੇ ਸਾਹਮਣਾ ਕਰੇਗੀ।

## ਸਰਕਾਰੀ ਏਜੰਸੀਆਂ ਨੂੰ ਸਿਆਸਤ

ਉਹ ਇਸ ਲਈ ਇਕ ਵੱਖਰਾ ਰਾਜਪਾਲ ਨਿਯੁਕਤ ਕਰਨਗੇ। ਕਦੇ ਉਹ ਕਹਿੰਦੇ ਹਨ ਕਿ ਪੰਜਾਬ ਯੂਨੀਵਰਸਿਟੀ ਸਾਡੀ ਹੈ। ਕਦੇ ਉਹ ਕਹਿੰਦੇ ਹਨ ਕਿ ਉਹ ਭਾਖੜਾ ਡੈਮ 'ਤੇ ਸੀ.ਆਈ.ਐਫ. ਲਗਾ ਕੇ ਹਰਿਆਣਾ ਨੂੰ ਪਾਣੀ ਦੇਣਗੇ। ਕਦੇ ਉਹ ਕਹਿੰਦੇ ਹਨ ਕਿ ਉਹ ਝੋਨਾ ਨਹੀਂ ਚੁੱਕਣਗੇ, ਉਹ 26 ਜਨਵਰੀ ਨੂੰ ਪੰਜਾਬ ਦੀ ਝਾਂਕੀ ਨਹੀਂ ਦਿਖਾਉਣਗੇ। ਕਦੇ ਉਹ ਕਹਿੰਦੇ ਹਨ ਕਿ ਉਹ ਆਰ.ਡੀ.ਐਫ. ਲਈ ਭੁਗਤਾਨ ਨਹੀਂ ਕਰਨਗੇ। ਫਿਰ ਉਹ ਵੋਟਾਂ ਮੰਗਣ ਲਈ ਪੰਜਾਬ ਕਿਸ ਮੂੰਹ ਨਾਲ ਆਉਣਗੇ। ਮੁੱਖ ਮੰਤਰੀ ਨੇ ਕਿਹਾ ਕਿ ਮੈਂ ਭਾਜਪਾ, ਮੋਦੀ ਅਤੇ ਸ਼ਾਹ ਨੂੰ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ ਇਹ ਪੰਜਾਬ ਹੈ। ਇਹ ਧਮਕੀਆਂ ਅੱਗੇ ਨਹੀਂ ਝੁਕਦਾ। ਸੁਨੀਲ ਜਾਖੜ ਬਾਰੇ ਬੋਲਦਿਆਂ ਸੀ.ਐਮ. ਮਾਨ ਨੇ ਕਿਹਾ ਕਿ ਸੁਨੀਲ ਜਾਖੜ ਕਹਿ ਰਿਹਾ ਭਗਵੰਤ ਮਾਨ 'ਤੇ ਦੇਸ਼ਧ੍ਰੋਹੀ ਦਾ ਕੇਸ ਦਰਜ ਕਰੋ। ਹੁਣ ਇਹ ਸਾਨੂੰ ਦੇਸ਼ ਭਗਤੀ ਦੇ ਸਰਟੀਫਿਕੇਟ ਦੇਣਗੇ। ਬੇਅਦਬੀ ਕਾਨੂੰਨ ਬਾਰੇ ਬੋਲਦਿਆਂ ਸੀ.ਐਮ. ਨੇ ਕਿਹਾ ਕਿ ਦੁਨੀਆਂ ਭਰ ਦੀ ਸਾਰੀ ਸੰਗਤ ਨੂੰ ਬੇਅਦਬੀ ਕਾਨੂੰਨ ਪ੍ਰਵਾਨ ਹੈ, ਪਰ ਇਕ ਪ੍ਰਵਾਰ ਨੂੰ ਕਾਨੂੰਨ ਪਸੰਦ ਨਹੀਂ ਆਇਆ ਕਿਉਂਕਿ ਉਹ ਪਰਿਵਾਰ ਖੁਦ ਬੇਅਦਬੀਆਂ ਵਿਚ ਸ਼ਾਮਲ ਹੈ। ਕਾਨੂੰਨ ਲਾਗੂ ਹੋ ਗਿਆ ਹੁਣ ਕਾਨੂੰਨ ਵਾਪਸ ਹੋਣ ਦਾ ਸਵਾਲ ਨਹੀਂ ਪੈਦਾ ਹੁੰਦਾ।

## 'ਪੰਜਾਬ ਮੋਦੀ ਦੇ ਅੱਤਿਆਚਾਰਾਂ ਦਾ ਟਾਕਰਾ ਕਰੇਗਾ

ਹਰ ਸੰਭਵ ਤਰੀਕੇ ਨਾਲ ਪ੍ਰੇਸ਼ਾਨ ਕੀਤਾ ਗਿਆ ਹੈ। ਪੰਜਾਬ ਦੇ ਪਾਣੀਆਂ 'ਤੇ ਹਮਲੇ ਕੀਤੇ ਗਏ, ਪੰਜਾਬ ਯੂਨੀਵਰਸਿਟੀ ਨੂੰ ਹੜੱਪਣ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ, ਪੇਂਡੂ ਵਿਕਾਸ ਦੇ ਫੰਡ ਰੋਕੇ ਗਏ ਅਤੇ ਹੁਣ ਈਡੀ ਦੇ ਅੰਨ੍ਹੇਵਾਹ ਛਾਪੇ ਮਾਰ ਦਿੱਤੇ ਗਏ ਹਨ। 'ਆਪ' ਮੁਖੀ ਨੇ ਕਿਹਾ ਕਿ ਅਸ਼ੋਕ ਮਿੱਤਲ ਦੇ ਘਰ ਛਾਪਾ ਮਾਰਿਆ ਗਿਆ ਅਤੇ ਅਗਲੇ ਹੀ ਦਿਨ ਉਨ੍ਹਾਂ ਨੂੰ ਭਾਜਪਾ ਵਿੱਚ ਸ਼ਾਮਲ ਕਰ ਲਿਆ ਗਿਆ। ਕੇਜਰੀਵਾਲ ਨੇ ਕਿਹਾ, :ਈਡੀ ਦੇ ਛਾਪੇ ਦਾ ਮਕਸਦ ਚੋਰੀ ਦੇ ਪੈਸੇ ਦਾ ਪਤਾ ਲਗਾਉਣਾ ਨਹੀਂ ਸੀ। ਇਹ ਸਿਰਫ਼ ਅਸ਼ੋਕ ਮਿੱਤਲ ਨੂੰ ਤੋੜਨਾ ਅਤੇ ਉਨ੍ਹਾਂ ਨੂੰ ਭਾਜਪਾ ਵਿੱਚ ਸ਼ਾਮਲ ਕਰਨਾ ਸੀ। ਕੁਝ ਦਿਨ ਪਹਿਲਾਂ ਸੰਜੀਵ ਅਰੋੜਾ ਦੇ ਘਰ ਵੀ ਛਾਪਾ ਮਾਰਿਆ ਗਿਆ ਸੀ। ਜਦੋਂ ਉਹ ਭਾਜਪਾ ਵਿੱਚ ਸ਼ਾਮਲ ਨਹੀਂ ਹੋਏ ਤਾਂ ਉਨ੍ਹਾਂ ਦੇ ਟਿਕਾਣਿਆਂ 'ਤੇ ਫਿਰ ਤੋਂ ਛਾਪਾ ਮਾਰਿਆ ਗਿਆ।:

## ਤਾਮਿਲਨਾਡੂ ਦੇ ਰਾਜਪਾਲ ਨੇ ਵਿਜੇ ਨੂੰ ਸਰਕਾਰ

ਸੇਲਵਾਪੇਰੂਥਾਗਾਈ ਅਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਸੂਬਾ ਸਕੱਤਰ ਪੀ. ਸ਼ਨਮੁਗਮ ਸਮੇਤ ਸਹਿਯੋਗੀ ਪਾਰਟੀਆਂ ਦੇ ਨੇਤਾਵਾਂ ਨਾਲ ਰਾਜਪਾਲ ਨਾਲ ਮੁਲਾਕਾਤ ਕੀਤੀ।

ਵੀ.ਸੀ.ਕੇ. (ਵਿਦੁਥਲਾਈ ਚਿਰੂਥੈਗਲ ਕਾਚੀ) ਅਤੇ ਇੰਡੀਅਨ ਯੂਨੀਅਨ ਮੁਸਲਿਮ ਲੀਗ ਕੋਲ ਦੋ-ਦੋ ਸੀਟਾਂ ਹਨ। ਦੋਵਾਂ ਪਾਰਟੀਆਂ ਦੇ ਸਾਂਝੇ ਸਮਰਥਨ ਨਾਲ, ਤਮਿਲਗਾ ਵੇਤਰੀ ਕਜ਼ਾਗਮ (ਟੀ.ਵੀ.ਕੇ.) ਕੋਲ ਹੁਣ 234 ਮੈਂਬਰੀ ਵਿਧਾਨ ਸਭਾ ਵਿੱਚ 120 ਸੀਟਾਂ ਹਨ। ਟੀ.ਵੀ.ਕੇ. ਦੇ ਸੰਸਥਾਪਕ ਨੇਤਾ ਨੇ ਰਾਜਪਾਲ ਨੂੰ ਬੇਨਤੀ ਕੀਤੀ ਸੀ ਕਿ ਉਹ ਉਨ੍ਹਾਂ ਨੂੰ ਸਰਕਾਰ ਬਣਾਉਣ ਲਈ ਰਸਮੀ ਤੌਰ 'ਤੇ ਸੱਦਾ ਦੇਣ। ਵਿਜੇ ਚੌਥੀ ਵਾਰ ਲੋਕ ਭਵਨ ਵਿਖੇ ਰਾਜਪਾਲ ਨੂੰ ਮਿਲੇ। ਇਸ ਦੌਰਾਨ, ਟੀ.ਵੀ.ਕੇ. ਵਰਕਰਾਂ ਨੇ ਪਟਾਕੇ ਚਲਾਏ, ਮਿਠਾਈਆਂ ਵੰਡੀਆਂ ਅਤੇ ਪਾਰਟੀ ਦਫ਼ਤਰ ਵਿੱਚ ਜਸ਼ਨ ਮਨਾਉਣ ਲਈ ਵੱਡੀ ਗਿਣਤੀ ਵਿੱਚ ਇਕੱਠੇ ਹੋਏ।

## ਡਬਲਿਊ.ਐਫ.ਆਈ. ਨੇ ਵਿਨੇਸ਼ ਨੂੰ ਨੋਟਿਸ ਜਾਰੀ ਕਰਕੇ ਟੂਰਨਾਮੈਂਟਾਂ

ਆਚਰਣ ਨੇ ਦੇਸ਼ ਨੂੰ ਸ਼ਰਮਸਾਰ ਕੀਤਾ ਹੈ, ਭਾਰਤੀ ਕੁਸ਼ਤੀ ਦੀ ਛਵੀ ਨੂੰ ਖਰਾਬ ਕੀਤਾ ਹੈ ਅਤੇ ਡਬਲਿਊ.ਐਫ.ਆਈ. ਸੰਵਿਧਾਨ, ਡਬਲਿਊ.ਐਫ.ਆਈ. ਅੰਤਰਰਾਸ਼ਟਰੀ ਕੁਸ਼ਤੀ ਨਿਯਮਾਂ ਅਤੇ ਡੋਪਿੰਗ ਵਿਰੋਧੀ ਨਿਯਮਾਂ ਦੇ ਉਪਬੰਧਾਂ ਦੀ ਉਲੰਘਣਾ ਕੀਤੀ ਹੈ। ਫੈਡਰੇਸ਼ਨ ਨੇ ਉਸ ਤੋਂ ਚਾਰ ਮੁੱਖ ਦੋਸ਼ਾਂ 'ਤੇ ਸਪੱਸ਼ਟੀਕਰਨ ਮੰਗਿਆ ਹੈ, ਜਿਨ੍ਹਾਂ ਵਿੱਚ 2024 ਪੈਰਿਸ ਓਲੰਪਿਕ ਤੋਂ ਉਸ ਦੀ ਅਯੋਗਤਾ, ਡੋਪਿੰਗ ਵਿਰੋਧੀ ਨਿਯਮਾਂ ਦੇ ਤਹਿਤ ਠਿਕਾਣਾ ਦੱਸਣ ਵਿੱਚ ਉਸ ਦੀ ਕਥਿਤ ਅਸਫਲਤਾ ਅਤੇ ਆਈ.ਓ.ਏ. ਦੁਆਰਾ ਨਿਯੁਕਤ ਤਤਕਾਲੀ ਐਡ-ਹਾਕ ਕਮੇਟੀ ਦੁਆਰਾ ਮਾਰਚ, 2024 ਵਿੱਚ ਕਰਵਾਏ ਗਏ ਟਰਾਇਲਾਂ ਵਿੱਚ ਦੋ ਭਾਰ ਵਰਗਾਂ ਵਿੱਚ ਉਸ ਦੀ ਭਾਗੀਦਾਰੀ ਸ਼ਾਮਲ ਹੈ। ਫੈਡਰੇਸ਼ਨ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਉਹ ਇਸ ਸਾਲ 26 ਜੂਨ ਤੱਕ ਕਿਸੇ ਵੀ ਘਰੇਲੂ ਟੂਰਨਾਮੈਂਟ ਵਿੱਚ ਹਿੱਸਾ ਨਹੀਂ ਲੈ ਸਕਦੀ, ਜਿਸ ਵਿੱਚ 10 ਤੋਂ 12 ਮਈ ਤੱਕ ਗੋਂਡਾ ਵਿੱਚ ਹੋਣ ਵਾਲਾ ਰਾਸ਼ਟਰੀ ਓਪਨ ਰੈਂਕਿੰਗ ਟੂਰਨਾਮੈਂਟ ਵੀ ਸ਼ਾਮਲ ਹੈ। ਨੋਟਿਸ ਵਿੱਚ ਕਿਹਾ ਗਿਆ ਹੈ, ਫੈਡਰੇਸ਼ਨ ਨੂੰ ਸੰਤੁਸ਼ਟ ਹੋਣਾ ਚਾਹੀਦਾ ਹੈ ਕਿ ਤੁਸੀਂ ਕੋਈ ਵੀ ਡੋਪਿੰਗ ਵਿਰੋਧੀ ਨਿਯਮ ਦੀ ਉਲੰਘਣਾ ਨਹੀਂ ਕੀਤੀ ਹੈ ਜੋ ਤੁਹਾਨੂੰ ਭਵਿੱਖ ਦੇ ਕਿਸੇ ਵੀ ਮੁਕਾਬਲੇ ਵਿੱਚ ਫੈਡਰੇਸ਼ਨ ਦੀ ਨੁਮਾਇੰਦਗੀ ਕਰਨ ਦੇ ਅਯੋਗ ਬਣਾ ਦੇਵੇਗਾ।

## ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼

ਇਸ ਦੌਰਾਨ ਖ਼ਾਸ ਕਰਕੇ ਵਿਆਪਕ ਭ੍ਰਿਸ਼ਟਾਚਾਰ ਅਤੇ ਖਰਾਬ ਹੋ ਰਹੀ ਕਾਨੂੰਨ-ਵਿਵਸਥਾ 'ਤੇ ਚਰਚਾ ਹੋਈ, ਜਿਸ ਕਾਰਨ ਕੋਈ ਵੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ ਹੈ। ਪੰਜਾਬ ਵਿੱਚ ਹੋ ਰਹੇ ਬੰਬ ਧਮਾਕਿਆਂ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ, ਉਨ੍ਹਾਂ ਨੇ ਕਿਹਾ ਕਿ ਇਸ ਲਈ ਸੂਬੇ ਅਤੇ ਕੇਂਦਰ ਦੋਵੇਂ ਸਰਕਾਰਾਂ ਜ਼ਿੰਮੇਵਾਰ ਹਨ ਤੇ ਜ਼ਿੰਮੇਵਾਰੀ ਵੀ ਇਨ੍ਹਾਂ ਉੱਪਰ ਹੀ ਬਣਦੀ ਹੈ। ਪੰਜਾਬ ਦੇ ਮੰਤਰੀ ਸੰਜੀਵ ਅਰੋੜਾ ਨੂੰ ਈ.ਡੀ. ਵੱਲੋਂ ਗ੍ਰਿਫ਼ਤਾਰ ਕਰਨ ਸਬੰਧੀ ਸਵਾਲ ਦਾ ਜਵਾਬ ਦਿੰਦਿਆਂ, ਕਾਂਗਰਸ ਦੇ ਜਨਰਲ ਸਕੱਤਰ ਨੇ ਕਿਹਾ ਕਿ ਭਾਜਪਾ ਅਤੇ ਆਪ ਦੋਵੇਂ ਹੀ ਆਪਣੇ ਸਿਆਸੀ ਵਿਰੋਧੀਆਂ ਖ਼ਿਲਾਫ਼ ਦਬਾਅ ਅਤੇ ਧਮਕਾਉਣ ਵਾਲੀਆਂ ਤਕਨੀਕਾਂ ਵਰਤਣ ਲਈ ਜਾਣੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਜਿੱਥੇ ਭਾਜਪਾ ਕੌਮੀ ਪੱਧਰ 'ਤੇ ਈ.ਡੀ. ਵਰਗੀਆਂ ਕੇਂਦਰੀ ਏਜੰਸੀਆਂ ਦੀ ਵਰਤੋਂ ਕਰਦੀ ਹੈ, ਉੱਥੇ ਆਪ ਸੂਬੇ ਵਿੱਚ ਆਪਣੇ ਵਿਰੋਧੀਆਂ ਖ਼ਿਲਾਫ਼ ਵਿਜੀਲੈਂਸ ਦੀ ਵਰਤੋਂ ਕਰਦੀ ਹੈ। ਇੱਕ ਹੋਰ ਸਵਾਲ ਦੇ ਜਵਾਬ ਵਿੱਚ, ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਭਾਜਪਾ ਅਤੇ ਆਪ ਲੋਕਾਂ ਨੂੰ ਗੁੰਮਰਾਹ ਕਰਨ ਲਈ ਖੇਡਾਂ ਖੇਡ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਭਾਜਪਾ ਖ਼ਿਲਾਫ਼ ਲਗਾਏ ਜਾ ਰਹੇ ਦੋਸ਼ਾਂ ਦੇ ਬਾਵਜੂਦ ਕੋਈ ਕਾਰਵਾਈ ਨਾ ਕਰਨਾ ਹੈਰਾਨੀਜਨਕ ਹੈ। ਸੰਜੀਵ ਅਰੋੜਾ ਦੀ ਈ.ਡੀ. ਵੱਲੋਂ ਗ੍ਰਿਫ਼ਤਾਰੀ ਬਾਰੇ, ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਈ.ਡੀ. ਨੇ ਇੱਕ ਹੋਰ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਠਿਕਾਣਿਆਂ 'ਤੇ ਛਾਪੇ ਮਾਰੇ ਸਨ ਅਤੇ ਅਗਲੇ ਹੀ ਦਿਨ ਉਹ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ। ਇਸ ਦੇ ਨਾਲ ਹੀ, ਉਨ੍ਹਾਂ ਨੇ ਕਿਹਾ ਕਿ ਆਪ ਨੂੰ ਹੁਣ ਭਾਜਪਾ ਦੇ ਰੂਪ ਵਿੱਚ ਆਪਣੇ ਵਰਗਾ ਹੀ ਮੁਕਾਬਲਾ ਮਿਲ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਜਿਵੇਂ ਆਪ ਸਰਕਾਰ ਪੰਜਾਬ ਵਿੱਚ ਆਪਣੇ ਸਿਆਸੀ ਵਿਰੋਧੀਆਂ ਖ਼ਿਲਾਫ਼ ਵਿਜੀਲੈਂਸ ਅਤੇ ਪੁਲਿਸ ਦਾ ਦੁਰਵਰਤੋਂ ਕਰਦੀ ਰਹੀ ਹੈ, ਉਸੇ ਤਰ੍ਹਾਂ ਭਾਜਪਾ ਵੀ ਆਪ ਨਾਲ ਕਰ ਰਹੀ ਹੈ। ਵੜਿੰਗ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਆਪ ਅਤੇ ਭਾਜਪਾ ਦੀਆਂ ਇਨ੍ਹਾਂ ਚਾਲਾਂ ਵਿੱਚ ਨਹੀਂ ਆਉਣਗੇ ਅਤੇ ਉਹ ਸਿਰਫ਼ ਉਨ੍ਹਾਂ 'ਤੇ ਭਰੋਸਾ ਕਰਨਗੇ, ਜਿਨ੍ਹਾਂ ਨੇ ਪਹਿਲਾਂ ਪੰਜਾਬ ਨੂੰ ਚੰਗੀ ਤਰ੍ਹਾਂ ਚਲਾਇਆ ਅਤੇ ਕੰਮ ਕੀਤਾ ਹੈ। ਉਨ੍ਹਾਂ ਨੇ ਜ਼ੋਰ ਦਿੰਦਿਆਂ, ਕਿਹਾ ਕਿ ਕਾਂਗਰਸ ਪਾਰਟੀ ਨਾ ਤਾਂ ਭਾਜਪਾ ਦੀ ਈ.ਡੀ. ਤੋਂ ਡਰੇਗੀ ਅਤੇ ਨਾ ਹੀ ਆਪ ਦੇ ਵਿਜੀਲੈਂਸ ਬਿਊਰੋ ਤੋਂ ਡਰੇਗੀ। ਉਨ੍ਹਾਂ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਫ਼ੈਸਲਾਕੁੰਨ ਲੜਾਈ ਲਈ ਹਰ ਇੱਕ ਕਾਂਗਰਸੀ ਵਰਕਰ ਤਿਆਰ ਹੈ।

## ਮਮਤਾ ਵੱਲੋਂ ਭਾਜਪਾ ਖ਼ਿਲਾਫ਼ ਸਿਆਸੀ ਤੇ ਕਾਨੂੰਨੀ ਲੜਾਈ

ਪਾਰਟੀ ਦਫ਼ਤਰ ਦੇ ਬਾਹਰ ਹੀ ਜਯੰਤੀ ਮਨਾਉਣ ਦਾ ਫੈਸਲਾ ਕੀਤਾ। ਮਮਤਾ ਬੈਨਰਜੀ ਨੇ ਕਿਹਾ,÷ਮੈਂ ਖੁਦ ਇੱਕ ਵਕੀਲ ਹਾਂ÷ ਅਤੇ ਉਹ ਭਾਜਪਾ ਵਿਰੁੱਧ ਅਦਾਲਤ ਅਤੇ ਸਿਆਸੀ ਮੈਦਾਨ ਵਿੱਚ ਖੁੱਲ੍ਹ ਕੇ ਲੜਨਗੇ। ਉਨ੍ਹਾਂ ਦਾਅਵਾ ਕੀਤਾ ਕਿ ਦੇਸ਼ ਦੇ ਕਈ ਵੱਡੇ ਵਿਰੋਧੀ ਨੇਤਾਵਾਂ ਜਿਵੇਂ ਸੋਨੀਆ ਗਾਂਧੀ, ਰਾਹੁਲ ਗਾਂਧੀ, ਮੱਲਿਕਾਰਜੁਨ ਖੜਗੇ, ਉਧਵ ਠਾਕਰੇ, ਅਖਿਲੇਸ਼ ਯਾਦਵ ਨੇ ਉਨ੍ਹਾਂ ਨਾਲ ਸੰਪਰਕ ਕੀਤਾ ਹੈ ਤੇ ਉਹ ਮਿਲ ਕੇ ਇਹ ਲੜਾਈ ਲੜਨਗੇ। ਇਸ ਤੋਂ ਇਲਾਵਾ ਕਪਿਲ ਸਿੱਬਲ ਅਤੇ ਪ੍ਰਸ਼ਾਂਤ ਭੂਸ਼ਣ ਵਰਗੇ ਕਾਨੂੰਨੀ ਮਾਹਿਰ ਵੀ ਇਸ ਲੜਾਈ ਵਿੱਚ ਉਨ੍ਹਾਂ ਦੇ ਨਾਲ ਹਨ। ਮਮਤਾ ਨੇ ਭਾਜਪਾ 'ਤੇ ਟੀ.ਐਮ.ਸੀ. ਵਰਕਰਾਂ ਨੂੰ ਪ੍ਰੇਸ਼ਾਨ ਕਰਨ ਦੇ ਗੰਭੀਰ ਦੋਸ਼ ਲਗਾਏ। ਉਨ੍ਹਾਂ ਨੇ ਕਿਹਾ ਕਿ ਇੱਕ 92 ਸਾਲਾ ਦਲਿਤ ਮਹਿਲਾ ਅਤੇ ਇੱਕ ਨਵੀਂ ਵਿਆਹੀ ਲਾੜੀ ਨੂੰ ਵੀ ਧਮਕਾ ਕੇ ਘਰੋਂ ਕੱਢ ਦਿੱਤਾ ਗਿਆ ਹੈ। ਉਨ੍ਹਾਂ ਨੇ ਪਾਰਟੀ ਦੀ ਸੰਸਦ ਮੈਂਬਰ ਮਹੂਆ ਮੋਇਤਰਾ ਨਾਲ ਹਵਾਈ ਅੱਡੇ 'ਤੇ ਹੋਈ ਕਥਿਤ ਬਦਸਲੂਕੀ ਦਾ ਮੁੱਦਾ ਵੀ ਚੁੱਕਿਆ ਅਤੇ ਕਿਹਾ ਕਿ ਉਨ੍ਹਾਂ ਕੋਲ ਇਸ ਸਬੰਧੀ ਸਾਰੇ ਸਬੂਤ ਮੌਜੂਦ ਹਨ। ਉਨ੍ਹਾਂ ਨੇ ਸਾਬਕਾ ਮੁੱਖ ਮੰਤਰੀ ਬੁੱਧਦੇਵ ਭੱਟਾਚਾਰਜੀ ਦੀ ਸੁਰੱਖਿਆ ਹਟਾਉਣ ਲਈ ਵੀ ਭਾਜਪਾ ਦੀ ਨਿੰਦਾ ਕੀਤੀ ਅਤੇ ਕਿਹਾ ਕਿ ਜਦੋਂ ਉਹ 2011 ਵਿੱਚ ਸੱਤਾ ਵਿੱਚ ਆਏ ਸਨ, ਤਾਂ ਉਨ੍ਹਾਂ ਨੇ ਵਿਰੋਧੀ ਨੇਤਾਵਾਂ ਦੀ ਸੁਰੱਖਿਆ ਦਾ ਪੂਰਾ ਖਿਆਲ ਰੱਖਿਆ ਸੀ।

## ਪੰਜਾਬ 'ਚ ਮੁੜ ਵਧਣ ਲੱਗਾ ਤਾਪਮਾਨ

ਤਾਪਮਾਨ ਦਰਜ ਕੀਤਾ ਗਿਆ। ਮੌਸਮ ਵਿਭਾਗ ਦੇ ਅਨੁਸਾਰ, ਮੱਧ ਪਾਕਿਸਤਾਨ ਅਤੇ ਨਾਲ ਲੱਗਦੇ ਪੰਜਾਬ ਅਤੇ ਰਾਜਸਥਾਨ ਉੱਤੇ ਚੱਕਰਵਾਤੀ ਪ੍ਰਣਾਲੀ ਸਰਗਰਮ ਹੈ। ਇੱਕ ਲੰਮਾ ਟ੍ਰੈਫ਼ ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ ਅਤੇ ਪੱਛਮੀ ਬੰਗਾਲ ਤੋਂ ਬੰਗਲਾਦੇਸ਼ ਤੱਕ ਫੈਲਿਆ ਹੋਇਆ ਹੈ। ਇਹ ਉੱਤਰੀ ਭਾਰਤ ਵਿੱਚ ਮੌਸਮ ਵਿੱਚ ਤਬਦੀਲੀ ਦਾ ਕਾਰਨ ਹੈ। ਵਿਭਾਗ ਨੇ ਕਿਹਾ ਕਿ 10 ਮਈ ਤੋਂ ਪੱਛਮੀ ਹਿਮਾਲੀਅਨ ਖੇਤਰਾਂ ਵਿਚ ਇੱਕ ਨਵੀਂ ਪੱਛਮੀ ਗੜਬੜ ਸਰਗਮ ਹੋ ਸਕਦੀ ਹੈ। ਇਸ ਨਾਲ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿੱਚ ਮੌਸਮ ਬਦਲ ਸਕਦਾ ਹੈ, ਕਈ ਖੇਤਰਾਂ ਵਿੱਚ ਮੀਂਹ ਅਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। ਮੌਸਮ ਵਿਗਿਆਨ ਕੇਂਦਰ, ਚੰਡੀਗੜ੍ਹ ਦੇ ਡਾਇਰੈਕਟਰ ਸੁਰੇਂਦਰ ਪਾਲ ਦੇ ਅਨੁਸਾਰ, ਅਗਲੇ 48 ਘੰਟਿਆਂ ਵਿੱਚ ਤਾਪਮਾਨ ਲਗਭਗ 2 ਡਿਗਰੀ ਵਧ ਸਕਦਾ ਹੈ ਪਰ ਇਸ ਤੋਂ ਬਾਅਦ ਤਾਪਮਾਨ ਵਿੱਚ 3 ਤੋਂ 4 ਡਿਗਰੀ ਤੱਕ ਗਿਰਾਵਟ ਆਉਣ ਦੀ ਸੰਭਾਵਨਾ ਹੈ।

## ਕਤਲ ਦੇ ਮੁਲਜ਼ਮ ਨੂੰ ਨਹੀਂ ਮਿਲੇਗੀ ਮ੍ਰਿਤਕ ਦੀ ਵਿਰਾਸਤੀ

ਕਾਨੂੰਨ ਦੀ ਧਾਰਾ 25 ਦੇ ਤਹਿਤ ਅਯੋਗ ਹੈ, ਸਗੋਂ ਇਨਸਾਫ਼ ਅਤੇ ਨਿਰਪੱਖਤਾ ਦੇ ਨਿਯਮ ਵੀ ਉਸ ਨੂੰ ਇਸ ਦਾ ਹੱਕ ਨਹੀਂ ਦਿੰਦੇ। ਅਦਾਲਤ ਨੇ ਇਹ ਵੀ ਸਾਫ਼ ਕੀਤਾ ਕਿ ਅਜਿਹੇ ਸਿਵਲ ਮਾਮਲਿਆਂ ਵਿੱਚ ਬਹੁਤ ਜ਼ਿਆਦਾ ਸਖ਼ਤ ਸਬੂਤਾਂ ਦੀ ਲੋੜ ਨਹੀਂ ਹੈ, ਜੇਕਰ ਹਾਲਾਤ ਅਤੇ ਸੰਭਾਵਨਾਵਾਂ ਅਪਰਾਧ ਹੋਣ ਵੱਲ ਇਸ਼ਾਰਾ ਕਰਦੀਆਂ ਹਨ, ਤਾਂ ਉਹ ਕਾਫ਼ੀ ਹਨ।

ਇਹ ਫੈਸਲਾ ਕਰਨਾਟਕ ਹਾਈ ਕੋਰਟ ਦੇ ਉਸ ਹੁਕਮ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਆਇਆ ਹੈ, ਜਿਸ ਨੇ ਵਿਰਾਸਤ ਦੇ ਇੱਕ ਮਾਮਲੇ ਵਿੱਚ ਬੈਂਗਲੁਰੂ ਦੀ ਸਿਵਲ ਕੋਰਟ ਦੇ ਹੁਕਮ ਨੂੰ ਰੱਦ ਕਰ ਦਿੱਤਾ ਸੀ।ਅਦਾਲਤ ਨੇ ਸਪਸ਼ਟ ਕੀਤਾ ਹੈ ਕਿ ਇਹ ਪਾਬੰਦੀ ਉਦੋਂ ਵੀ ਲਾਗੂ ਮੰਨੀ ਜਾਵੇਗੀ ਜਦੋਂ ਅਦਾਲਤੀ ਮੁਕੱਦਮਾ ਅਜੇ ਚੱਲ ਰਿਹਾ ਹੋਵੇ। ਜਾਇਦਾਦ ਦੀ ਵੰਡ ਦੇ ਦੋ ਤਰੀਕਿਆਂ ਬਾਰੇ ਦੱਸਦਿਆਂ ਅਦਾਲਤ ਨੇ ਕਿਹਾ ਕਿ 'ਇੰਟੈਸਟੇਟ' (ਬਿਨਾਂ ਵਸੀਅਤ) ਦਾ ਮਤਲਬ ਹੈ ਜਾਇਦਾਦ ਦਾ ਨਿੱਜੀ ਕਾਨੂੰਨਾਂ ਅਨੁਸਾਰ ਵਾਰਸਾਂ ਨੂੰ ਮਿਲਣਾ, ਜਦਕਿ 'ਟੈਸਟਾਮੈਂਟਰੀ' (ਵਸੀਅਤ ਰਾਹੀਂ) ਦਾ ਮਤਲਬ ਹੈ ਜਾਇਦਾਦ ਦਾ ਉਸ ਵਿਅਕਤੀ ਨੂੰ ਮਿਲਣਾ ਜਿਸ ਦੇ ਨਾਮ 'ਤੇ ਮਰਨ ਵਾਲੇ ਨੇ ਵਸੀਅਤ ਕੀਤੀ ਹੋਵੇ। ਇਹ ਰੋਕ ਦੋਵਾਂ ਹੀ ਹਾਲਤਾਂ ਵਿੱਚ ਲਾਗੂ ਰਹੇਗੀ। ਸੁਪਰੀਮ ਕੋਰਟ ਨੇ ਕਿਹਾ ਕਿ ਹਿੰਦੂ ਉਤਰਾਧਿਕਾਰ ਕਾਨੂੰਨ ਦੀ ਧਾਰਾ 25 ਮੁਤਾਬਕ, ਜੇਕਰ ਕੋਈ ਵਿਅਕਤੀ ਕਿਸੇ ਦਾ ਕਤਲ ਕਰਦਾ ਹੈ ਜਾਂ ਕਤਲ ਲਈ ਉਕਸਾਉਂਦਾ ਹੈ, ਤਾਂ ਉਹ ਉਸ ਮਰਨ ਵਾਲੇ ਵਿਅਕਤੀ ਦੀ ਜਾਇਦਾਦ ਪਾਉਣ ਦਾ ਹੱਕ ਗੁਆ ਲੈਂਦਾ ਹੈ।

## ਦੇਸ਼ ਦੇ ਨਵੇਂ ਚੀਫ਼ ਆਫ਼ ਡਿਫੈਂਸ

ਪ੍ਰਾਪਤ ਹੋਏ ਹਨ। ਉਹ ਸਤੰਬਰ, 2025 ਤੋਂ ਰਾਸ਼ਟਰੀ ਸੁਰੱਖਿਆ ਪ੍ਰੀਸ਼ਦ ਸਕੱਤਰੇਤ ਵਿੱਚ ਫੌਜੀ ਸਲਾਹਕਾਰ ਵਜੋਂ ਸੇਵਾ ਨਿਭਾ ਰਹੇ ਹਨ। ਇਸ ਤੋਂ ਪਹਿਲਾਂ ਉਹ ਉਪ-ਮੁਖੀ ਆਰਮੀ ਸਟਾਫ ਅਤੇ ਕੇਂਦਰੀ ਕਮਾਂਡ ਦੇ ਜੀਓਸੀ-ਇਨ-ਸੀ ਵਜੋਂ ਸੇਵਾ ਨਿਭਾ ਚੁੱਕੇ ਹਨ। ਉਨ੍ਹਾਂ ਨੇ ਪੱਛਮੀ ਅਤੇ ਉੱਤਰੀ ਸਰਹੱਦਾਂ 'ਤੇ ਕਈ ਅਹਿਮ ਫੌਜੀ ਜ਼ਿੰਮੇਵਾਰੀਆਂ ਨਿਭਾਈਆਂ। ਉਨ੍ਹਾਂ ਨੇ ਉਪ-ਮੁਖੀ ਆਰਮੀ ਸਟਾਫ ਵਜੋਂ ਵੀ ਸੇਵਾ ਨਿਭਾਈ। ਉਨ੍ਹਾਂ ਨੇ ਕੇਂਦਰੀ ਕਮਾਂਡ ਦੇ ਜਨਰਲ ਅਫਸਰ ਕਮਾਂਡਿੰਗ-ਇਨ-ਚੀਫ਼ (ਜੀਓਸੀ-ਇਨ-ਸੀ) ਵਜੋਂ ਵੀ ਸੇਵਾ ਨਿਭਾਈ। ਸਤੰਬਰ, 2025 ਤੋਂ ਉਨ੍ਹਾਂ ਨੇ ਰਾਸ਼ਟਰੀ ਸੁਰੱਖਿਆ ਪ੍ਰੀਸ਼ਦ ਸਕੱਤਰੇਤ ਵਿੱਚ ਫੌਜੀ ਸਲਾਹਕਾਰ ਵਜੋਂ ਸੇਵਾ ਨਿਭਾਈ ਹੈ। ਸਰਕਾਰ ਨੇ ਉਨ੍ਹਾਂ ਦੀ ਰਣਨੀਤਕ ਸਮਝ ਅਤੇ ਵਿਆਪਕ ਤਜਰਬੇ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੂੰ ਦੇਸ਼ ਦੇ ਨਵੇਂ ਸੀ.ਡੀ.ਐਸ. ਵਜੋਂ ਚੁਣਿਆ ਹੈ।

ਭਾਰਤ ਸਰਕਾਰ ਨੇ ਵਾਈਸ ਐਡਮਿਰਲ ਕ੍ਰਿਸ਼ਨਾ ਸਵਾਮੀਨਾਥਨ ਨੂੰ ਨੇਵਲ ਸਟਾਫ (ਸੀ.ਐਨ.ਐਸ.) ਦੇ ਨਵੇਂ ਮੁਖੀ ਵਜੋਂ ਵੀ ਨਿਯੁਕਤ ਕੀਤਾ ਹੈ। ਉਹ 31 ਮਈ, 2026 ਨੂੰ ਭਾਰਤੀ ਜਲ ਸੈਨਾ ਦੇ ਮੁਖੀ ਆਫ਼ ਨੇਵਲ ਸਟਾਫ (ਸੀ.ਐਨ.ਐਸ.) ਦਾ ਅਹੁਦਾ ਸੰਭਾਲਣਗੇ। ਉਹ ਇਸ ਸਮੇਂ ਮੁੰਬਈ ਵਿੱਚ ਪੱਛਮੀ ਨੇਵਲ ਕਮਾਂਡ ਦੇ ਮੁਖੀ ਵਜੋਂ ਤਾਇਨਾਤ ਹਨ। ਉਨ੍ਹਾਂ ਦਾ ਕਾਰਜਕਾਲ 31 ਦਸੰਬਰ, 2028 ਤੱਕ ਰਹੇਗਾ। ਆਪਣੇ ਲੰਬੇ ਜਲ ਸੈਨਾ ਕੈਰੀਅਰ ਦੌਰਾਨ, ਉਨ੍ਹਾਂ ਨੇ ਕਈ ਮਹੱਤਵਪੂਰਨ ਜ਼ਿੰਮੇਵਾਰੀਆਂ ਨਿਭਾਈਆਂ ਹਨ ਅਤੇ ਕਈ ਵੱਡੇ ਸਮੁੰਦਰੀ ਸੁਰੱਖਿਆ ਕਾਰਜਾਂ ਵਿੱਚ ਮੁੱਖ ਭੂਮਿਕਾ ਨਿਭਾਈ ਹੈ। ਸਵਾਮੀਨਾਥਨ ਨੂੰ ਭਾਰਤੀ ਜਲ ਸੈਨਾ ਵਿੱਚ ਇੱਕ ਤਜਰਬੇਕਾਰ ਅਧਿਕਾਰੀ ਮੰਨਿਆ ਜਾਂਦਾ ਹੈ। ਉਨ੍ਹਾਂ ਨੂੰ 1 ਜੁਲਾਈ, 1987 ਨੂੰ ਜਲ ਸੈਨਾ ਵਿੱਚ ਕਮਿਸ਼ਨ ਦਿੱਤਾ ਗਿਆ ਸੀ। ਉਹ ਸੰਚਾਰ ਅਤੇ ਇਲੈਕਟ੍ਰਾਨਿਕ ਯੁੱਧ ਵਿੱਚ ਮਾਹਰ ਹਨ। ਉਹ ਇਸ ਸਮੇਂ ਮੁੰਬਈ ਵਿੱਚ ਪੱਛਮੀ ਜਲ ਸੈਨਾ ਕਮਾਂਡ ਦੇ ਕਮਾਂਡਰ ਵਜੋਂ ਸੇਵਾ ਨਿਭਾਉਂਦੇ ਹਨ। ਉਨ੍ਹਾਂ ਨੇ ਆਪਣੀ ਸ਼ੁਰੂਆਤੀ ਫੌਜੀ ਸਿੱਖਿਆ ਨੈਸ਼ਨਲ ਡਿਫੈਂਸ ਅਕੈਡਮੀ ਤੋਂ ਹਾਸਲ ਕੀਤੀ। ਉਨ੍ਹਾਂ ਨੇ ਯੂਕੇ ਵਿੱਚ ਸੰਯੁਕਤ ਸੇਵਾਵਾਂ ਕਮਾਂਡ ਅਤੇ ਸਟਾਫ ਕਾਲਜ, ਕਰੰਜਾ ਵਿੱਚ ਕਾਲਜ ਆਫ਼ ਨੇਵਲ ਵਾਰਫੇਅਰ ਅਤੇ ਸੰਯੁਕਤ ਰਾਜ ਅਮਰੀਕਾ ਵਿੱਚ ਯੂ.ਐਸ. ਨੇਵਲ ਵਾਰ ਕਾਲਜ ਵਿੱਚ ਵੀ ਸਿਖਲਾਈ ਲਈ ਹੈ।

## ਪੰਜਾਬ ਭਰ 'ਚ ਲਗਾਈ ਗਈ

ਸਹਿਯੋਗੀ ਭਾਈਵਾਲ ਸ਼ਾਮਲ ਹੋਏ। ਇਸ ਦੌਰਾਨ ਸਿਵਲ, ਵਿਆਹੁਤਾ, ਜਾਇਦਾਦ, ਮੋਟਰ ਦੁਰਘਟਨਾ ਦੇ ਦਾਅਵਿਆਂ, ਬੈਂਕਿੰਗ, ਬੀਮਾ ਅਤੇ ਹੋਰ ਮਾਮਲਿਆਂ ਸਮੇਤ ਕਈ ਤਰ੍ਹਾਂ ਦੇ ਕੇਸਾਂ ਦਾ ਆਪਸੀ ਸਹਿਮਤੀ ਰਾਹੀਂ ਨਿਪਟਾਰਾ ਕੀਤਾ ਗਿਆ। ਲੋਕ ਅਦਾਲਤ ਨੇ ਮੁਕੱਦਮੇਬਾਜ਼ਾਂ ਨੂੰ ਰਾਹਤ ਪ੍ਰਦਾਨ ਕਰਨ ਦੇ ਨਾਲ ਨਾਲ ਅਦਾਲਤਾਂ ਵਿੱਚ ਲੰਬਿਤ ਪਏ ਕੇਸਾਂ ਦੇ ਬੋਝ ਨੂੰ ਘਟਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਹੈ।

ਸੂਬੇ ਦੇ ਸਾਰੇ ਜ਼ਿਲ੍ਹਿਆਂ ਅਤੇ ਸਬ-ਡਵੀਜ਼ਨਾਂ ਵਿੱਚ ਕੁੱਲ 399 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ ਜਿਸ ਵਿੱਚ 5,25,137 ਕੇਸਾਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚੋਂ 4,68,633 ਕੇਸਾਂ ਦਾ ਸੁਹਿਰਦਤਾ ਨਾਲ ਨਿਪਟਾਰਾ ਕੀਤਾ ਗਿਆ ਅਤੇ 917.55 ਕਰੋੜ ਰੁਪਏ ਦੇ ਅਵਾਰਡ ਪਾਸ ਕੀਤੇ ਗਏ।

ਰਾਸ਼ਟਰੀ ਲੋਕ ਅਦਾਲਤ ਨਾਲ ਸੂਬੇ ਭਰ ਦੇ ਹਜ਼ਾਰਾਂ ਮੁਕੱਦਮੇਬਾਜ਼ ਥੋੜ੍ਹੇ ਸਮੇਂ ਵਿੱਚ ਆਪਣੇ ਝਗੜਿਆਂ ਦਾ ਨਿਪਟਾਰਾ ਕਰਨ ਦੇ ਯੋਗ ਹੋਏ ਹਨ। ਇਸ ਦੌਰਾਨ ਇੱਕ ਦਹਾਕੇ ਤੋਂ ਵੱਧ ਪੁਰਾਣੇ ਵਿਵਾਦਾਂ ਸਮੇਤ ਲੰਬਿਤ ਪਏ ਕਈ ਮਾਮਲਿਆਂ ਦਾ ਸਫਲਤਾਪੂਰਵਕ ਨਿਪਟਾਰਾ ਕੀਤਾ ਗਿਆ, ਜਿਸ ਨਾਲ ਅਦਾਲਤ 'ਤੇ ਲੰਬਿਤ ਕੇਸਾਂ ਦਾ ਬੋਝ ਕਾਫ਼ੀ ਹੱਦ ਤੱਕ ਘੱਟ ਗਿਆ।

ਅਦਾਲਤਾਂ ਨੂੰ ਬੈਂਕਿੰਗ ਸੰਸਥਾਵਾਂ, ਬੀਮਾ ਕੰਪਨੀਆਂ, ਸਰਕਾਰੀ ਵਿਭਾਗਾਂ ਅਤੇ ਆਮ ਲੋਕਾਂ ਵੱਲੋਂ ਭਾਰੀ ਹੁੰਗਾਰਾ ਮਿਲਿਆ, ਜੋ ਲੋਕ ਅਦਾਲਤਾਂ ਵਿੱਚ ਲੋਕਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਸ ਮੌਕੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਣਯੋਗ ਸ੍ਰੀ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੇ ਸੂਬੇ ਭਰ ਦੇ ਨਿਆਂਇਕ ਅਧਿਕਾਰੀਆਂ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਅਤੇ ਵਲੰਟੀਅਰਾਂ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਦੀ ਸਮੂਹਿਕ ਵਚਨਬੱਧਤਾ ਨੇ ਇਸ ਮੈਗਾ ਪ੍ਰੋਗਰਾਮ ਨੂੰ ਸਫਲ ਬਣਾਇਆ।

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਸਾਰੀਆਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀਆਂ, ਰਾਜ ਨਿਆਂਪਾਲਿਕਾ, ਬਾਰ ਮੈਂਬਰਾਂ, ਪੁਲਿਸ ਅਧਿਕਾਰੀਆਂ ਅਤੇ ਸਿਵਲ ਪ੍ਰਸ਼ਾਸਨ ਦਾ ਉਨ੍ਹਾਂ ਦੇ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ।

# ਦਹਾਕਿਆਂ ਪਿੱਛੋਂ ਨਹਿਰੀ ਪਾਣੀ ਟੇਲਾਂ 'ਤੇ ਪੈਂਦੇ ਪਿੰਡਾਂ ਤੱਕ ਪੁੱਜਾ, ਰੋਪੜ ਨਹਿਰੀ ਨੈੱਟਵਰਕ ਹੇਠ ਸਿੰਚਾਈ ਖੇਤਰ 'ਚ ਲਗਭਗ 200% ਤੱਕ ਦਾ ਹੋਇਆ ਵਾਧਾ : ਗੋਇਲ

ਚੰਡੀਗੜ੍ਹ, 9 ਮਈ (ਚ.ਨ.ਸ.): ਪੰਜਾਬ ਦੇ ਸਿੰਚਾਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਤਹਿਤ ਰੋਪੜ ਨਹਿਰੀ ਨੈੱਟਵਰਕ ਦਾ ਪਾਣੀ ਹੁਣ ਟੇਲਾਂ 'ਤੇ ਪੈਂਦੇ ਪਿੰਡਾਂ ਤੱਕ ਵੀ ਪਹੁੰਚ ਗਿਆ ਹੈ, ਜੋ ਉਨ੍ਹਾਂ ਕਿਸਾਨਾਂ ਲਈ ਇਕ ਬਦਲਾਅਕਾਰੀ ਸਮਾਂ ਹੈ, ਜੋ ਲੰਮੇ ਸਮੇਂ ਤੋਂ ਜ਼ਮੀਨ ਹੇਠਲੇ ਅਨਿਸ਼ਚਿਤ ਪਾਣੀ 'ਤੇ ਨਿਰਭਰ ਸਨ। ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ 2025-26 ਵਿੱਚ ਰੋਪੜ ਨਹਿਰੀ ਨੈੱਟਵਰਕ ਹੇਠ ਸਿੰਚਾਈ ਰਕਬਾ 29,488 ਏਕੜ ਤੋਂ ਵੱਧ ਕੇ 85,447 ਏਕੜ ਹੋ ਗਿਆ ਹੈ। ਇਸ ਤਹਿਤ 3,882 ਏਕੜ ਹੋਰ ਰਕਬਾ ਸ਼ਾਮਲ ਕੀਤਾ ਜਾ ਰਿਹਾ ਹੈ, ਜਿਸ ਨਾਲ ਕੁੱਲ ਖੇਤਰ 89,329 ਏਕੜ ਤੱਕ ਪਹੁੰਚੇਗਾ, ਜੋ ਲਗਭਗ 200% ਤੱਕ ਦੇ ਵਾਧੇ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਵੇਲੇ ਪੰਜਾਬ ਵਿੱਚ ਨਹਿਰੀ ਪਾਣੀ ਦੀ ਵਰਤੋਂ ਸਿਰਫ਼ 26.5% ਸੀ। ਟਿਕਾਊ ਜਲ ਪ੍ਰਬੰਧਨ ਦੀ ਲੋੜ ਨੂੰ ਸਮਝਦਿਆਂ ਮਾਨ ਸਰਕਾਰ ਨੇ ਲੰਮੇ ਸਮੇਂ ਤੋਂ ਅਣਦੇਖੀਆਂ ਪਈਆਂ ਨਹਿਰਾਂ, ਡਿਸਟਰੀਬਿਊਟਰੀਆਂ ਅਤੇ ਖਾਲਿਆਂ ਦੀ ਵੱਡੇ ਪੱਧਰ 'ਤੇ ਸਫਾਈ, ਮੁਰੰਮਤ ਅਤੇ ਮੁੜ ਬਹਾਲੀ ਸ਼ੁਰੂ ਕੀਤੀ।

ਉਨ੍ਹਾਂ ਕਿਹਾ ਕਿ ਸਰਕਾਰ ਦੇ ਇਹ ਯਤਨ ਹੁਣ ਸਪੱਸ਼ਟ ਨਤੀਜੇ ਦੇ ਰਹੇ ਹਨ। ਪੰਜਾਬ ਪਹਿਲਾਂ ਹੀ ਨਹਿਰੀ ਪਾਣੀ ਨਾਲ ਖੇਤਾਂ ਦੀ ਸਿੰਚਾਈ ਦਾ ਲਗਭਗ 78% ਟੀਚਾ ਹਾਸਲ ਕਰ ਚੁੱਕਾ ਹੈ, ਜਿਸ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਝੋਨੇ ਦੀ ਬਿਜਾਈ ਦੇ ਸੀਜ਼ਨ ਦੌਰਾਨ ਹਰ ਕਿਸਾਨ ਤੱਕ ਨਹਿਰੀ ਪਾਣੀ ਪਹੁੰਚੇ। ਲੁਧਿਆਣਾ ਅਤੇ ਮਾਲੇਰਕੋਟਲਾ ਖੇਤਰ ਦੇ ਪਿੰਡ ਰੁੜਕਾ, ਪੰਡੋਰੀ, ਜੰਗਪੁਰਾ, ਢੱਟ, ਢਲੇਰ ਕਲਾਂ, ਨੁੱਥੂਹੇੜੀ, ਮਨਖੇੜੀ, ਸੁਲਤਾਨਪੁਰ, ਬੁੱਢਣ, ਭਦਰਾਵਾਂ, ਬੜੂੰਦੀ, ਰਾਸ਼ਿਨ, ਤੁੰਗਾਹੇੜੀ, ਕੰਗਣਵਾਲ ਆਦਿ ਪਿੰਡਾਂ ਵਿੱਚ ਲਗਭਗ 40 ਸਾਲਾਂ ਬਾਅਦ




ਨਹਿਰੀ ਪਾਣੀ ਖੇਤਾਂ ਤੱਕ ਪਹੁੰਚਿਆ ਹੈ, ਜਿਸ ਨਾਲ ਕਿਸਾਨਾਂ ਵਿੱਚ ਨਵੀਂ ਉਮੀਦ ਅਤੇ ਖੇਤੀਬਾੜੀ ਉਤਪਾਦਕਤਾ ਵਿੱਚ ਸੁਧਾਰ ਆਇਆ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਬਦਲਾਅ ਦਾ ਇੱਕ ਅਹਿਮ ਪੱਖ ਲਿਫ਼ਟ ਸਿੰਚਾਈ ਸਕੀਮਾਂ ਦੀ ਮੁੜ ਬਹਾਲੀ ਅਤੇ ਉਨ੍ਹਾਂ ਦਾ ਵਿਸਥਾਰ ਹੈ। ਸਮਲਾਹ, ਪਹਾੜਪੁਰ, ਲਾਖੇੜ ਅਤੇ ਮਿੱਧਵਾਂ ਵਰਗੇ ਪਿੰਡਾਂ ਵਿੱਚ ਰਾਈਜ਼ਰ ਅਤੇ ਸਟੋਰੇਜ ਟੈਂਕ ਆਦਿ ਢਾਂਚਾ ਤਿਆਰ ਕੀਤਾ ਜਾ ਚੁੱਕਾ ਹੈ, ਜਿਸ ਨਾਲ ਹੁਣ ਤੱਕ ਸਿੰਚਾਈ ਤੋਂ ਵਾਂਝੇ ਰਹੇ ਖੇਤਰਾਂ ਤੱਕ ਵੀ ਪਾਣੀ ਪਹੁੰਚ ਰਿਹਾ ਹੈ। ਸ੍ਰੀ ਅਨੰਦਪੁਰ ਸਾਹਿਬ ਦੇ ਇਲਾਕੇ ਵਿੱਚ ਵੀ ਲਿਫ਼ਟ ਸਿੰਚਾਈ ਯੋਜਨਾਵਾਂ ਰਾਹੀਂ ਹੋਰ 3,882 ਏਕੜ ਰਕਬੇ ਨੂੰ ਨਹਿਰੀ ਸਿੰਚਾਈ ਹੇਠ ਲਿਆਂਦਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇੱਕ ਹੋਰ ਵੱਡੀ ਉਪਲਬਧੀ ਲਿਫ਼ਟ ਸਿੰਚਾਈ ਪ੍ਰਣਾਲੀਆਂ ਦੀ ਮੁੜ ਬਹਾਲੀ ਹੈ, ਜੋ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਬੰਦ ਪਈਆਂ ਸਨ। ਮਾਨ ਸਰਕਾਰ ਅਤੇ ਕਿਸਾਨਾਂ ਦੇ ਸਾਂਝੇ ਯਤਨਾਂ ਨਾਲ ਪੁਰਾਣੀਆਂ ਪਾਈਪਲਾਈਨਾਂ, ਪੰਪਾਂ ਅਤੇ ਕੰਟਰੋਲ ਪੈਨਲਾਂ ਦੀ ਮੁਰੰਮਤ ਕੀਤੀ ਗਈ ਹੈ ਜਾਂ ਉਨ੍ਹਾਂ ਨੂੰ ਬਦਲਿਆ ਗਿਆ ਹੈ ਅਤੇ ਪੰਪ ਘਰਾਂ ਨੂੰ ਮੁੜ ਚਾਲੂ ਕੀਤਾ ਗਿਆ ਹੈ। ਕਿਸਾਨਾਂ ਨੇ ਵੀ ਖੇਤ ਪੱਧਰ ਦੇ ਢਾਂਚੇ ਨੂੰ ਅਪਗ੍ਰੇਡ ਕਰਕੇ ਇਸ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਇਨ੍ਹਾਂ ਕੋਸ਼ਿਸ਼ਾਂ ਦੇ ਦੇ ਨਤੀਜੇ ਵਜੋਂ ਰੋਪੜ ਜ਼ਿਲ੍ਹੇ ਦੀ ਨੰਗਲ ਤਹਿਸੀਲ ਵਿੱਚ ਲਗਭਗ 1,539 ਏਕੜ ਵਾਧੂ ਜ਼ਮੀਨ ਨੂੰ ਨਹਿਰੀ ਪਾਣੀ ਦੀ ਸਿੰਚਾਈ ਹੇਠ ਲਿਆਂਦਾ ਗਿਆ ਹੈ। ਨਹਿਰੀ ਪਾਣੀ ਦੇ ਲੰਮੇ ਸਮੇਂ ਦੇ ਫ਼ਾਇਦਿਆਂ ਨੂੰ ਵੇਖਦੇ ਹੋਏ ਕਿਸਾਨਾਂ ਨੇ ਪਾਣੀ ਦੇ ਸੁਚੱਜੇ ਵੰਡ ਤਰੀਕਿਆਂ ਨੂੰ ਅਪਣਾਉਣ ਵਿੱਚ ਵੀ ਦਿਲਚਸਪੀ ਦਿਖਾਈ ਹੈ।

ਇਨ੍ਹਾਂ ਯਤਨਾਂ ਦਾ ਅਸਰ ਸਿਰਫ਼ ਅੰਕੜਿਆਂ ਤੱਕ ਹੀ ਸੀਮਿਤ ਨਹੀਂ ਹੈ, ਸਗੋਂ ਇਹ ਟਿਕਾਊ ਖੇਤੀਬਾੜੀ ਵੱਲ ਇੱਕ ਮਜ਼ਬੂਤ ਕਦਮ, ਜ਼ਮੀਨ ਹੇਠਲੇ ਪਾਣੀ 'ਤੇ ਨਿਰਭਰਤਾ ਵਿੱਚ ਕਮੀ ਅਤੇ ਖੇਤੀਬਾੜੀ ਉਤਪਾਦਕਤਾ ਵਿੱਚ ਵਾਧੇ ਨੂੰ ਦਰਸਾਉਂਦਾ ਹੈ। ਦੂਰ-ਦੁਰਾਡੇ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾ ਕੇ ਪੰਜਾਬ ਸਰਕਾਰ ਨਾ ਸਿਰਫ਼ ਢਾਂਚੇ ਨੂੰ ਮੁੜ ਜੀਵਤ ਕਰ ਰਹੀ ਹੈ, ਸਗੋਂ ਕਿਸਾਨਾਂ ਦਾ ਭਰੋਸਾ ਵੀ ਬਹਾਲ ਕਰ ਰਹੀ ਹੈ। ਗੋਇਲ ਨੇ ਕਿਹਾ ਕਿ ਮਾਨ ਸਰਕਾਰ ਦੀ ਇਹ ਪਹਿਲ ਪੰਜਾਬ ਦੇ ਕਿਸਾਨਾਂ ਅਤੇ ਨਾਗਰਿਕਾਂ ਦੀ ਜ਼ਿੰਦਗੀ ਨੂੰ ਹੋਰ ਸੁਰੱਖਿਅਤ, ਖ਼ੁਸ਼ਹਾਲ ਅਤੇ ਟਿਕਾਊ ਬਣਾਉਣ ਦੀ ਦੂਰਅੰਦੇਸ਼ ਸੋਚ ਦੀ ਧਾਰਨੀ ਹੈ ਅਤੇ ਇਸ ਦੇ ਨਾਲ ਹੀ ਸਰਕਾਰ ਸੂਬੇ ਦੇ ਸਭ ਤੋਂ ਕੀਮਤੀ ਸਰੋਤ ਪਾਣੀ ਨੂੰ ਬਚਾਉਣ ਨੂੰ ਵੀ ਯਕੀਨੀ ਬਣਾ ਰਹੀ ਹੈ।

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਘੜੇ ਦਾ ਪਾਣੀ ਪੀਣ ਵਾਲੇ ਹੋ ਜਾਣ ਸਾਵਧਾਨ! ਛੋਟੀ ਜਿਹੀ ਗਲਤੀ ਪੈ ਸਕਦੀ ਹੈ ਸਿਹਤ 'ਤੇ ਭਾਰੀ

ਗਰਮੀਆਂ ਦੇ ਮੌਸਮ 'ਚ ਲੋਕ ਅਕਸਰ ਠੰਢਾ ਅਤੇ ਤਾਜ਼ਾ ਪਾਣੀ ਪੀਣ ਲਈ ਮਿੱਟੀ ਦੇ ਮਟਕੇ ਦੀ ਵਰਤੋਂ ਕਰਦੇ ਹਨ। ਮਿੱਟੀ ਦਾ ਮਟਕਾ ਨਾ ਸਿਰਫ਼ ਪਾਣੀ ਨੂੰ ਕੁਦਰਤੀ ਤੌਰ 'ਤੇ ਠੰਢਾ ਰੱਖਦਾ ਹੈ, ਸਗੋਂ ਇਸ ਦਾ ਸੁਆਦ ਵੀ ਵਧਾਉਂਦਾ ਹੈ ਪਰ ਸਿਹਤ ਮਾਹਿਰਾਂ



ਅਨੁਸਾਰ, ਜੇਕਰ ਮਟਕੇ ਦੇ ਪਾਣੀ ਨੂੰ ਸਮੇਂ-ਸਮੇਂ 'ਤੇ ਬਦਲਿਆ ਨਾ ਜਾਵੇ, ਤਾਂ ਇਹ ਪਾਣੀ ਸਿਹਤ ਲਈ ਜ਼ਹਿਰ ਦੇ ਬਰਾਬਰ ਹੋ ਸਕਦਾ ਹੈ।

**24 ਘੰਟਿਆਂ 'ਚ ਬਦਲੋ ਪਾਣੀ ;** ਆਮ ਤੌਰ 'ਤੇ ਮਟਕੇ ਦਾ ਪਾਣੀ ਹਰ 24 ਘੰਟਿਆਂ ਦੇ ਅੰਦਰ ਬਦਲ ਦੇਣਾ ਚਾਹੀਦਾ ਹੈ। ਗਰਮੀ 'ਚ ਤਾਪਮਾਨ ਜ਼ਿਆਦਾ ਹੋਣ ਕਾਰਨ ਲੰਬੇ ਸਮੇਂ ਤੱਕ ਰੱਖੇ ਪਾਣੀ @ਚ ਬੈਕਟੀਰੀਆ ਪੈਦਾ ਹੋਣ ਦਾ ਖ਼ਤਰਾ ਵੱਧ ਜਾਂਦਾ ਹੈ। ਇਸ ਲਈ ਰੋਜ਼ਾਨਾ ਤਾਜ਼ਾ ਪਾਣੀ ਭਰਨਾ ਹੀ ਉਚਿਤ ਹੈ।

**ਕਿਉਂ ਖ਼ਰਾਬ ਹੁੰਦਾ ਹੈ ਪਾਣੀ** ਮਿੱਟੀ ਦਾ ਮਟਕਾ ਕੁਦਰਤੀ ਤੌਰ 'ਤੇ ਛੇਦਦਾਰ ਹੁੰਦਾ ਹੈ, ਜਿਸ ਕਾਰਨ ਬਾਹਰਲੀ ਹਵਾ ਅਤੇ ਧੂੜ ਦੇ ਕਣ ਅੰਦਰ ਪਹੁੰਚ ਸਕਦੇ ਹਨ। ਜੇਕਰ ਮਟਕਾ ਸਾਫ਼ ਨਾ ਹੋਵੇ ਜਾਂ ਪਾਣੀ ਪੁਰਾਣਾ ਹੋ ਜਾਵੇ, ਤਾਂ ਇਸ ਵਿੱਚ ਕੀਟਾਣੂ ਵਿਕਸਿਤ ਹੋ ਜਾਂਦੇ ਹਨ, ਜੋ ਪੇਟ ਦੀਆਂ ਬਿਮਾਰੀਆਂ ਦਾ ਕਾਰਨ ਬਣਦੇ ਹਨ।

**ਸਫਾਈ ਲਈ ਨਾ ਕਰੋ ਕੈਮੀਕਲ ਦੀ ਵਰਤੋਂ:** ਸਿਰਫ਼ ਪਾਣੀ ਬਦਲਣਾ ਹੀ ਕਾਫ਼ੀ ਨਹੀਂ ਹੈ, ਸਗੋਂ ਮਟਕੇ ਦੀ ਸਫਾਈ ਵੀ ਬਹੁਤ ਜ਼ਰੂਰੀ ਹੈ। ਮਟਕੇ ਨੂੰ ਹਫ਼ਤੇ @ਚ ਘੱਟੋ-ਘੱਟ 2-3 ਵਾਰ ਜ਼ਰੂਰ ਧੋਣਾ ਚਾਹੀਦਾ ਹੈ। ਸਫਾਈ ਲਈ ਸਾਬਣ ਜਾਂ ਕੈਮੀਕਲ ਦੀ ਵਰਤੋਂ ਕਰਨ ਦੀ ਬਜਾਏ ਨਮਕ, ਬੇਕਿੰਗ ਸੋਡਾ ਜਾਂ ਨਿੰਬੂ ਦੀ ਵਰਤੋਂ ਕਰੋ। ਇਹ ਚੀਜ਼ਾਂ ਕੁਦਰਤੀ ਤੌਰ 'ਤੇ ਗੰਦਗੀ ਨੂੰ ਸਾਫ਼ ਕਰਦੀਆਂ ਹਨ।

**ਪੁਰਾਣਾ ਪਾਣੀ ਪੀਣ ਦੇ ਨੁਕਸਾਨ:** ਲੰਬੇ ਸਮੇਂ ਤੱਕ ਰੱਖਿਆ ਪਾਣੀ ਪੀਣ ਨਾਲ ਗੈਸ, ਬਦਹਜ਼ਮੀ, ਇਨਫੈਕਸ਼ਨ ਅਤੇ ਫੂਡ ਪੌਇਜ਼ਨਿੰਗ ਵਰਗੀਆਂ ਸਮੱਸਿਆਵਾਂ ਹੋ ਸਕਦੀਆਂ ਹਨ।

# ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਏਪੁਰ,ਬਹਾਦਰਗੜ੍ਹ ਵਿਖੇ ਮਾਂ ਦਿਵਸ ਮਨਾਇਆ





ਪਟਿਆਲਾ, 9 ਮਈ (ਚ.ਨ.ਸ.) : ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਏਪੁਰ,ਬਹਾਦਰਗੜ੍ਹ ਵਿਖੇ ਮਾਂ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਆਪਣੀ ਮਾਂ ਪ੍ਰਤੀ ਪਿਆਰ ਅਤੇ ਸਤਿਕਾਰ ਦੀ ਭਾਵਨਾ ਪੈਦਾ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਪੇਸ਼ ਕੀਤੀਆਂ ਗਈਆਂ। ਵਿਦਿਆਰਥੀਆਂ ਨੇ ਮਾਂ ਦੀ ਮਹਾਨਤਾ ਨੂੰ ਦਰਸਾਉਂਦੇ ਹੋਏ ਸੁੰਦਰ ਨਾਟਕ ਪੇਸ਼ ਕੀਤੇ ਗਏ ,ਭਾਵਪੂਰਣ ਕਵਿਤਾਵਾਂ ਸੁਣਾਈਆਂ ਗਈਆਂ ਅਤੇ ਮਨਮੋਹਕ ਗੀਤ ਗਾਏ ਗਏ ਸਨ। ਇਨ੍ਹਾਂ ਪ੍ਰਸਤੁਤੀਆਂ ਨੇ ਸਾਰੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਆਪਣੀਆਂ ਮਾਤਾਵਾਂ ਨੂੰ ਧੰਨਵਾਦ ਪੱਤਰ ਵੀ ਲਿਖੇ ਗਏ, ਜਿਸ ਰਾਹੀਂ ਵਿਦਿਆਰਥੀਆਂ ਨੇ ਆਪਣੀਆਂ ਭਾਵਨਾਵਾਂ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਸ਼ਬਦਾਂ ਵਿੱਚ ਪ੍ਰਗਟ ਕੀਤਾ। ਸਕੂਲ ਦੇ ਡਾਇਰੈਕਟਰ ਸੇਵਾ ਰਤਨ ਡਾ. ਜਸਵਿੰਦਰ ਕੌਰ ਦਰਦੀ ਨੇ ਕਿਹਾ ਕਿ ਮਾਂ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ, ਜੋ ਉਸ ਨੂੰ ਜੀਵਨ ਦੇ ਅਸਲ ਮੁੱਲ ਸਿਖਾਉਂਦੀ ਹੈ। ਸਾਨੂੰ ਹਮੇਸ਼ਾਂ ਆਪਣੀ ਮਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ 1 ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਮੋਨੀਕਾ ਵਾਲੀਆ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ



ਅੰਦਰ ਨੈਤਿਕ ਮੁੱਲਾਂ ਅਤੇ ਪਰਿਵਾਰਕ ਸੰਸਕਾਰਾਂ ਨੂੰ ਮਜ਼ਬੂਤ ਕਰਦੇ ਹਨ। ਮਾਂ ਦਾ ਸਥਾਨ ਜੀਵਨ ਵਿੱਚ ਸਭ ਤੋਂ ਉੱਚਾ ਹੁੰਦਾ ਹੈ ਅਤੇ ਸਾਨੂੰ ਹਰ ਦਿਨ ਉਸਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮਾਂ ਦਿਵਸ ਦੀਆਂ ਵਧਾਈਆਂ ਦਿੱਤੀਆਂ।

# ਰਾਜਪਾਲ ਕਟਾਰੀਆ ਵੱਲੋਂ ਰਾਸ਼ਟਰੀ ਏਕਤਾ ਲਈ ਲੋਕਾਂ ਨੂੰ ਮਹਾਰਾਣਾ ਪ੍ਰਤਾਪ ਦੇ ਆਦਰਸ਼ਾਂ 'ਤੇ ਚੱਲਣ ਦਾ ਸੱਦਾ

ਬਲਾਚੌਰ, 9 ਮਈ: (ਸੁਖਦੇਵ ਸਿੰਘ ਉੜਾਪੜ) : ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਲੋਕਾਂ, ਖਾਸ ਕਰ ਨੌਜਵਾਨ ਪੀੜ੍ਹੀ ਨੂੰ ਰਾਸ਼ਟਰੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਨੂੰ ਮਜ਼ਬੂਤ ਕਰਨ ਲਈ ਮਹਾਰਾਣਾ ਪ੍ਰਤਾਪ ਵੱਲੋਂ ਦਰਸਾਏ ਮਾਰਗ @ਤੇ ਚੱਲਣ ਦਾ ਸੱਦਾ ਦਿੱਤਾ। ਬਲਾਚੌਰ ਵਿਖੇ ਮਹਾਰਾਣਾ ਪ੍ਰਤਾਪ ਜਯੰਤੀ ਸਮਾਗਮ ਦੌਰਾਨ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਰਾਜਪਾਲ ਨੇ ਕਿਹਾ ਕਿ ਮਹਾਨ ਰਾਜਪੂਤ ਯੋਧੇ ਦਾ ਜੀਵਨ ਅਤੇ ਕੁਰਬਾਨੀ ਦੇਸ਼ ਭਰ ਵਿੱਚ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਮਾਤ ਭੂਮੀ ਦੀ ਰੱਖਿਆ ਵਿੱਚ ਮਹਾਰਾਣਾ ਪ੍ਰਤਾਪ ਦੇ ਯੋਗਦਾਨ ਨੂੰ ਉਜਾਗਰ ਕਰਦਿਆਂ ਰਾਜਪਾਲ ਨੇ ਕਿਹਾ ਕਿ ਮਹਾਨ ਯੋਧੇ ਨੇ ਮੁਗਲਾਂ ਖਿਲਾਫ਼ ਬਹਾਦਰੀ ਨਾਲ ਲੜਦੇ ਹੋਏ ਆਪਣਾ ਸਮੁੱਚਾ ਜੀਵਨ ਰਾਸ਼ਟਰ ਦੇ ਸਨਮਾਨ ਅਤੇ ਅਖੰਡਤਾ ਦੀ ਰਾਖੀ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਮਹਾਰਾਣਾ ਪ੍ਰਤਾਪ ਦੀ ਕੁਰਬਾਨੀ ਅਤੇ ਬਹਾਦਰੀ ਨੂੰ ਵਿਸ਼ਵ ਇਤਿਹਾਸ ਵਿੱਚ ਬੇਮਿਸਾਲ ਦੱਸਦਿਆਂ ਕਿਹਾ ਕਿ



ਅਜਿਹੇ ਨਾਇਕ ਦੇਸ਼ ਭਗਤੀ ਅਤੇ ਸਵੈ-ਮਾਣ ਦੇ ਸੱਚੇ ਪ੍ਰਤੀਕ ਹਨ। ਰਾਜਪਾਲ ਨੇ ਪੰਜਾਬ ਦੀ ਕੁਰਬਾਨੀ ਅਤੇ ਬਹਾਦਰੀ ਦੀ ਸ਼ਾਨਦਾਰ ਵਿਰਾਸਤ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਪੰਜਾਬ ਦੀ ਧਰਤੀ ਦੇਸ਼ ਅਤੇ ਧਾਰਮਿਕ ਆਜ਼ਾਦੀ ਦੀ ਰਾਖੀ ਵਿੱਚ ਹਮੇਸ਼ਾ ਮੋਹਰੀ ਰਹੀ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸਿੱਖ ਗੁਰੂ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਦੇਸ਼ ਅਤੇ ਮਨੁੱਖਤਾ ਲਈ ਦਿੱਤੀ ਗਈ ਸਰਬਉੱਚ ਕੁਰਬਾਨੀ ਸਦੀਵੀ ਪ੍ਰੇਰਨਾ ਬਣੀ ਰਹੇਗੀ। ਭਾਰਤ ਨੂੰ ਅਣਗਿਣਤ ਨਾਇਕਾਂ ਅਤੇ ਸ਼ਹੀਦਾਂ ਦੀ ਧਰਤੀ ਦੱਸਦਿਆਂ ਸ਼੍ਰੀ ਕਟਾਰੀਆ ਨੇ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਨ੍ਹਾਂ ਦੇ ਜੀਵਨ ਅਤੇ ਫਲਸਫੇ ਤੋਂ ਜਾਣੂ ਕਰਵਾਉਣਾ ਸਮਾਜ ਦੀ ਨੈਤਿਕ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਮਹਾਨ ਇਤਿਹਾਸਕ ਸ਼ਖਸੀਅਤਾਂ ਬਾਰੇ ਜਾਗਰੂਕਤਾ ਫੈਲਾਉਣ ਅਤੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਦਰਸ਼ ਅਪਣਾਉਣ ਲਈ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਤੋਂ ਪਹਿਲਾਂ ਰਾਜਪਾਲ ਨੇ ਹੋਰ ਪਤਵੰਤਿਆਂ ਦੇ ਨਾਲ ਸ਼ਮਾ ਰੌਸ਼ਨ ਕਰਕੇ ਸਮਾਗਮ ਦਾ ਉਦਘਾਟਨ ਕੀਤਾ। ਉਨ੍ਹਾਂ ਰਾਜਪੂਤ ਸਭਾ ਬਲਾਚੌਰ ਵੱਲੋਂ ਸ਼ਾਨਦਾਰ ਸ਼ੋਭਾ ਯਾਤਰਾ ਨੂੰ ਝੰਡੀ ਦੇ ਕੇ ਰਵਾਨਾ ਕੀਤਾ, ਜੋ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਲੰਘੀ। ਰਾਜਪਾਲ ਦਾ ਸਮਾਗਮ ਵਿੱਚ ਪਹੁੰਚਣ @ਤੇ ਐਮ.ਪੀ. ਸਤਨਾਮ ਸਿੰਘ ਸੰਧੂ, ਵਿਧਾਇਕ ਸੰਤੋਸ਼ ਕਟਾਰੀਆ, ਚੇਅਰਮੈਨ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਜਸਵੀਰ ਸਿੰਘ ਗੜ੍ਹੀ, ਡੀ.ਆਈ.ਜੀ. ਸਤਿੰਦਰ ਸਿੰਘ, ਐਸ.ਐਸ.ਪੀ. ਤੁਸ਼ਾਰ ਗੁਪਤਾ, ਐਸ.ਡੀ.ਐਮ. ਬਲਾਚੌਰ ਸੁਨੀਲ ਫੋਗਾਟ ਅਤੇ ਰਾਜਪੂਤ ਸਭਾ ਬਲਾਚੌਰ ਦੇ ਪ੍ਰਧਾਨ ਭੁਪਿੰਦਰ ਰਾਣਾ ਅਤੇ ਹੋਰ ਨੁਮਾਇੰਦਿਆਂ ਵੱਲੋਂ ਸਵਾਗਤ ਕੀਤਾ ਗਿਆ। ਸਭਾ ਵੱਲੋਂ ਸਮਾਗਮ ਦੇ ਅਖੀਰ ਵਿੱਚ ਵੀ ਰਾਜਪਾਲ ਨੂੰ ਸਨਮਾਨਿਤ ਕੀਤਾ ਗਿਆ।

# ਕੈਨੇਡਾ 'ਚ ਵਧਦੀ ਜਾ ਰਹੀ ਬੇਰੁਜ਼ਗਾਰੀ ਨੇ ਤੋੜਿਆ ਪਿਛਲੇ 6 ਮਹੀਨਿਆਂ ਦਾ ਰਿਕਾਰਡ

ਵੈਨਕੂਵਰ, 9 ਮਈ (ਚ.ਨ.ਸ.) : ਕੈਨੇਡਾ 'ਚ ਪ੍ਰਵਾਸੀਆਂ ਦੀ ਵਧਦੀ ਜਾ ਰਹੀ ਗਿਣਤੀ ਦੀ ਮਾਰ ਨੌਕਰੀਆਂ 'ਤੇ ਹੁਣ ਸਾਫ਼ ਦਿਖਾਈ ਦੇਣ ਲੱਗੀ ਹੈ, ਜਿਸ ਕਾਰਨ ਬੇਰੁਜ਼ਗਾਰੀ ਦੀ ਸਥਿਤੀ ਹੋਰ ਚਿੰਤਾਜਨਕ ਬਣਦੀ ਨਜ਼ਰ ਆ ਰਹੀ ਹੈ। ਅੰਕੜਿਆਂ ਅਨੁਸਾਰ ਅਪ੍ਰੈਲ ਮਹੀਨੇ ਦੌਰਾਨ ਦੇਸ਼ ਵਿੱਚ ਕੁੱਲ 17,700 ਨੌਕਰੀਆਂ ਘੱਟ ਹੋਈਆਂ ਹਨ, ਜਿਸ ਕਾਰਨ ਬੇਰੁਜ਼ਗਾਰੀ ਦਰ ਵਧ ਕੇ 6.9 ਫੀਸਦੀ ਤੱਕ ਪਹੁੰਚ ਗਈ ਹੈ, ਜੋ ਪਿਛਲੇ 6 ਮਹੀਨਿਆਂ ਵਿੱਚ ਸਭ ਤੋਂ ਉੱਚਾ ਪੱਧਰ ਦੱਸਿਆ ਜਾ ਰਿਹਾ ਹੈ। ਰਿਪੋਰਟਾਂ ਮੁਤਾਬਕ ਸਭ ਤੋਂ ਵੱਧ ਅਸਰ ਫੁੱਲ-ਟਾਈਮ ਨੌਕਰੀਆਂ 'ਤੇ ਪਿਆ ਹੈ। ਹਾਲਾਂਕਿ ਪਾਰਟ-ਟਾਈਮ ਨੌਕਰੀਆਂ ਵਿੱਚ ਕੁਝ ਵਾਧਾ ਵੀ ਦਰਜ ਕੀਤਾ ਗਿਆ। ਜਾਣਕਾਰੀ ਅਨੁਸਾਰ ਉਤਪਾਦਨ ਅਤੇ ਨਿਰਮਾਣ ਖੇਤਰ ਸਭ ਤੋਂ ਵੱਧ ਪ੍ਰਭਾਵਿਤ ਰਹੇ ਹਨ। ਮਾਹਿਰਾਂ ਦਾ ਕਹਿਣਾ ਹੈ ਕਿ ਅਮਰੀਕੀ ਟੈਰਿਫ਼, ਵਪਾਰਕ ਅਨਿਸ਼ਚਿਤਤਾ ਅਤੇ ਤੇਲ-ਗੈਸ ਦੀਆਂ ਵਧ ਰਹੀਆਂ ਕੀਮਤਾਂ ਕਾਰਨ ਕਾਰੋਬਾਰੀ ਨਵੀਆਂ ਭਰਤੀਆਂ ਕਰਨ ਤੋਂ ਹਿਚਕਿਚਾ ਰਹੇ ਹਨ। ਸਟੈਟਿਸਟਿਕਸ ਕੈਨੇਡਾ ਦੇ ਅੰਕੜਿਆਂ ਮੁਤਾਬਕ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਦਰ 14.3 ਫੀਸਦੀ ਤੱਕ ਪਹੁੰਚ ਗਈ ਹੈ, ਜਿਸ ਨੂੰ ਲੈ ਕੇ ਆਰਥਿਕ ਮਾਹਿਰਾਂ ਨੇ ਚਿੰਤਾ ਜਤਾਈ ਹੈ। ਆਰਥਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਕੈਨੇਡਾ ਦਾ ਰੁਜ਼ਗਾਰ ਬਾਜ਼ਾਰ ਇਸ ਸਮੇਂ ਦਬਾਅ ਹੇਠ ਹੈ ਅਤੇ ਆਉਣ ਵਾਲੇ ਮਹੀਨਿਆਂ ਵਿੱਚ ਵੀ ਸਥਿਤੀ ਵਿੱਚ ਤੁਰੰਤ ਵੱਡੇ ਸੁਧਾਰ ਦੀ ਸੰਭਾਵਨਾ ਘੱਟ ਦਿਖਾਈ ਦੇ ਰਹੀ ਹੈ।




ਸਟੈਟਿਸਟਿਕਸ ਕੈਨੇਡਾ ਦੇ ਅੰਕੜਿਆਂ ਅਨੁਸਾਰ ਅਪ੍ਰੈਲ ਵਿਚ ਦੇਸ਼ ਵਿਚ 17,700 ਨੌਕਰੀਆਂ ਖ਼ਤਮ ਹੋਈਆਂ, ਜਿਸ ਨਾਲ ਬੇਰੁਜ਼ਗਾਰੀ ਦਰ ਵੱਧ ਕੇ 6.9% ਹੋ ਗਈ। ਪਿਛਲੇ ਛੇ ਮਹੀਨਿਆਂ ਵਿਚ ਇਹ ਸੱਭ ਤੋਂ ਉੱਚਾ ਪੱਧਰ ਹੈ। ਮਾਹਰਾਂ ਨੇ ਅਮਰੀਕੀ ਟੈਰਿਫ਼ਾਂ ਅਤੇ ਵਪਾਰਕ ਅਨਿਸ਼ਚਿਤਤਾ ਨੂੰ ਮੁੱਖ ਕਾਰਨ ਦਸਿਆ।ਸੀ.ਆਈ.ਬੀ.ਸੀ. ਦੇ ਅਰਥਸ਼ਾਸਤਰੀ ਐਂਡਰੂ ਗ੍ਰੈਂਥਮ ਨੇ ਕਿਹਾ ਕਿ 2026 ਦੇ ਪਹਿਲੇ ਚਾਰ ਮਹੀਨਿਆਂ 'ਚੋਂ ਤਿੰਨ ਮਹੀਨਿਆਂ ਵਿਚ ਨੌਕਰੀਆਂ ਘਟੀਆਂ ਹਨ, ਜੋ ਲੇਬਰ ਮਾਰਕੀਟ ਲਈ ਨਕਾਰਾਤਮਕ ਸੰਕੇਤ ਹੈ।ਅਪ੍ਰੈਲ ਵਿਚ ਫੁੱਲ-ਟਾਈਮ ਨੌਕਰੀਆਂ 46,700 ਘਟੀਆਂ, ਹਾਲਾਂਕਿ ਪਾਰਟ-ਟਾਈਮ ਵਿਚ 29,000 ਵਾਧੇ ਨਾਲ ਕੁੱਝ ਹੱਦ ਤਕ ਨੁਕਸਾਨ ਘਟਿਆ। ਸਾਲ ਦੇ ਪਹਿਲੇ ਚਾਰ ਮਹੀਨਿਆਂ ਵਿਚ ਕੁਲ 111,000 ਫੁੱਲ-ਟਾਈਮ ਨੌਕਰੀਆਂ ਘਟੀਆਂ। ਉਦਯੋਗ ਖੇਤਰ ਵਿਚ 26,800 ਨੌਕਰੀਆਂ ਘਟੀਆਂ, ਜਦਕਿ ਸਰਵਿਸ ਸੈਕਟਰ ਵਿਚ 9,100 ਵਧੀਆਂ। ਨੌਜੁਆਨਾਂ ਵਿਚ ਬੇਰੁਜ਼ਗਾਰੀ ਦਰ 14.3% ਤਕ ਪਹੁੰਚ ਗਈ।

# ਕੇਂਦਰੀ ਮੰਤਰੀ ਸ਼ਿਵਰਾਜ ਸਿੰਘ 18,907 ਕਰੋੜ ਦੀ ਵੰਡ ਨਾਲ ਪੇਂਡੂ ਸੰਪਰਕ ਨੂੰ ਦੇਣਗੇ ਨਵਾਂ ਹੁਲਾਰਾ

ਨਵੀਂ ਦਿੱਲੀ, 9 ਮਈ (ਚ.ਨ.ਸ.) : 10 ਮਈ ਪੇਂਡੂ ਭਾਰਤ ਦੇ ਵਿਕਾਸ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਅਤੇ ਪ੍ਰੇਰਨਾਦਾਇਕ ਅਧਿਆਇ ਹੋਵੇਗਾ, ਜਿਸ ਵਿੱਚ ਮੱਧ ਪ੍ਰਦੇਸ਼ ਦੇ ਸਿਹੋਰ ਜ਼ਿਲ੍ਹੇ ਦੇ ਭੇਰੂੰਡਾ ਵਿੱਚ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਦੇ 25 ਸਾਲਾਂ ਦੀ ਯਾਦ ਵਿੱਚ ਸਿਲਵਰ ਜੁਬਲੀ ਸਮਾਰੋਹ ਅਤੇ ਇਸ ਪਲੇਟਫਾਰਮ ਤੋਂ PMGSY-IV ਦੀ ਸ਼ੁਰੂਆਤ ਹੋਵੇਗੀ। ਇਸ ਮੌਕੇ 'ਤੇ, ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ, ਸ਼੍ਰੀ ਸ਼ਿਵਰਾਜ ਸਿੰਘ ਚੌਹਾਨ, ਦੇਸ਼ ਦੇ ਪਿੰਡਾਂ ਨੂੰ ਮਜ਼ਬੂਤ, ਟਿਕਾਊ ਅਤੇ ਹਰ ਮੌਸਮ ਵਿੱਚ ਪੱਕੀਆਂ ਸੜਕਾਂ ਨਾਲ ਜੋੜਨ ਦੇ ਰਾਸ਼ਟਰੀ ਸੰਕਲਪ ਨੂੰ ਊਰਜਾ ਦੇਣਗੇ। ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ. ਮੋਹਨ ਯਾਦਵ ਵੀ ਇਸ ਮਹੱਤਵਪੂਰਨ ਸਮਾਗਮ ਵਿੱਚ ਹਿੱਸਾ ਲੈਣਗੇ। ਇਹ ਸਮਾਗਮ ਨਾ ਸਿਰਫ਼ ਇੱਕ ਸਰਕਾਰੀ ਪ੍ਰੋਗਰਾਮ ਹੋਵੇਗਾ, ਸਗੋਂ ਪੇਂਡੂ ਪਰਿਵਰਤਨ, ਸਮਾਜਿਕ ਸਮਾਵੇਸ਼, ਅਤੇ ਬੁਨਿਆਦੀ ਢਾਂਚੇ ਰਾਹੀਂ ਵਿਕਾਸ ਨੂੰ ਆਖਰੀ ਮੀਲ ਤੱਕ ਲਿਜਾਣ ਦੀ ਵਚਨਬੱਧਤਾ ਦਾ ਇੱਕ ਸ਼ਾਨਦਾਰ ਜਸ਼ਨ ਹੋਵੇਗਾ। ਇਸ ਸਮਾਗਮ ਵਿੱਚ, ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਮੁੱਖ ਮੰਤਰੀ ਮੋਹਨ ਯਾਦਵ ਨੂੰ 2,117 ਕਿਲੋਮੀਟਰ ਫੈਲੀਆਂ 973 ਸੜਕਾਂ ਲਈ ਪ੍ਰਵਾਨਗੀ ਪੱਤਰ ਅਤੇ ਵਿੱਤੀ ਵੰਡ ਸੌਂਪਣਗੇ ਅਤੇ PMGSY-IV ਅਧੀਨ ਮੱਧ ਪ੍ਰਦੇਸ਼ ਦੀਆਂ 987 ਬਸਤੀਆਂ ਨੂੰ ਲਾਭ ਪਹੁੰਚਾਉਣਗੇ। ਉਹ PM-JANMAN ਅਧੀਨ 384 ਕਿਲੋਮੀਟਰ ਤੋਂ ਵੱਧ ਸੜਕ ਪ੍ਰੋਜੈਕਟ ਵੀ ਅਲਾਟ ਕਰਨਗੇ, ਜਿਸ ਨਾਲ 168 ਪਛੜੇ ਬਸਤੀਆਂ ਨੂੰ ਸਿੱਧਾ ਲਾਭ ਹੋਵੇਗਾ। ਇਸ ਸਮਾਗਮ ਦੌਰਾਨ, ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਸਾਲ 2026-27 ਲਈ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਲਈ ?18,907 ਕਰੋੜ ਦੀ ਕੁੱਲ ਸੰਕੇਤਕ ਵੰਡ ਦਾ ਐਲਾਨ ਕਰਨਗੇ, ਜਿਸ ਵਿੱਚੋਂ ?830 ਕਰੋੜ ਮੱਧ ਪ੍ਰਦੇਸ਼ ਦੇ ਵਿਕਾਸ ਲਈ ਸਮਰਪਿਤ ਹੋਣਗੇ। ਇਹ ਵੰਡ ਪੇਂਡੂ ਸੰਪਰਕ, ਆਰਥਿਕ ਗਤੀਵਿਧੀਆਂ ਤੱਕ ਪਹੁੰਚ, ਸਿੱਖਿਆ, ਸਿਹਤ ਅਤੇ ਖੇਤੀਬਾੜੀ ਮਾਰਕੀਟਿੰਗ ਨੂੰ ਹੋਰ ਮਜ਼ਬੂਤ ? ?ਕਰਨ ਵੱਲ ਇੱਕ ਵੱਡਾ ਕਦਮ ਹੋਵੇਗਾ।

ਇਹ ਸਮਾਰੋਹ 10 ਮਈ ਨੂੰ ਦੁਪਹਿਰ 12 ਵਜੇ ਸ਼ੁਰੂ ਹੋਵੇਗਾ, ਜਿਸ ਵਿੱਚ ਕੇਂਦਰੀ ਮੰਤਰੀ ਸ਼੍ਰੀ ਚੌਹਾਨ, ਮੁੱਖ ਮੰਤਰੀ ਡਾ. ਯਾਦਵ, ਕੇਂਦਰੀ ਪੇਂਡੂ ਵਿਕਾਸ ਅਤੇ ਸੰਚਾਰ ਰਾਜ ਮੰਤਰੀ ਡਾ. ਚੰਦਰਸ਼ੇਖਰ ਪੇਮਾਸਾਨੀ, ਕੇਂਦਰੀ ਪੇਂਡੂ ਵਿਕਾਸ ਰਾਜ ਮੰਤਰੀ ਸ਼੍ਰੀ ਕਮਲੇਸ਼ ਪਾਸਵਾਨ, ਮੱਧ ਪ੍ਰਦੇਸ਼ ਪੇਂਡੂ ਵਿਕਾਸ ਅਤੇ ਕਿਰਤ ਮੰਤਰੀ ਸ਼੍ਰੀ ਪ੍ਰਹਿਲਾਦ ਸਿੰਘ ਪਟੇਲ, ਮੱਧ ਪ੍ਰਦੇਸ਼ ਸਰਕਾਰ ਦੇ ਹੋਰ ਜਨ ਪ੍ਰਤੀਨਿਧੀ ਅਤੇ ਕੇਂਦਰ ਅਤੇ ਰਾਜ ਸਰਕਾਰਾਂ ਦੇ ਸੀਨੀਅਰ ਅਧਿਕਾਰੀ ਸ਼ਾਮਲ ਹੋਣਗੇ।

# ਪੈਰਿਸ ਦੀ ਧਰਤੀ 'ਤੇ ਗੂੰਜੀ ਪੰਜਾਬੀ ਮਾਂ-ਬੋਲੀ ਦੀ ਮਹਿਕ; ਕੁਲਵੰਤ ਕੌਰ ਚੰਨ 'ਪੰਜਾਬੀ ਮਾਂ-ਬੋਲੀ ਦਾ ਮਾਣ ਐਵਾਰਡ' ਨਾਲ ਸਨਮਾਨਿਤ





ਪੈਰਿਸ (ਫਰਾਂਸ), 9 ਮਈ (ਚ.ਨ.ਸ.) : ਪੰਜਾਬੀ ਮਾਂ-ਬੋਲੀ ਨੂੰ ਪ੍ਰਫੁੱਲਿਤ ਕਰਨ ਅਤੇ ਵਿਦੇਸ਼ਾਂ ਵਿੱਚ ਜੰਮਪਲ ਬੱਚਿਆਂ ਨੂੰ ਆਪਣੀ ਵਿਰਾਸਤ ਨਾਲ ਜੋੜਨ ਦੇ ਮਕਸਦ ਨਾਲ ਪੈਰਿਸ ਦੇ ਕਲੱਬ ਹਾਊਸ ਲੇ-ਮੂਸੋ ਵੀਲਪੰਥ ਵਿਖੇ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕੁਲਵੰਤ ਕੌਰ ਚੰਨ ਫਰਾਂਸ ਵੱਲੋਂ ਸੰਪਾਦਿਤ ਪੁਸਤਕ ਨਵੀਆਂ ਕਲਮਾਂ ਨਵੀਂ ਉਡਾਣ ਲੋਕ ਅਰਪਣ ਕੀਤੀ ਗਈ। ਇਸ ਮੌਕੇ ਪੰਜਾਬ ਭਵਨ ਸਰੀ (ਕੈਨੇਡਾ) ਦੇ ਸੰਸਥਾਪਕ ਅਤੇ ਉੱਘੇ ਸਮਾਜ ਸੇਵੀ ਸੁੱਖੀ ਬਾਠ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਕੁਲਵੰਤ ਕੌਰ ਚੰਨ ਨੂੰ ਉਨ੍ਹਾਂ ਦੀਆਂ ਸਾਹਿਤਕ ਸੇਵਾਵਾਂ ਲਈ ਪੰਜਾਬੀ ਮਾਂ-ਬੋਲੀ ਦਾ ਮਾਣ ਐਵਾਰਡ ਅਤੇ ਫੁਲਕਾਰੀ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਸ੍ਰੀ ਸੁੱਖੀ ਬਾਠ ਨੇ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਬੱਚਿਆਂ ਨੂੰ ਮੋਬਾਈਲਾਂ ਤੋਂ ਦੂਰ ਕਰਕੇ ਉਨ੍ਹਾਂ ਦੇ ਹੱਥਾਂ ਵਿੱਚ ਕਲਮਾਂ ਫੜਾਉਣਾ ਅਤੇ ਉਨ੍ਹਾਂ ਨੂੰ ਪੰਜਾਬੀ ਵਿਰਸੇ ਨਾਲ ਜੋੜਨਾ ਇਕ ਇਤਿਹਾਸਕ ਕਦਮ ਹੈ। ਉਨ੍ਹਾਂ ਕਿਹਾ, ÷ਮੈਨੂੰ ਇਹ ਦੇਖ ਕੇ ਬਹੁਤ ਹੌਸਲਾ ਮਿਲਿਆ ਹੈ ਕਿ ਯੂਰਪ ਵਿੱਚ ਰਹਿ ਰਹੇ ਬੱਚਿਆਂ ਅਤੇ ਮਾਪਿਆਂ ਅੰਦਰ ਆਪਣੀ ਬੋਲੀ ਪ੍ਰਤੀ ਇੰਨਾ ਉਤਸ਼ਾਹ ਹੈ। ਚੰਨ ਭੈਣ ਜੀ ਨੇ ਬਹੁਤ ਹੀ ਘੱਟ ਸਮੇਂ ਵਿੱਚ ਬੱਚਿਆਂ ਨੂੰ ਇਸ ਕਾਬਿਲ ਬਣਾਇਆ ਹੈ, ਜੋ ਕਾਬਿਲੇ-ਤਾਰੀਫ਼ ਹੈ।÷ ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਭਵਨ ਕੈਨੇਡਾ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮਾਂ ਲਈ ਹਰ ਤਰ੍ਹਾਂ ਦਾ ਸਹਿਯੋਗ ਅਤੇ ਸਪਾਂਸਰਸ਼ਿਪ ਜਾਰੀ ਰੱਖੇਗਾ। ਸਮਾਗਮ ਦੌਰਾਨ ਅੰਤਰਰਾਸ਼ਟਰੀ ਪੰਜਾਬੀ ਸੁਰਸੰਗਮ ਫਰਾਂਸ ਦੇ ਚੇਅਰਮੈਨ ਸ੍ਰ. ਰਣਜੀਤ ਸਿੰਘ ਫਰਾਂਸ ਨੂੰ ਨਿੱਘੀ ਲੋਈ (ਛਾਲ) ਦੇ ਕੇ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਇੰਗਲੈਂਡ ਤੋਂ ਸਿੱਖ ਚੈਨਲ ਦੇ ਪ੍ਰਸਿੱਧ ਐਂਕਰ ਬੀਬੀ ਪ੍ਰਵਿੰਦਰ ਸਰੋਆ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ, ਜਿਨ੍ਹਾਂ ਨੂੰ ਫਰਾਂਸ ਦੀ ਸੰਗਤ ਵੱਲੋਂ ਫੁਲਕਾਰੀ ਭੇਟ ਕੀਤੀ ਗਈ। ਸੰਸਥਾ ਦੇ ਜਨਰਲ ਸਕੱਤਰ ਸੁਖਪਾਲ ਸਿੰਘ ਵੱਲੋਂ ਸ੍ਰੀ ਸੁੱਖੀ ਬਾਠ ਨੂੰ ਪੈਰਿਸ ਦੀ ਮਸ਼ਹੂਰ ਸੁਗਾਤ ਪਰਫਿਊਮ ਅਤੇ ਲੋਈ ਭੇਟ ਕੀਤੀ ਗਈ। ਪ੍ਰੋਜੈਕਟ ਇੰਚਾਰਜ (ਯੂਰਪ) ਅਤੇ ਅੰਤਰਰਾਸ਼ਟਰੀ ਪੰਜਾਬੀ ਸੁਰਸੰਗਮ ਦੀ ਪ੍ਰਧਾਨ ਕੁਲਵੰਤ ਕੌਰ ਚੰਨ ਨੇ ਭਾਵੁਕ ਹੁੰਦਿਆਂ ਸਭ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਸਭ ਬੱਚਿਆਂ ਦੇ ਮਾਪਿਆਂ ਦੇ ਸਹਿਯੋਗ ਅਤੇ ਪੰਜਾਬ ਭਵਨ ਕੈਨੇਡਾ ਦੇ ਸਰਪ੍ਰਸਤ ਸੁੱਖੀ ਬਾਠ ਜੀ ਦੀ ਰਹਿਨੁਮਾਈ ਸਦਕਾ ਸੰਭਵ ਹੋਇਆ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਭਾਰਤ ਤੋਂ ਪ੍ਰੋਜੈਕਟ ਇੰਚਾਰਜ ਓਂਕਾਰ ਸਿੰਘ ਤੇਜੇ ਅਤੇ ਫਰਾਂਸ ਦੀ ਸਮੁੱਚੀ ਟੀਮ ਦਾ ਸ਼ੁਕਰੀਆ ਅਦਾ ਕੀਤਾ। ਇਸ ਮੌਕੇ ਹੁਸਨਜੀਤ ਸਿੰਘ, ਸੁਖਚੈਨ ਸਿੰਘ, ਸੁਖਪਾਲ ਸਿੰਘ, ਅਵਤਾਰ ਸਿੰਘ, ਮਨਦੀਪ ਸਿੰਘ ਅਤੇ ਵੱਡੀ ਗਿਣਤੀ ਵਿੱਚ ਬੀਬੀਆਂ ਤੇ ਬੱਚਿਆਂ ਨੇ ਸ਼ਮੂਲੀਅਤ ਕਰਕੇ ਪ੍ਰੋਗਰਾਮ ਨੂੰ ਯਾਦਗਾਰੀ ਬਣਾਇਆ।

# ਫੀਫਾ-2026 ਦੀ ਮੇਜ਼ਬਾਨੀ ਲਈ 'ਸਾਇੰਸ ਵਰਲਡ' ਦਾ ਹੋਵੇਗਾ ਕਾਇਆਕਲਪ

ਵੈਨਕੂਵਰ, 9 ਮਈ (ਚ.ਨ.ਸ.) : ਫੀਫਾ ਵਰਲਡ ਕੱਪ 2026 ਨੂੰ ਲੈ ਕੇ ਕੈਨੇਡਾ ਦੇ ਸ਼ਹਿਰ ਵੈਨਕੂਵਰ




ਵਿੱਚ ਤਿਆਰੀਆਂ ਨੂੰ ਹੋਰ ਰੰਗੀਨ ਬਣਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਵੈਨਕੂਵਰ ਦਾ ਪ੍ਰਸਿੱਧ 'ਸਾਇੰਸ ਵਰਲਡ' ਗੁੰਬਦ ਹੁਣ ਇਕ ਵਿਸ਼ਾਲ ਫੁੱਟਬਾਲ ਦੀ ਸ਼ਕਲ ਵਿੱਚ ਸਜਾਇਆ ਜਾ ਰਿਹਾ ਹੈ, ਜੋ ਸਥਾਨਕ ਲੋਕਾਂ ਅਤੇ ਸੈਲਾਨੀਆਂ ਲਈ ਖਾਸ ਆਕਰਸ਼ਣ ਦਾ ਕੇਂਦਰ ਬਣੇਗਾ। ਜਾਣਕਾਰੀ ਮੁਤਾਬਕ ਇਸ ਵਿਸ਼ੇਸ਼ ਡਿਜ਼ਾਈਨ ਤਹਿਤ ਸਾਇੰਸ ਵਰਲਡ ਦੇ ਗੋਲ ਗੁੰਬਦ ਨੂੰ ਰੰਗ-ਬਿਰੰਗੇ ਫੁੱਟਬਾਲ ਦੇ ਰੂਪ ਵਿੱਚ ਤਬਦੀਲ ਕੀਤਾ ਜਾਵੇਗਾ, ਜਿਸ 'ਤੇ ਫੀਫਾ ਵਰਲਡ ਕੱਪ 2026 ਨਾਲ ਸੰਬੰਧਿਤ ਡਿਜ਼ਾਈਨ ਅਤੇ ਲੋਗੋ ਵੀ ਦਰਸਾਏ ਜਾਣਗੇ। ਇਹ ਪ੍ਰਾਜੈਕਟ ਵੈਨਕੂਵਰ ਵਿੱਚ ਵਰਲਡ ਕੱਪ ਦੇ ਮਾਹੌਲ ਨੂੰ ਹੋਰ ਉਤਸ਼ਾਹਪੂਰਨ ਬਣਾਉਣ ਲਈ ਕੀਤਾ ਜਾ ਰਿਹਾ ਹੈ।ਵਰਨਣਯੋਗ ਹੈ ਕਿ ਵੈਨਕੂਵਰ ਫੀਫਾ ਵਰਲਡ ਕੱਪ 2026 ਦੇ ਮੇਜ਼ਬਾਨ ਸ਼ਹਿਰਾਂ ਵਿੱਚੋਂ ਇੱਕ ਹੈ ਅਤੇ ਬੀਸੀ ਪਲੇਸ ਸਟੇਡੀਅਮ ਵਿੱਚ ਕਈ ਮਹੱਤਵਪੂਰਨ ਮੁਕਾਬਲੇ ਖੇਡੇ ਜਾਣੇ ਹਨ। ਇਸ ਦੇ ਮੱਦੇਨਜ਼ਰ ਸ਼ਹਿਰ ਭਰ ਵਿੱਚ ਸਜਾਵਟ, ਸੁਰੱਖਿਆ ਅਤੇ ਸੈਰ-ਸਪਾਟੇ ਨਾਲ ਸੰਬੰਧਿਤ ਕਈ ਯੋਜਨਾਵਾਂ 'ਤੇ ਕੰਮ ਜਾਰੀ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸਾਇੰਸ ਵਰਲਡ ਨੂੰ ਵਿਸ਼ਾਲ ਫੁੱਟਬਾਲ ਦੇ ਰੂਪ ਵਿੱਚ ਦੇਖਣਾ ਇਕ ਵਿਲੱਖਣ ਅਨੁਭਵ ਹੋਵੇਗਾ ਅਤੇ ਇਸ ਨਾਲ ਵੈਨਕੂਵਰ ਦੀ ਵਿਸ਼ਵ ਪੱਧਰੀ ਪਛਾਣ ਨੂੰ ਹੋਰ ਮਜ਼ਬੂਤੀ ਮਿਲੇਗੀ।











# ਪਟਿਆਲਾ-ਆਸ/ਪਾਸ



## ਮਹਿਮਦਪੁਰ ਮੰਡੀ ਵਿਖੇ ਮੁੱਖ ਮੰਤਰੀ ਮਾਨ ਵੱਲੋਂ ਪਿੰਡ ਬਰਸਟ ਵਾਸੀਆਂ ਦਾ ਧੰਨਵਾਦ

➢ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਸ਼ੁਕਰਾਨਾ ਯਾਤਰਾ ਦਾ ਸਵਾਗਤ



ਸਮਾਣਾ, 9 ਮਈ (ਵਿਜੇ ਕੁਮਾਰ/ ਸੁਖਜਿੰਦਰ/ਜਵੰਦਾ) ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਕੱਢੀ ਜਾ ਰਹੀ 'ਸ਼ੁਕਰਾਨਾ ਯਾਤਰਾ' ਅੱਜ ਮਹਿਮਦਪੁਰ ਮੰਡੀ ਵਿਖੇ ਪਹੁੰਚੀ, ਜਿੱਥੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਜਨ ਸੈਲਾਬ ਨੇ ਮੁੱਖ ਮੰਤਰੀ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਲੋਕਾਂ ਦੇ ਵੱਡੇ ਹਜੂਮ ਵਿੱਚ ਸ. ਹਰਚੰਦ ਸਿੰਘ ਬਰਸਟ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੂੰ ਸਿਰੋਪਾ ਅਤੇ ਸ੍ਰੀ ਸਾਹਿਬ ਭੇਟ ਕਰਕੇ ਸਵਾਗਤ ਕੀਤਾ ਗਿਆ। ਇਸ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਮਹਿਮਦਪੁਰ ਮੰਡੀ ਦੇ ਲੋਕਾਂ ਅਤੇ ਖਾਸ ਤੌਰ 'ਤੇ ਪਿੰਡ ਬਰਸਟ ਵਾਲਿਆਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਇਲਾਕਾ ਨਿਵਾਸੀਆਂ ਨੇ ਪਿਆਰ ਦਿੱਤਾ ਹੈ, ਉਹ ਉਨ੍ਹਾਂ ਦੇ ਹਮੇਸ਼ਾ ਦਿਲਾਂ ਵਿੱਚ ਰਹੇਗਾ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਬੇਅਦਬੀਆਂ ਦੇ ਮਾਮਲੇ ਵਿੱਚ ਉਮਰ ਕੈਦ ਤੱਕ ਦੀ ਸਜ਼ਾ ਦਾ ਕਾਨੂੰਨ ਬਣਾ ਕੇ ਇੱਕ ਇਤਿਹਾਸਕ ਫੈਸਲਾ ਲਿਆ ਹੈ। ਮਹਿਮਦਪੁਰ ਮੰਡੀ ਵਿੱਚ ਮੁੱਖ ਮੰਤਰੀ ਦੇ ਪਹੁੰਚਣ 'ਤੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਪੂਰੇ ਰਸਤੇ ਵਿੱਚ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂ, ਸਥਾਨਕ ਇਕਾਈ ਦੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ। ਸ. ਬਰਸਟ ਨੇ ਆਈ ਹੋਈ ਸੰਗਤ ਦਾ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਤਹਿ ਦਿਲੋਂ ਧੰਨਵਾਦ ਕੀਤਾ।

## 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜਾਗਰੂਕਤਾ ਦੀ ਲਹਿਰ, ਪਿੰਡ-ਪਿੰਡ ਪਹੁੰਚੇਗਾ ਸੰਦੇਸ਼

ਮਲੇਰਕੋਟਲਾ, 9 ਮਈ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਛੇੜੀ ਗਈ ਯੁੱਧ ਨਸ਼ਿਆਂ ਵਿਰੁੱਧ (YNV) ਫੇਜ਼-2 ਮੁਹਿੰਮ ਤਹਿਤ ਜ਼ਿਲ੍ਹਾ ਮਾਲੇਰਕੋਟਲਾਂ ਦੇ ਵਿਧਾਨ ਸਭਾ ਹਲਕਾ ਅਮਰਗੜ੍ਹ ਵਿੱਚ ਈ-ਰਿਕਸ਼ਾ ਆਧਾਰਿਤ ਵਿਸ਼ਾਲ ਜਾਗਰੂਕਤਾ ਅਭਿਆਨ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ ਨੇ ਦੱਸਿਆ ਕਿ ਨਸ਼ਿਆਂ ਦੇ ਖ਼ਿਲਾਫ਼ ਸਮਾਜਿਕ ਚੇਤਨਾ ਪੈਦਾ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਬਚਾਉਣ ਲਈ ਇਹ ਵਿਸ਼ੇਸ਼ ਮੁਹਿੰਮ ਇੱਕ ਮਹੀਨੇ ਤੱਕ ਲਗਾਤਾਰ ਚਲਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਅਮਰਗੜ੍ਹ ਦੇ ਸਮੁੱਚੇ ਪਿੰਡਾਂ ਵਿੱਚ 4 ਈ-ਰਿਕਸ਼ਾ ਰੋਜ਼ਾਨਾ ਚੱਲਣਗੇ, ਜੋ ਲੋਕਾਂ ਤੱਕ ਨਸ਼ਾ ਵਿਰੋਧੀ ਸੰਦੇਸ਼ ਪਹੁੰਚਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ




ਜਾਗਰੂਕ ਕਰਨਗੇ। ਇਹ ਈ-ਰਿਕਸ਼ਾ ਸਾਊਂਡ ਸਿਸਟਮ ਅਤੇ ਨਸ਼ਾ ਵਿਰੋਧੀ ਸੰਦੇਸ਼ਾਂ ਵਾਲੀ ਬ੍ਰਾਂਡਿੰਗ ਨਾਲ ਲੈਸ ਹੋਣਗੇ ਅਤੇ ਹਰ ਰੋਜ਼ ਕਰੀਬ 40 ਪਿੰਡਾਂ/ਵਾਰਡਾਂ ਤੱਕ ਪਹੁੰਚ ਬਣਾਉਣਗੇ। ਰਿੰਪੀ ਗਰਗ ਨੇ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਅੰਦਰੋਂ ਖੋਖਲਾ ਕਰ ਦਿੰਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਮੁਕਤ, ਤੰਦਰੁਸਤ ਅਤੇ ਖੁਸ਼ਹਾਲ ਪੰਜਾਬ ਦੀ ਸਿਰਜਣਾ ਲਈ ਸਰਕਾਰ ਅਤੇ ਪ੍ਰਸ਼ਾਸਨ ਦਾ ਸਾਥ ਦੇਣ ਅਤੇ ਇਸ ਮੁਹਿੰਮ ਨੂੰ ਲੋਕ ਅੰਦੋਲਨ ਬਣਾਇਆ ਜਾਵੇ।

## ਕੌਮੀ ਲੋਕ ਅਦਾਲਤ 'ਚ ਸੈਂਕੜੇ ਕੇਸਾਂ ਦਾ ਮੌਕੇ 'ਤੇ ਨਿਪਟਾਰਾ

ਸਮਾਣਾ, 9 ਮਈ (ਜਵੰਦਾ/ਵਿਜੇ ਕੁਮਾਰ/ਸੁਖਜਿੰਦਰ/ਅਮਿਤ) : ਸਮਾਣਾ ਦੀਆਂ ਨਿਆਇਕ ਅਦਾਲਤਾਂ ਵਿਖੇ ਜਿਲਾ ਅਤੇ ਸੈਸ਼ਨ ਜੱਜ-ਕਮ ਚੇਅਰਮੈਨ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਸ੍ਰੀ ਅਵਤਾਰ ਸਿੰਘ ਅਤੇ ਕਾਨੂੰਨੀ ਸੇਵਾਵਾਂ ਅਥਾਰਟੀ ਜ਼ਿਲ੍ਹਾ ਪਟਿਆਲਾ ਤੇ ਸੈਕਟਰੀ ਕਮ ਸੀ ਜੇ ਐਮ ਇੰਚਾਰਜ ਸ੍ਰੀ ਅਸ਼ੋਕ ਚੌਹਾਨ ਦੀ ਅਗਵਾਈ ਹੇਠ ਉਪ-ਮੰਡਲ ਪੱਧਰ 'ਤੇ ਇਸ ਸਾਲ ਦੀ ਦੂਜੀ ਕੌਮੀ ਲੋਕ ਅਦਾਲਤ ਲਗਾਈ ਗਈ। ਉਪ-ਮੰਡਲ ਪੱਧਰ 'ਤੇ ਦੋ ਕੌਮੀ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ ਜਿਨ੍ਹਾਂ ਵਿੱਚੋਂ ਇੱਕ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ ਜੂਨੀਅਰ ਡਿਵੀਜ਼ਨ ਸਮਾਣਾ ਮੈਡਮ ਮੋਹਿਨੀ ਗੋਇਲ ਅਤੇ ਦੂਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ ਡਿਵੀਜ਼ਨ ਸਮਾਣਾ ਮੈਡਮ ਡਿੰਪਲ ਗਰਗ ਨੇ ਕੀਤੀ। ਇਹਨਾਂ ਕੌਮੀ ਲੋਕ ਅਦਾਲਤਾਂ ਵਿੱਚ ਦੀਵਾਨੀ ਅਤੇ ਸਮਝੌਤਾਯੋਗ ਫੌਜਦਾਰੀ, ਟ੍ਰੈਫਿਕ ਚਲਾਨ, ਬੈਂਕਾਂ ਦੇ ਕੇਸ ਆਦਿ ਕੇਸ ਸੁਣਵਾਈ ਲਈ ਪੇਸ਼ ਹੋਏ, ਜਿਹਨਾਂ ਵਿੱਚੋਂ ਜਿਆਦਾਤਰ ਕੇਸਾਂ ਦੇ ਆਪਸੀ ਸਮਝੌਤੇ ਕਰਵਾ ਕੇ ਕੇਸ ਫੈਸਲਾ ਕਰਵਾ ਦਿੱਤੇ ਗਏ। ਇਸ ਮੌਕੇ ਲੋਕ ਅਦਾਲਤ




ਕਮੇਟੀ ਮੈਂਬਰ, ਡਾ. ਸ਼ਾਮ ਲਾਲ, ਆਸ਼ਾ ਨੰਦ ਤੁਲਾਨੀ, ਐਡਵੋਕੇਟਸ ਸਬਦ ਕੌਰ, ਮਨਪ੍ਰੀਤ ਕੌਰ ਰੀਡਰ ਕਿਰਨ ਕੁਮਾਰ, ਸਰਵੇਸ਼ ਕੁਮਾਰ, ਸਟੈਨੋ ਗੁਰਧਿਆਨ ਸਿੰਘ, ਯਤਿਨ ਸੱਚਦੇਵਾ, ਕਾਨੂੰਨੀ ਸੇਵਾਵਾ ਅਥਾਰਟੀ ਦੇ ਮੈਡਮ ਮੋਨਿਕਾ ਪਹੂਜਾ, ਐਡਵੋਕੇਟ ਵਿਪਨ ਕੁਮਾਰ ਬਾਂਸਲ ਤੋਂ ਇਲਾਵਾ ਸਮਾਣਾ ਬਾਰ ਦੇ ਵਕੀਲ ਸਹਿਬਾਨ, ਵੱਖ-ਵੱਖ ਬੈਂਕਾਂ ਦੇ ਕਰਮਚਾਰੀ ਅਤੇ ਕੇਸਾਂ ਦੀ ਸੁਣਵਾਈ ਵਾਲੇ ਲੋਕ ਹਾਜ਼ਰ ਸਨ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸ੍ਰ: ਨਵਦੀਪ ਸਿੰਘ ਢਿਲੋਂ ਕੌਮੀ ਲੋਕ ਅਦਾਲਤਾਂ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਕੌਮੀ ਲੋਕ ਅਦਾਲਤਾਂ ਵਿੱਚ ਦੋਨਾਂ ਧਿਰਾਂ ਨੂੰ ਸਮਝਾ ਕੇ ਕੇਸਾਂ ਵਿੱਚ ਹੁੰਦੇ ਨੁਕਸਾਨ ਤੋਂ ਜਾਣੂੰ ਕਰਵਾ ਕੇ ਆਪਸੀ ਸਹਿਮਤੀ ਨਾਲ ਸਮਝੌਤੇ ਕਰਵਾਏ ਜਾਂਦੇ ਹਨ ਅਤੇ ਰਿਕਵਰੀ ਕੇਸਾਂ ਵਿੱਚ ਲਗਾਈ ਗਈ ਕੋਰਟ ਫੀਸ ਸਾਇਲ ਨੂੰ ਪੂਰੀ ਵਾਪਿਸ ਮਿਲ ਜਾਂਦੀ ਹੈ। ਉਹਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਚਲਦੇ ਕੇਸਾਂ ਦੇ ਫੈਸਲੇ ਕੌਮੀ ਲੋਕ ਅਦਾਲਤਾਂ ਰਾਹੀਂ ਕਰਵਾਉਣ ਤਾਂ ਜੋ ਆਪਸੀ ਪਿਆਰ ਤੇ ਭਾਈਚਾਰਾ ਬਣਿਆ ਰਹੇ ਅਤੇ ਲੋਕ ਕੇਸਾਂ ਰਾਹੀਂ ਹੁੰਦੀ ਪੈਸੇ ਅਤੇ ਸਮੇਂ ਦੀ ਬਰਬਾਦੀ ਤੋਂ ਬਚੇ ਰਹਿਣ।

## ਪੱਛਮੀ ਬੰਗਾਲ, ਆਸਾਮ ਤੇ ਪੁਡੂਚੇਰੀ 'ਚ ਸਰਕਾਰ ਬਣਨ 'ਤੇ ਲੱਡੂ ਵੰਡੇ



ਪਟਿਆਲਾ, 9 ਮਈ (ਰੁਪਾਣਾ) : ਤਿੰਨ ਰਾਜਾਂ ਪੱਛਮੀ ਬੰਗਾਲ, ਅਸਾਮ ਅਤੇ ਪੁਡੂਚੇਰੀ ਵਿੱਚ ਭਾਜਪਾ ਦੀ ਸ਼ਾਨਦਾਰ ਜਿੱਤ ਦਾ ਦੇਸ਼ ਭਰ ਵਿੱਚ ਜਸ਼ਨ ਮਨਾਇਆ ਜਾ ਰਿਹਾ ਹੈ। ਭਾਜਪਾ ਨੇਤਾ ਕੇ.ਕੇ. ਜੁਨੇਜਾ ਦੀ ਅਗਵਾਈ ਹੇਠ, ਵਿਕਾਸ ਨਗਰ, ਪਟਿਆਲਾ ਦੇ ਨਿਵਾਸੀਆਂ ਨੇ ਮਠਿਆਈਆਂ ਵੰਡ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ। ਜੁਨੇਜਾ ਨੇ ਕਿਹਾ ਕਿ ਭਾਜਪਾ ਦਾ ਕਮਲ ਹੁਣ 21 ਰਾਜਾਂ ਵਿੱਚ ਖਿੜ ਰਿਹਾ ਹੈ, ਅਤੇ ਦੇਸ਼ ਤਰੱਕੀ ਦੀ ਰਾਹ 'ਤੇ ਹੈ। ਉਨ੍ਹਾਂ ਅੱਗੇ ਕਿਹਾ ਕਿ ਪੂਰਾ ਪੰਜਾਬ 2027 ਦੇ ਸਾਲ ਦੀ ਬੇਸਬਰੀ ਨਾਲ ਉਡੀਕ ਕਰ ਰਿਹਾ ਹੈ, ਤਾਂ ਜੋ ਉਹ ਪੰਜਾਬ ਵਿੱਚ ਭਾਜਪਾ ਸਰਕਾਰ ਨੂੰ ਵੋਟ ਪਾ ਸਕਣ, ਤਾਂ ਜੋ ਰਾਜ ਇੱਕ ਵਾਰ ਫਿਰ ਤਰੱਕੀ ਕਰ ਸਕੇ। ਨਿਵਾਸੀਆਂ ਨੇ ਵੀ ਪੰਜਾਬ ਵਿੱਚ ਭਾਜਪਾ ਸਰਕਾਰ ਨੂੰ ਸੱਤਾ ਵਿੱਚ ਲਿਆਉਣ ਦੀ ਇੱਛਾ ਪ੍ਰਗਟਾਈ ਤਾਂ ਜੋ ਪੰਜਾਬ ਇੱਕ ਵਾਰ ਫਿਰ ਤਰੱਕੀ ਕਰ ਸਕੇ। ਭਵਨੀਸ਼, ਮੋਹਨ ਲਾਲ, ਜਸਵੰਤ ਸਿੰਘ, ਦਰਸ਼ਨ ਸਿੰਘ, ਜਸ਼ਨ ਆਦਿ ਇਸ ਮੌਕੇ ਮੌਜੂਦ ਸਨ।

## ਇੰਦਰਜੀਤ ਸਿੰਘ ਸੰਧੂ ਵੱਲੋਂ 'ਸ਼ੁਕਰਾਨਾ ਯਾਤਰਾ' ਦਾ ਪਟਿਆਲਾ ਪਹੁੰਚਣ 'ਤੇ ਸਵਾਗਤ

ਦੇਵੀਗੜ੍ਹ, 9 ਮਈ, (ਗੁਰਜੀਤ ਸਿੰਘ ਢੋਟ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ ਤੋਂ ਸ਼ਰਾਰਤ ਕਰਨ ਲਈ ਲਿਆ ਗਿਆ ਸਖ਼ਤ ਕਾਨੂੰਨੀ ਫ਼ੈਸਲੇ ਦੇ ਇਤਿਹਾਸਕ ਪ੍ਰਾਪਤੀ ਲਈ ਅੱਜ ਸ਼ੁਕਰਾਨਾ ਯਾਤਰਾ ਦੇ ਤੀਜੇ ਦਿਨ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁੱਜੀ ਸੰਗਤ ਅਤੇ ਲੋਕਾਂ ਦੇ ਅਥਾਹ ਪਿਆਰ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਅੱਜ ਵੀ ਇਮਾਨਦਾਰ ਅਤੇ ਲੋਕ ਪੱਖੀ ਸਰਕਾਰ ਦੇ ਨਾਲ ਡੱਟ ਕੇ ਖੜੇ ਹਨ। ਇਸ ਮੌਕੇ ਪੰਜਾਬ ਸਟੇਟ ਕੰਟੇਨਰ ਅਤੇ ਵੇਅਰ ਹਾਊਸਿੰਗ ਲਿਮਿਟਡ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਵੱਲੋਂ ਸ਼ੁਕਰਾਨਾ ਯਾਤਰਾ ਪਟਿਆਲਾ




ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਸੰਧੂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ ਤੇ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਬਣਾਇਆ ਗਿਆ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ' ਸਿੱਖ ਕੌਮ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨ ਵਾਲਾ ਇਤਿਹਾਸਿਕ ਕਦਮ ਹੈ, ਜਿਸ ਤਹਿਤ ਹੁਣ ਬੇਅਦਬੀ ਕਰਨ ਵਾਲੇ ਕਿਸੇ ਵੀ ਹਾਲਤ ਵਿੱਚ ਕਾਨੂੰਨ ਤੋਂ ਨਹੀਂ ਬਚ ਸਕਣਗੇ। ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਲੁੱਟਣ ਅਤੇ ਲੋਕਾਂ ਨੂੰ ਵੰਡਣ ਦੀ ਰਾਜਨੀਤੀ ਕੀਤੀ ਹੈ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਹਰ ਵਰਗ ਦੀ ਭਲਾਈ ਅਤੇ ਸਰਬੱਤ ਦੇ ਭਲੇ ਦੀ ਸੋਚ ਨਾਲ ਕੰਮ ਕਰ ਰਹੀ ਹੈ।

## 49 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 9 ਮਈ (ਵਿਨੋਦ ਸ਼ਰਮਾ) : ਥਾਣਾ ਲਾਹੋਰੀ ਗੇਟ ਪੁਲਿਸ ਕੋਲ ਕਰਨ ਪੁੱਤਰ ਸੁਨੀਲ ਕੁਮਾਰ ਵਾਸੀ ਗਾਂਧੀ ਨਗਰ ਲਾਹੋਰੀ ਗੇਟ ਪਟਿਆਲਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਇੱਕ ਕੰਪਲੇਟ ਜੋ ਕਿ ਸੈਫ ਪੰਜਾਬ ਦੇ ਬਣੇ ਪੋਰਟਲ ਵਿੱਚ ਮੌਸੂਲ ਹੋਈ ਕਿ ਕਥਿਤ ਦੋਸ਼ੀ ਨਸ਼ੇ ਕਰਨ ਦਾ ਆਦੀ ਹੈ ਜੋ ਮੋਕਾ ਪਰ ਰੇਡ ਕਰਕੇ ਦੋਸ਼ੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ ਤੇ ਤਲਾਸੀ ਦੌਰਾਨ ਦੋਸ਼ੀ ਪਾਸੋਂ 49 ਖੁੱਲੀਆਂ ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

## ਸਰਕਾਰੀ ਸਕੂਲ 'ਚ ਵਿਦਿਆਰਥਣਾਂ ਦਾ ਨੈਸ਼ਨਲ ਮੈਰਿਟ ਸਕਾਲਰਸ਼ਿੱਪ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ



ਸਮਾਣਾ, 9 ਮਈ (ਵਿਜੇ ਕੁਮਾਰ) : ਪੀ.ਐਮ.ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਕੰਨਿਆ ਸਕੂਲ ਸਮਾਣਾ ਦੀਆਂ ਹੋਣਹਾਰ ਵਿਦਿਆਰਥਣਾਂ ਨਵਰੀਤ ਕੌਰ ਤੇ ਕਿਰਤਜੋਤ ਕੌਰ ਨੇ ਭਾਰਤ ਸਰਕਾਰ ਵੱਲੋਂ ਕਰਵਾਈ ਜਾਂਦੀ ਨੈਸ਼ਨਲ ਮੈਰਿਟ ਸਕੌਲਰਸ਼ਿੱਪ ਪ੍ਰੀਖਿਆ ਵਿਚ ਸ਼ਾਨਦਾਰ ਸਫ਼ਲਤਾ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕੀਤਾ ਹੈ। ਇਨ੍ਹਾਂ ਵਿਦਿਆਰਥਣਾਂ ਨੂੰ ਸਕੂਲ ਇੰਚਾਰਜ ਸਤਨਾਮ ਸਿੰਘ ਅਤੇ ਅਧਿਆਪਕਾਂ ਸ਼੍ਰੀਮਤੀ ਵਨਿਤਾ ਅਤੇ ਜਸਪ੍ਰੀਤ ਕੌਰ ਵੱਲੋਂ ਵਧਾਈ ਦਿੰਦਿਆਂ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।

## ਐਸ.ਆਰ.ਐਸ. ਵਿਦਿਆਪੀਠ 'ਚ ਮਦਰਜ਼ ਡੇ ਮੌਕੇ ਵਿਸ਼ੇਸ਼ ਸਮਾਗਮ

ਸਮਾਣਾ, 9 ਮਈ (ਵਿਜੇ ਕੁਮਾਰ/ ਜਵੰਦਾ): ਐਸਆਰਐਸ ਵਿਦਿਆਪੀਠ ਵਿੱਚ ਮਦਰਜ਼ ਡੇ ਦੇ ਮੌਕੇ ਇੱਕ ਭਾਵਪੂਰਨ ਵਿਸ਼ੇਸ਼ ਅਸੈਂਬਲੀ ਅਤੇ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਂ ਪ੍ਰਤੀ ਪਿਆਰ, ਸਤਿਕਾਰ ਅਤੇ ਕ੍ਰਿਤਜਤਾ ਨੂੰ ਸੁੰਦਰ ਢੰਗ ਨਾਲ ਦਰਸਾਇਆ ਗਿਆ। ਇਸ ਮੌਕੇ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵਿਸ਼ੇਸ਼ ਅਸੈਂਬਲੀ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ ਅਤੇ ਉਸ ਤੋਂ ਬਾਅਦ ਸਕੂਲ ਗੀਤ ਪੇਸ਼ ਕੀਤਾ ਗਿਆ। ਇੱਕ ਦਿਲਚਸਪ ਸਟੇਜ ਕਵਿਜ਼ ਨੇ ਪ੍ਰੋਗਰਾਮ ਨੂੰ ਹੋਰ ਰੁਚਿਕਰ ਬਣਾਇਆ, ਜਦਕਿ ਮਦਰਜ਼ ਡੇ ਵਿਸ਼ੇ 'ਤੇ ਦਿੱਤੇ ਗਏ ਭਾਸ਼ਣ ਨੇ ਮਾਤਾਵਾਂ ਦੇ ਨਿਸ਼ਕਾਮ ਪਿਆਰ, ਤਿਆਗ ਅਤੇ ਯੋਗਦਾਨ ਨੂੰ ਭਾਵਪੂਰਨ



ਢੰਗ ਨਾਲ ਪ੍ਰਗਟ ਕੀਤਾ। ਕਿੰਡਰਗਾਰਟਨ ਦੇ ਵਿਦਿਆਰਥੀਆਂ ਨੇ ਰੰਗ ਭਰਨ ਅਤੇ ਸਮਾਈਲੀ ਬਣਾਉਣ ਵਾਲੀਆਂ ਗਤੀਵਿਧੀਆਂ ਵਿੱਚ ਭਾਗ ਲਿਆ, ਜਦਕਿ ਪ੍ਰਾਇਮਰੀ ਕਲਾਸਾਂ ਦੇ ਵਿਦਿਆਰਥੀਆਂ ਨੇ ਕਾਰਡ ਮੇਕਿੰਗ, ਸਲੋਗਨ ਰਾਈਟਿੰਗ ਅਤੇ ਡਰਾਇੰਗ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਮਿਡਲ ਅਤੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਲੈਟਰ ਰਾਈਟਿੰਗ, ਕਵਿਤਾ ਲੇਖਨ, ਪੋਸਟਰ ਮੇਕਿੰਗ ਅਤੇ ਧੰਨਵਾਦ ਸੰਦੇਸ਼ ਗਤੀਵਿਧੀਆਂ ਰਾਹੀਂ ਆਪਣੀਆਂ ਭਾਵਨਾਵਾਂ ਪ੍ਰਗਟ ਕੀਤੀਆਂ। ਸਕੂਲ ਦੇ ਪ੍ਰਿੰਸੀਪਲ ਡਾ. ਚੰਦਨਦੀਪ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਮਾਤਾ-ਪਿਤਾ, ਖਾਸ ਕਰਕੇ ਮਾਵਾਂ, ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ। ਇਹ ਪ੍ਰੋਗਰਾਮ ਚੇਅਰਮੈਨ ਸੀਏ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀਏ ਲਲਿਤ ਸਿੰਗਲਾ ਅਤੇ ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਦੇ ਮਾਰਗਦਰਸ਼ਨ ਹੇਠ ਆਯੋਜਿਤ ਕੀਤਾ ਗਿਆ। ਇਸ ਦਾ ਸਫਲ ਸੰਚਾਲਨ ਲਾਇਨ ਹਾਊਸ (ਡਿਊਟੀ ਹਾਊਸ) ਦੇ ਵਿਦਿਆਰਥੀਆਂ ਵੱਲੋਂ ਕੀਤਾ ਗਿਆ।

## ਪ੍ਰੋ. ਸਕਿੰਦਰ ਕੌਰ ਨੇ ਬਿਕਰਮ ਕਾਲਜ ਆਫ਼ ਕਾਮਰਸ ਵਿਖੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ

ਪਟਿਆਲਾ, 9 ਮਈ (ਚ.ਨ.ਸ) : ਪ੍ਰੋ. ਸਕਿੰਦਰ ਕੌਰ ਨੇ ਨਵਾਬ ਜੱਸਾ ਸਿੰਘ ਆਹਲੂਵਾਲੀਆ ਸਰਕਾਰੀ



ਕਾਲਜ ਕਪੂਰਥਲਾ ਤੋਂ ਤਬਦੀਲ ਹੋਣ ਉਪਰੰਤ ਰਸਮੀ ਤੌਰ 'ਤੇ ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਪਟਿਆਲਾ ਦੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲ ਲਿਆ ਹੈ। ਕਾਲਜ ਦੇ ਫੈਕਲਟੀ ਮੈਂਬਰਾਂ ਅਤੇ ਸਟਾਫ਼ ਵੱਲੋਂ ਪ੍ਰੋ. ਸਕਿੰਦਰ ਕੌਰ ਦਾ ਨਿੱਘਾ ਸਵਾਗਤ ਕੀਤਾ ਗਿਆ।ਅਹੁਦਾ ਸੰਭਾਲਣ ਮੌਕੇ ਪ੍ਰੋ. ਸਕਿੰਦਰ ਕੌਰ ਨੇ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਨਾਲ ਗੱਲਬਾਤ ਕੀਤੀ ਅਤੇ 'ਅਕਾਦਮਿਕ ਉੱਤਮਤਾ, ਅਨੁਸ਼ਾਸਨ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ' 'ਤੇ ਜ਼ੋਰ ਦਿੱਤਾ। ਇਸ ਮੌਕੇ ਸੇਵਾਮੁਕਤ ਪ੍ਰਿੰਸੀਪਲ ਪ੍ਰੋ. (ਡਾ.) ਕੁਸੁਮ ਲਤਾ, ਚਰਨਜੀਤ ਕੌਰ, ਪ੍ਰਿੰਸੀਪਲ ਬਲਵਿੰਦਰ ਸਿੰਘ ਵੜੈਚ, ਪ੍ਰਿੰਸੀਪਲ ਸਰਕਾਰੀ ਕਾਲਜ ਮਲੇਰਕੋਟਲਾ ਅਨੀਲਾ ਸੁਲਤਾਨਾ, ਪ੍ਰੋ. ਵੀਰਦੇਵ ਸਿੰਘ, ਪ੍ਰੋ. ਹਰਬੰਸ ਸਿੰਘ, ਪ੍ਰੋ. ਦੀਪਕ, ਪ੍ਰੋ. ਸੰਦੀਪ ਸਿੰਘ, ਪ੍ਰੋ. ਜਗਦੀਸ਼ ਕੌਰ, ਪ੍ਰੋ. ਸੰਦੀਪ ਕੁਮਾਰ ਅਤੇ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਹਾਜ਼ਰ ਸੀ।

## ਟੈਗੋਰ ਇੰਟਰਨੈਸ਼ਨਲ ਸਕੂਲ 'ਚ ਮਾਂ ਦਿਵਸ ਸਮਾਗਮ

ਦੇਵੀਗੜ੍ਹ, 9 ਮਈ (ਗੁਰਜੀਤ ਸਿੰਘ ਢੋਟ) : ਟੈਗੋਰ ਇੰਟਰਨੈਸ਼ਨਲ ਸਕੂਲ ਵਿੱਚ ਮਾਂ ਦਿਵਸ ਬੜੇ ਪਿਆਰ, ਸਤਿਕਾਰ ਅਤੇ ਭਾਵਨਾਤਮਕ ਮਾਹੌਲ ਵਿੱਚ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਨਰਸਰੀ ਤੋਂ ਲੈ ਕੇ ਦੂਜੀ ਕਲਾਸ ਤੱਕ ਦੇ ਵਿਦਿਆਰਥੀਆਂ ਦੀਆਂ ਮਾਵਾਂ ਨੂੰ ਸਕੂਲ ਵਿੱਚ ਸਨਮਾਨ ਸਹਿਤ ਸੱਦਾ ਦਿੱਤਾ ਗਿਆ। ਸਮਾਗਮ ਦੌਰਾਨ ਹਰ ਪਲ ਮਾਂ ਦੇ ਨਿਸ਼ਕਾਮ ਪਿਆਰ, ਤਿਆਗ ਅਤੇ ਮਮਤਾ ਨੂੰ ਸਮਰਪਿਤ ਨਜ਼ਰ ਆਇਆ। ਨੰਨੇ-ਮੁੰਨੇ ਬੱਚਿਆਂ ਵੱਲੋਂ ਆਪਣੀਆਂ ਮਾਵਾਂ ਲਈ ਪੇਸ਼ ਕੀਤੇ ਗਏ ਮਨਮੋਹਕ ਡਾਂਸ, ਮਿੱਠੇ ਗੀਤ ਅਤੇ ਭਾਵੁਕ ਪੇਸ਼ਕਾਰੀਆਂ ਨੇ ਹਰ ਇੱਕ ਦਾ ਦਿਲ ਜਿੱਤ ਲਿਆ। ਇਸ ਮੌਕੇ ਤੇ ਵਿਦਿਆਰਥੀਆਂ ਵੱਲੋਂ ਥੈਂਕ ਯੂ ਕਾਰਡ ਮੇਕਿੰਗ ਐਕਟਿਵਿਟੀ ਕਰਵਾਈ ਗਈ, ਜਿਸ ਵਿੱਚ ਬੱਚਿਆਂ ਨੇ ਆਪਣੀਆਂ ਮਾਵਾਂ ਲਈ ਸੁੰਦਰ ਕਾਰਡ ਤਿਆਰ ਕਰਕੇ ਆਪਣੇ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਇਸ ਤੋਂ ਇਲਾਵਾ ਕ੍ਰਾਊਨ ਮੇਕਿੰਗ ਐਕਟਿਵਿਟੀ



ਦੌਰਾਨ ਬੱਚਿਆਂ ਨੇ ਰੰਗ-ਬਿਰੰਗੇ ਤਾਜ ਤਿਆਰ ਕਰਕੇ ਆਪਣੀਆਂ ਮਾਵਾਂ ਨੂੰ ਕੁਈਨ ਆਫ ਮਾਈ ਲਾਈਫ ਦਾ ਖ਼ਿਤਾਬ ਦਿੱਤਾ। ਇਸ ਮੌਕੇ 'ਤੇ ਸਕੂਲ ਦੇ ਡਾਇਰੈਕਟਰ ਸ਼੍ਰੀ ਗੌਰਵ ਗੁਲਾਟੀ, ਪ੍ਰੈਜ਼ੀਡੈਂਟ ਸ੍ਰੀਮਤੀ ਸਲੋਨੀ ਗੁਲਾਟੀ, ਮੈਨੇਜਰ ਸ਼੍ਰੀ ਸੁਸ਼ੀਲ ਮਿਸ਼ਰਾ ਅਤੇ ਪ੍ਰਿੰਸੀਪਲ ਡਾ. ਮੀਨਾਕਸ਼ੀ ਸੂਦ ਨੇ ਸਾਰੀਆਂ ਮਾਵਾਂ ਨੂੰ ਮਾਂ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ, ਮਾਂ ਉਹ ਰੱਬੀ ਰੂਪ ਹੈ, ਜੋ ਆਪਣੀ ਮਮਤਾ ਨਾਲ ਬੱਚੇ ਦੀ ਹਰ ਪੀੜ ਨੂੰ ਖੁਸ਼ੀ ਵਿੱਚ ਬਦਲ ਦਿੰਦੀ ਹੈ। ਮਾਂ ਦਾ ਪਿਆਰ ਦੁਨੀਆਂ ਦੀ ਸਭ ਤੋਂ ਵੱਡੀ ਦੌਲਤ ਹੈ। ਸਮਾਗਮ ਦੇ ਅੰਤ ਵਿੱਚ ਸਾਰੀਆਂ ਮਾਵਾਂ ਨੇ ਸਕੂਲ ਦੇ ਇਸ ਸੁੰਦਰ ਉਪਰਾਲੇ ਦੀ ਦਿਲੋਂ ਸਰਾਹਨਾ ਕੀਤੀ।

## ਰੈਵੀਨਿਊ ਪਟਵਾਰ ਯੂਨੀਅਨ ਵੱਲੋਂ ਜ਼ਿਲ੍ਹਾ ਮਾਲ ਅਫ਼ਸਰ ਸੰਦੀਪ ਸਿੰਘ ਦਾ ਸਵਾਗਤ



ਪਟਿਆਲਾ, 9 ਮਈ (ਚ.ਨ.ਸ) : ਜ਼ਿਲ੍ਹਾ ਮਾਲ ਅਫ਼ਸਰ ਸੰਦੀਪ ਸਿੰਘ ਦਾ ਰੈਵੀਨਿਊ ਪਟਵਾਰ ਯੂਨੀਅਨ ਵੱਲੋਂ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ।ਸਮਾਗਮ ਦੌਰਾਨ ਮਿਲਣਸਾਰ ਮਾਹੌਲ ਵਿੱਚ ਜ਼ਿਲ੍ਹੇ ਨਾਲ ਸੰਬੰਧਿਤ ਵੱਖ-ਵੱਖ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਮੀਟਿੰਗ ਦੌਰਾਨ ਪਟਵਾਰੀਆਂ ਵੱਲੋਂ ਜ਼ਿਲ੍ਹਾ ਪੱਧਰ 'ਤੇ ਪੇਸ਼ ਆ ਰਹੀਆਂ ਪ੍ਰਸ਼ਾਸਨਿਕ ਅਤੇ ਤਕਨੀਕੀ ਸਮੱਸਿਆਵਾਂ ਨੂੰ ਵਿਸਥਾਰ ਨਾਲ ਰੱਖਿਆ। ਇਸਦੇ ਨਾਲ ਹੀ ਜ਼ਿਲ੍ਹੇ ਮਾਲ ਅਫ਼ਸਰ ਵੱਲੋਂ ਸਾਰੇ ਪਟਵਾਰੀ ਸਾਹਿਬਾਨ ਨੂੰ ਆਪਣੀਆਂ ਡਿਊਟੀਆਂ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਐਸ.ਡੀ.ਐਮ. ਰਾਜਪੁਰਾ ਸੁਖਜਿੰਦਰ ਸਿੰਘ, ਤਹਿਸੀਲਦਾਰ ਪਾਤੜਾਂ ਹਰਸਿਮਰਨ ਸਿੰਘ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਖੰਗੂੜਾ, ਜ਼ਿਲ੍ਹਾ ਖਜ਼ਾਨਚੀ ਜਸਪ੍ਰੀਤ ਸਿੰਘ, ਕਾਨੂੰਗੋ ਰਜਿੰਦਰ ਸਿੰਘ, ਕਾਨੂੰਗੋ ਰਜਿੰਦਰ ਸਿੰਘ ਬਰਾੜ ਜੁਆਇੰਟ ਸਕੱਤਰ ਪੰਜਾਬ ਡਿਪਲ ਗਰਗ, ਸਤਬੀਰ ਸਿੰਘ ਅਤੇ ਜਸਪ੍ਰੀਤ ਸਿੰਘ ਸਮੇਤ ਹੋਰ ਸਾਥੀ ਹਾਜ਼ਰ ਸਨ।

## ਸਰਕਾਰ ਵੱਲੋਂ ਸਹਿਕਾਰੀ ਸਭਾਵਾਂ ਦੇ ਕਰਮਚਾਰੀਆਂ ਦੀ ਹੜਤਾਲ ਦੇ ਡਰ ਤੋਂ ਕਿਸਾਨਾਂ ਲਈ ਵਧਾਇਆ ਹੱਦ ਕਰਜ਼ਾ ਵਾਪਸ ਲੈਣਾ ਮੰਦਭਾਗਾ : ਸ਼ਾਦੀਪੁਰ

ਭੁਨਰਹੇੜੀ, 9 ਮਈ (ਗੁਰਜੀਤ ਸਿੰਘ ਢੋਟ) : ਸਰਕਾਰ ਵੱਲੋਂ ਸਹਿਕਾਰੀ ਸਭਾਵਾਂ ਦੇ ਵਿਚਾਰੀਆਂ ਵੱਲੋਂ ਕੀਤੀ ਹੜਤਾਲ ਦੇ ਡਰ ਤੋਂ ਕਿਸਾਨਾਂ ਲਈ ਵਧਾਏ ਗਏ ਹੱਦ ਕਰਜੇ ਨੂੰ ਸਰਕਾਰ ਵੱਲੋਂ ਵਾਪਸ ਲੈਣਾ ਬਹੁਤ ਹੀ ਮੰਦਭਾਗਾ ਅਤੇ ਨਿੰਦਣਯੋਗ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੇ ਪ੍ਰਧਾਨ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਜਥੇਦਾਰ ਬੂਟਾ ਸਿੰਘ ਸ਼ਾਦੀਪੁਰ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਗਿਆ। ਉਹਨਾਂ ਕਿਹਾ ਕਿ 9 ਮਈ ਤੋਂ ਪਿੰਡਾਂ ਵਿੱਚ ਝੰਡਾ ਮਾਰਚ ਸ਼ੁਰੂ ਕਰਕੇ ਲੋਕਾਂ ਨੂੰ ਜਾਗਰੂਤ ਕੀਤਾ ਜਾਵੇਗਾ ਕਿ ਪੰਜਾਬ ਸਰਕਾਰ ਵੱਲੋਂ ਜੋ ਕਿਸਾਨਾਂ ਦੇ ਹੱਕਾਂ ਤੇ ਡਾਕਾ ਮਾਰਿਆ ਗਿਆ। ਸ਼ਾਦੀਪੁਰ ਨੇ ਕਿਹਾ ਕਿ ਪਹਿਲਾਂ ਹੀ ਸੱਤ ਅੱਠ ਸਾਲ ਬਾਅਦ ਫਸਲੀ ਲਿਮਿਟ ਵਿੱਚ ਕਿਸਾਨਾਂ ਨੂੰ ਮਿਲਦੀ ਉਹਦੇ ਵਿੱਚ ਗੁਣਾ



ਜਿਹਾ ਵਾਧਾ ਕਰਕੇ ਸਹਿਕਾਰੀ ਬੈਂਕਾਂ ਦੇ ਮੁਲਾਜ਼ਮਾਂ ਦੀ ਹੜਤਾਲ ਦੇ ਡਰ ਤੋਂ ਉਹ ਵਾਧਾ ਵੀ ਵਾਪਸ ਲੈ ਲਿਆ ਗਿਆ ਤੇ ਕਿਸਾਨਾਂ ਦੇ ਨਾਲ ਬਹੁਤ ਵੱਡਾ ਧਰੋ ਕਮਾਇਆ ਜਿਸ ਦੀ ਭਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਘੋਰ ਨਿੰਦਿਆ ਕੀਤੀ ਜਾਂਦੀ ਹੈ। ਇਸ ਦੇ ਸੰਬੰਧ ਵਿੱਚ ਸਾਡਾ ਕੱਲ ਡੈਪੂਟੇਸ਼ਨ ਸਰਕਾਰੀ ਸਭਾਵਾਂ ਦੇ ਰਜਿਸਟਰਾਰ ਨੂੰ ਮਿਲ ਕੇ ਨਵੇਂ ਹੱਦ ਕਰਜੇ ਜੋ ਸਰਕਾਰ ਵੱਲੋਂ ਰੱਦ ਕੀਤੇ ਗਏ ਉਹਨਾਂ ਨੂੰ ਲਾਗੂ ਕਰਨ ਵਾਸਤੇ ਮੰਗ ਪੱਤਰ ਦੇ ਕੇ 15 ਤਰੀਕ ਤੱਕ ਦਾ ਸਮਾਂ ਦਿੱਤਾ ਗਿਆ। ਸ਼ਾਦੀਪੁਰ ਨੇ ਕਿਹਾ ਜੇਕਰ ਸਰਕਾਰ ਨੇ ਸਾਡੀਆਂ ਕਿਸਾਨੀ ਮੰਗਾਂ ਨਾ ਪੂਰੀਆਂ ਕੀਤੀਆਂ ਤਾਂ ਤਿੱਖਾ ਸੰਘਰਸ਼ ਸਰਕਾਰ ਖਿਲਾਫ ਛੇੜਿਆ ਜਾਊਗਾ। ਇਸ ਮੌਕੇ ਤੇ ਜਥੇਬੰਦੀ ਦੇ ਪ੍ਰਧਾਨ ਤੇ ਐਸਕੇਐਮ ਦੇ ਆਗੂ ਬੂਟਾ ਸਿੰਘ ਸ਼ਾਦੀਪੁਰ, ਹਰਬੰਸ ਸਿੰਘ ਦਦੇੜਾ, ਕੈਪਟਨ ਮੇਜਰ ਸਿੰਘ, ਭੁਪਿੰਦਰ ਸਿੰਘ ਸ਼ੰਕਰਪੁਰ, ਗੁਰਮੇਸ਼ ਸਿੰਘ ਅਲੀਪੁਰ ਹਾਕਮ ਸਿੰਘ ਬੂਹੀ ਭਗਵੰਤ ਸਿੰਘ ਗੁਰਾਇਆ ਬਲਦੇਵ ਸਿੰਘ ਅਬਦੁਲਪੁਰ ਗੁਰਬਾਜ ਸਿੰਘ ਪਿਲਖਣੀ ਨਿਸ਼ਾਨ ਸਿੰਘ ਪਿਲਖਣੀ ਹਰਭਜਨ ਸਿੰਘ ਸ਼ਹਿਰੀ ਪ੍ਰਧਾਨ ਬਲਕਾਰ ਸਿੰਘ ਭਜਨ ਸਿੰਘ ਨੀਲਪੁਰ ਸੁਖਵਿੰਦਰ ਸਿੰਘ ਨੰਬਰਦਾਰ ਗੁਰਲਾਲ ਸਿੰਘ ਖੇੜੀ ਰਣਜੀਤ ਸਿੰਘ ਮਿਆਲਾ ਜਸਵੰਤ ਸਿੰਘ ਖਦਾਦਪੁਰ ਸ਼ਬੇਗ ਸਿੰਘ ਚਰਨਜੀਤ ਸਿੰਘ ਬਾਜਵਾ ਬੂਟਾ ਸਿੰਘ ਠਾਕੁਰਗੜ੍ਹ ਲੱਖਾ ਸਿੰਘ ਵਿਰਕ ਅਮਰਜੀਤ ਸਿੰਘ ਲੱਭੀ ਸੋਨੂ ਮੁਹੱਬਤਪੁਰ ਬਿੱਟੂ ਮਹੱਬਤਪੁਰ ਲੱਖਾ ਸਿੰਘ ਸੰਸਾਰ ਸਿੰਘ ਸ਼ਾਦੀਪੁਰ ਖੁੱਡਾ ਗੁਰਚਰਨ, ਹੈਪੀ ਕੁਪੀਆਂ ਗੁਰਵਿੰਦਰ ਰੋੜ ਸਿੰਘ ਪਾਲਾ ਸਿੰਘ ਸਨੌਰ ਦੇਵਰਾਜ ਸ਼ਰਮਾ ਫਰਿਆਦ ਸਿੰਘ ਕਸ਼ਮੀਰ ਸਿੰਘ ਕਾਲਾ ਸਿੰਘ ਡਰੋਲੀ ਦਲਬਾਗ ਸਿੰਘ ਪਾਤੜਾ ਪੰਮੀ ਅਤੇ ਕਾਲਾ ਗਜੂ ਮਾਜਰਾ ਆਦਿ ਮੌਜੂਦ ਸਨ।

## ਦਰਬਾਰ ਬਾਬਾ ਨੌਂ ਗਜਾ 'ਉਰਸ ਮੇਲਾ' ਦੁੱਲੜ ਅਮਿੱਟ ਪੈੜ੍ਹਾਂ ਛੱਡਦਾ ਸੰਪੰਨ



ਸਮਾਣਾ, 9 ਮਈ (ਹਰਜਿੰਦਰ ਸਿੰਘ ਜਵੰਦਾ) : ਦਰਬਾਰ ਪੀਰ ਬਾਬਾ ਨੌ ਗਜਾ ਪਿੰਡ ਦੁੱਲੜ ਵਿਖੇ ਗੱਦੀ ਨਸ਼ੀਨ ਇਮਰਾਨ ਸ਼ਾਹ ਦੀ ਅਗਵਾਈ ਹੇਠ ਸਲਾਨਾ 'ਉਰਸ ਮੇਲਾ' ਬਹੁਤ ਹੀ ਧੂਮ-ਧਾਮ ਅਤੇ ਸ਼ਰਧਾਪੂਰਵਕ ਕਰਵਾਇਆ ਗਿਆ। ਜਿੱਥੇ ਇਲਾਕੇ ਭਰ ਤੋਂ ਵੱਡੀ ਗਿਣਤੀ 'ਚ ਸੰਗਤਾਂ ਦਰਗਾਹ 'ਤੇ ਨਤਮਸਤਕ ਹੋਣ ਲਈ ਪੁੱਜੀਆਂ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਜਗਮੀਤ ਸਿੰਘ ਹਰਿਆਊ, ਕਾਂਗਰਸ ਦੀ ਜ਼ਿਲ੍ਹਾ ਪ੍ਰਧਾਨ ਮੈਡਮ ਗੁਰਸ਼ਰਨ ਕੌਰ ਰੰਧਾਵਾ, ਬਾਬਾ ਜੰਟਾ ਜੀ ਦਰਗਾਹ ਬਾਬਾ ਸਯੀਅਦ ਅਲੀ ਰਾਜਲਾ, ਰਣਜੀਤ ਸਾਈਂ, ਵਰਿੰਦਰ ਸਾਂਈ ਅਤੇ ਸੋਨੂੰ ਢੋਟ ਆਦਿ ਨੇ ਹਾਜ਼ਰੀ ਭਰੀ ਅਤੇ ਪੀਰ ਬਾਬਾ ਨੌਂਗਜਾ ਜੀ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਗਾਇਕ ਹਰਜੀਤ ਸਿੱਧੂ ਅਤੇ ਪ੍ਰਵੀਨ ਦਰਦੀ ਵੱਲੋਂ ਆਪਣੀ ਗਾਇਕੀ ਨਾਲ ਸੰਗਤਾਂ ਨੂੰ ਮੰਤਰ ਮੁਗਧ ਕੀਤਾ ਗਿਆ।ਦਰਬਾਰ ਗੱਦੀ ਨਸ਼ੀਨ ਇਮਰਾਨ ਸ਼ਾਹ ਨੇ ਦੱਸਿਆ ਕਿ ਇਸ ਮੇਲੇ ਨੂੰ ਪਿੰਡ ਦੀ ਸਮੂਹ ਪੰਚਾਇਤ, ਨੌਜਵਾਨਾਂ ਅਤੇ ਐਨ.ਆਰ.ਆਈ ਨੌਜਵਾਨਾਂ ਦਾ ਬਹੁਤ ਵੱਡਾ ਸਹਿਯੋਗ ਮਿਲਦਾ ਹੈ ਅਤੇ ਉਹ ਸਭ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ।

## ਵਿਸ਼ਵ ਰੈੱਡ ਕਰਾਸ ਦਿਵਸ ਮੌਕੇ ਸਮਾਜ ਸੇਵੀਆਂ ਨੂੰ 'ਲਾਈਫ ਅਚੀਵਮੈਂਟ ਐਵਾਰਡ' ਨਾਲ ਨਿਵਾਜਿਆ




ਪਟਿਆਲਾ, 9 ਮਈ (ਚ.ਨ.ਸ) : ਡਿਪਟੀ ਕਮਿਸ਼ਨਰ ਪਟਿਆਲਾ-ਕਮ-ਪ੍ਰੈਸੀਡੈਂਟ ਰੈੱਡ ਕ੍ਰਾਸ ਸੋਸਾਇਟੀ ਪਟਿਆਲਾ ਦੀ ਰਹਿਨੁਮਾਈ ਹੇਠ, ਸਿਵਲ ਸਰਜਨ ਪਟਿਆਲਾ-ਕਮ-ਵਾਇਸ ਪ੍ਰੈਸੀਡੈਂਟ ਰੈੱਡ ਕ੍ਰਾਸ ਸੋਸਾਇਟੀ ਵੱਲੋਂ 'ਵਿਸ਼ਵ ਰੈੱਡ ਕਰਾਸ ਦਿਵਸ' ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮਾਨਵਤਾ ਦੀ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਮਾਗਮ ਦੌਰਾਨ ਸੀ.ਐਮ.ਓ. ਪਟਿਆਲਾ ਵੱਲੋਂ ਰੈੱਡ ਕਰਾਸ ਦੇ ਸਰਗਰਮ ਮੈਂਬਰਾਂ ਅਤੇ ਸਮਾਜ ਸੇਵੀਆਂ ਨੂੰ ਉਨ੍ਹਾਂ ਦੀਆਂ ਨਿਸ਼ਕਾਮ ਸੇਵਾਵਾਂ ਬਦਲੇ 'ਲਾਈਫ ਅਚੀਵਮੈਂਟ ਐਵਾਰਡ' ਦੇ ਕੇ ਸਨਮਾਨਿਤ ਕੀਤਾ ਗਿਆ।ਹਰਿੰਦਰ ਸਿੰਘ ਕਰੀਰ (ਰਾਸ਼ਟਰਪਤੀ ਐਵਾਰਡੀ ਅਤੇ ਅਸਿਸਟੈਂਟ ਕਮਿਸ਼ਨਰ ਸੈਂਟ ਜੌਹਨ), ਕੇ. ਐਸ. ਖੰਨਾ, ਕੇ.ਕੇ. ਬਾਂਸਲ, ਜਸਪਾਲ ਸਿੰਘ, ਰਣਜੀਤ ਸਿੰਘ, ਜਰਨੈਲ ਸਿੰਘ, ਧਰਮਪਾਲ, ਰਾਜੇਸ਼ ਕੁਮਾਰ, ਬਲਬੀਰ ਸਿੰਘ, ਵਿਕਾਸ ਕੰਬੋਜ ਅਤੇ ਸਤਵੰਤ ਸਿੰਘ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸਿਵਲ ਸਰਜਨ ਨੇ ਕਿਹਾ ਕਿ ਰੈੱਡ ਕਰਾਸ ਸੋਸਾਇਟੀ ਦਾ ਮੁੱਖ ਉਦੇਸ਼ ਦੁਖੀ ਅਤੇ ਲੋੜਵੰਦ ਮਾਨਵਤਾ ਦੀ ਸਹਾਇਤਾ ਕਰਨਾ ਹੈ। ਉਨ੍ਹਾਂ ਸਨਮਾਨਿਤ ਮੈਂਬਰਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਸ਼ਖਸੀਅਤਾਂ ਨੇ ਹਮੇਸ਼ਾ ਅੱਗੇ ਹੋ ਕੇ ਸਮਾਜਿਕ ਕਾਰਜਾਂ ਵਿੱਚ ਹਿੱਸਾ ਲਿਆ ਹੈ, ਜੋ ਕਿ ਦੂਜਿਆਂ ਲਈ ਪ੍ਰੇਰਨਾ ਸਰੋਤ ਹੈ।

## 'ਕਾਵਿ ਲੋਕ ਪੁਰਸਕਾਰ' ਉੱਘੇ ਕਵੀ ਅਮਰਜੀਤ ਕੌਂਕੇ ਨੂੰ ਦੇਣ ਦਾ ਐਲਾਨ

ਪਟਿਆਲਾ, 9 ਮਈ (ਚ.ਨ.ਸ) : ਅਦਾਰਾ 'ਕਾਵਿ ਲੋਕ' ਵੱਲੋਂ ਹਰ ਸਾਲ ਦਿੱਤਾ ਜਾਂਦਾ 'ਕਾਵਿਲੋਕ ਪੁਰਸਕਾਰ' ਇਸ ਵਾਰ ਪੰਜਾਬੀ ਦੇ ਉੱਘੇ ਕਵੀ ਡਾ.ਅਮਰਜੀਤ ਕੌਂਕੇ ਨੂੰ ਉਹਨਾਂ ਦੀ ਕਾਵਿ-ਕਿਤਾਬ 'ਇਸ ਧਰਤੀ 'ਤੇ ਰਹਿੰਦਿਆਂ' ਲਈ ਦਿੱਤਾ ਜਾਵੇਗਾ। ਇਹ ਐਲਾਨ ਕਰਦਿਆਂ 'ਕਾਵਿਲੋਕ' ਦੀ ਪ੍ਰਬੰਧਕੀ ਸੰਪਾਦਕ ਪਰਮਜੀਤ ਕੌਰ ਨੇ ਦੱਸਿਆ ਕਿ ਸਾਲ 2025 ਵਿੱਚ ਛਪੀਆਂ ਕਾਵਿ-ਕਿਤਾਬਾਂ ਬਾਰੇ ਕਰਵਾਏ ਗਏ ਸਰਵੇਖਣ ਅਤੇ ਮਾਹਿਰਾਂ ਦੀ ਰਾਏ ਅਨੁਸਾਰ ਆਖ਼ਰੀ ਦੌਰ ਵਿੱਚ ਪਹੁੰਚੀਆਂ ਕਿਤਾਬਾਂ ਵਿੱਚੋਂ ਇਹ ਕਿਤਾਬ ਪੁਰਸਕਾਰ ਲਈ ਚੁਣੀ ਗਈ ਹੈ। ਪਰਮਜੀਤ ਕੌਰ ਨੇ ਦੱਸਿਆ ਕਿ ਪੁਰਸਕਾਰ ਬਾਰੇ ਆਖ਼ਰੀ ਫ਼ੈਸਲਾ ਕਰਨ ਵਾਲੀ ਮਾਹਿਰਾਂ ਦੀ ਕਮੇਟੀ ਵਿੱਚ ਉੱਘੇ ਕਵੀ ਅਤੇ ਆਲੋਚਕ ਡਾਕਟਰ ਲਖਵਿੰਦਰ ਸਿੰਘ ਜੌਹਲ (ਕਨਵੀਨਰ), ਜਗਤ ਗੁਰੂ ਨਾਨਕ ਦੇਵ ਓਪਨ ਯੂਨੀਵਰਸਿਟੀ ਦੇ ਪ੍ਰੋਫ਼ੈਸਰ ਡਾ. ਅਮਰਜੀਤ ਸਿੰਘ ਅਤੇ ਉੱਘੀ ਲੇਖਿਕਾ ਹਰਪ੍ਰੀਤ ਕੌਰ ਸੰਧੂ ਸ਼ਾਮਿਲ ਸਨ। ਉਹਨਾਂ ਦੱਸਿਆ ਕਿ ਇਸ ਪੁਰਸਕਾਰ ਵਿੱਚ 21000 ਰੁਪਏ ਨਕਦ,ਸਨਮਾਨ ਚਿੰਨ੍ਹ ਅਤੇ ਦੁਸ਼ਾਲਾ ਜਲਦੀ ਹੀ ਇੱਕ ਵਿਸ਼ਾਲ ਸਮਾਗਮ ਕਰਕੇ ਭੇਟ ਕੀਤਾ ਜਾਵੇਗਾ। ਵਰਨਣਯੋਗ ਹੈ ਕਿ ਅਮਰਜੀਤ ਕੌਂਕੇ ਦੇ ਹੁਣ ਤੱਕ ਪੰਜਾਬੀ ਵਿੱਚ ਅੱਠ, ਹਿੰਦੀ ਵਿੱਚ ਪੰਜ ਕਾਵਿ-ਸੰਗ੍ਰਿਹ ਪ੍ਰਕਾਸ਼ਿਤ ਹੋ ਚੁੱਕੇ ਹਨ ਅਤੇ ਉਨ੍ਹਾਂ ਨੇ 40 ਤੋਂ ਵੱਧ ਪੁਸਤਕਾਂ ਦਾ ਹਿੰਦੀ ਤੋਂ ਪੰਜਾਬੀ ਤੇ ਪੰਜਾਬੀ ਤੋਂ ਹਿੰਦੀ ਵਿੱਚ ਅਨੁਵਾਦ ਕਰ ਚੁੱਕੇ ਹਨ। ਇਸ ਤੋਂ ਪਹਿਲਾਂ ਇਸ ਪੁਸਤਕ ਲਈ ਉਨ੍ਹਾਂ ਨੂੰ ਭਾਈ ਕਾਹਨ ਸਿੰਘ ਰਚਨਾ ਵਿਚਾਰ ਮੰਚ ਨਾਭਾ ਵੱਲੋਂ ਕੰਵਰ ਚੌਹਾਨ ਯਾਦਗਾਰੀ ਪੁਰਸਕਾਰ ਅਤੇ ਸਾਹਿਤ ਸਭਾ ਭਵਾਨੀਗੜ੍ਹ ਵੱਲੋਂ ਲੋਕ ਕਵੀ ਸੰਤ ਰਾਮ ਉਦਾਸੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ।



ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਿਹ॥

ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ



ਡਾ. ਸਰਬ ਸਿੰਘ ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ
ਅੱਜ ਦਾ ਪ੍ਰੋਗਰਾਮ
10-5-2026
ਦਿਨ-ਐਤਵਾਰ



ਭਾਈ ਤਖਤ ਸਿੰਘ ਜੀ ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਗੁਰੂ ਨਾਨਕ ਨਗਰ (ਗਲੀ ਨੰ: 9) ਪਟਿਆਲਾ।

ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।
ਸੰਪਰਕ ਕਰੋ : 98887-42047, 99157-70074

ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ

